19-DEC-PAGE-1.qxd 12/18/2024 11:14 PM Page 1

ਵੀਰਵਾਰ, 19 ਦਸੰਬਰ, 2024
5 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 199

ਨਵਾਂ ਜ਼ਮਾਨਾ

DAILY NAWAN ZAMANA • THURSDAY, 19 DECEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਐੱਸ ਕੇ ਐੱਮ ਵੱਲੋਂ 23 ਨੂੰ ਡੀ ਸੀ ਦਫ਼ਤਰਾਂ ਅੱਗੇ ਧਰਨੇ

ਚੰਡੀਗੜ੍ਹ : ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਮੀਟਿੰਗ ਕਿਸਾਨ ਭਵਨ ਚੰਡੀਗੜ੍ਹ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਜੋਗਿੰਦਰ ਸਿੰਘ ਉਗਰਾਹਾਂ, ਮਨਜੀਤ ਸਿੰਘ ਧਨੇਰ ਫੁਰਮਾਨ ਸਿੰਘ ਸੰਧੂ ਅਤੇ ਜੰਗਵੀਰ ਸਿੰਘ ਚੌਹਾਨ ਨੇ ਕੀਤੀ। ਮੀਟਿੰਗ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ 'ਤੇ ਚਿੰਤਾ ਪ੍ਰਗਟ ਕਰਦਿਆਂ ਕੇਂਦਰ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਕਿਹਾ ਕਿ ਕੇਂਦਰ ਸਰਕਾਰ ਨੇ ਜਾਣਬੁੱਝ ਕੇ ਸ਼ੰਭੂ ਅਤੇ ਖਨੌਰੀ ਬਾਰਡਰਾਂ 'ਤੇ ਚੱਲ ਰਹੇ ਕਿਸਾਨ ਸੰਘਰਸ਼ ਤੋਂ ਅੱਖਾਂ ਬੰਦ ਕੀਤੀਆਂ ਹੋਈਆਂ ਹਨ।

ਸੰਯੁਕਤ ਕਿਸਾਨ ਮੋਰਚਾ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਉਹ ਬਾਰਡਰਾਂ 'ਤੇ ਚੱਲ ਰਹੇ ਕਿਸਾਨਾਂ ਦੇ ਸੰਘਰਸ਼ ਅਤੇ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ ਅੱਖੋਂ ਪਰੋਖੇ ਕਰਕੇ ਗੈਰ ਜ਼ਿੰਮੇਵਾਰੀ ਵਾਲੀ ਪਹੁੰਚ ਦਾ ਤਿਆਗ ਕਰ ਕੇ ਤੁਰੰਤ ਗੱਲਬਾਤ ਸ਼ੁਰੂ ਕਰੇ, ਕਿਸਾਨਾਂ ਨੂੰ ਦਿੱਲੀ ਜਾਣ ਦੀ ਇਜਾਜ਼ਤ ਦੇਵੇ, ਸ਼ਾਂਤਮਈ ਢੰਗ ਨਾਲ ਦਿੱਲੀ ਜਾਣ ਵਾਲੇ ਕਿਸਾਨਾਂ 'ਤੇ ਜਬਰ ਬੰਦ ਕਰੇ ਅਤੇ ਐਮ ਐਸ ਪੀ ਗਰੰਟੀ ਕਾਨੂੰਨ ਸਮੇਤ ਦਿੱਲੀ ਦੇ ਇਤਿਹਾਸਕ ਕਿਸਾਨ ਘੋਲ ਵੇਲੇ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਤੁਰੰਤ ਲਾਗੂ ਕਰੇ। ਸੰਯੁਕਤ ਕਿਸਾਨ ਮੋਰਚਾ ਪੰਜਾਬ ਨੇ ਜਗਜੀਤ ਸਿੰਘ ਡੱਲੇਵਾਲ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ।ਸੰਯੁਕਤ ਕਿਸਾਨ ਮੋਰਚਾ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਉਪਰੋਕਤ ਗੈਰ ਜ਼ਿੰਮੇਵਾਰੀ ਵਾਲੇ ਰਵੱਈਏ ਖਿਲਾਫ 23 ਦਸੰਬਰ ਨੂੰ ਦੇਸ਼ ਦੇ ਸਾਰੇ ਜ਼ਿਲ੍ਹਿਆਂ ਵਿੱਚ ਧਰਨੇ ਦੇਣ ਦਾ ਪ੍ਰੋਗਰਾਮ ਐਲਾਨ ਕੀਤਾ ਹੈ। ਇਨ੍ਹਾਂ ਧਰਨਿਆਂ ਦੀ ਤਿਆਰੀ ਵਾਸਤੇ 20 ਦਸੰਬਰ ਨੂੰ ਸਾਰੇ ਜ਼ਿਲ੍ਹਿਆਂ ਵਿੱਚ ਤਿਆਰੀ ਮੀਟਿੰਗਾਂ ਕੀਤੀਆਂ ਜਾਣਗੀਆਂ।ਸੰਯੁਕਤ ਕਿਸਾਨ ਮੋਰਚੇ ਨੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਏਕਤਾ ਸਬੰਧੀ ਗੱਲਬਾਤ ਮੁੜ ਸ਼ੁਰੂ ਕਰਨ ਲਈ ਭੇਜੀ ਚਿੱਠੀ 'ਤੇ ਵਿਚਾਰ ਕਰਕੇ ਫੈਸਲਾ ਕੀਤਾ ਕਿ ਪਹਿਲਾਂ ਹੀ ਸੰਯੁਕਤ ਕਿਸਾਨ ਮੋਰਚੇ ਵੱਲੋਂ ਬਣਾਈ ਹੋਈ ਛੇ ਮੈਂਬਰੀ ਏਕਤਾ ਕਮੇਟੀ ਦੁਬਾਰਾ ਫਿਰ ਗੱਲਬਾਤ ਸ਼ੁਰੂ ਕਰੇਗੀ। ਇਸ ਲਈ 21 ਦਸੰਬਰ ਨੂੰ ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ, ਦੋਵੇਂ ਫੋਰਮਾਂ ਨੂੰ ਮੀਟਿੰਗ ਲਈ ਸੱਦਾ ਦਿੱਤਾ ਜਾਵੇਗਾ ।ਸੰਯੁਕਤ ਕਿਸਾਨ ਮੋਰਚਾ ਨੇ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੇ ਕੌਮੀ ਖੇਤੀ ਮੰਡੀ ਨੀਤੀ ਫਰੇਮ ਵਰਕ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਦਿੱਲੀ ਦੇ ਇਤਿਹਾਸਕ ਕਿਸਾਨ ਘੋਲ ਦੁਆਰਾ ਰੱਦ ਕਰਵਾਏ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਚੋਰ ਮੋਰੀ ਰਾਹੀਂ ਲਾਗੂ ਕਰਨ ਦੀ ਸਾਜਿਸ਼ ਹੈ। ਸੰਯੁਕਤ ਕਿਸਾਨ ਮੋਰਚਾ ਇਸ ਦੀ ਕਦਾਚਿੱਤ ਵੀ ਇਜਾਜ਼ਤ ਨਹੀਂ ਦੇਵੇਗਾ। ਇਸ ਸਾਜਿਸ਼ ਦਾ ਵਿਰੋਧ ਕਰਨ ਲਈ 24 ਦਸੰਬਰ ਨੂੰ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਮੀਟਿੰਗ ਕਿਸਾਨ ਭਵਨ ਵਿਖੇ ਬੁਲਾ ਲਈ ਗਈ ਹੈ, ਜਿਸ ਵਿੱਚ ਵੱਡੇ ਜਥੇਬੰਦਕ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ।

ਮੀਟਿੰਗ ਵਿੱਚ ਪ੍ਰਧਾਨਗੀ ਮੰਡਲ ਤੋਂ ਇਲਾਵਾ ਬਲਬੀਰ ਸਿੰਘ ਰਾਜੇਵਾਲ, ਬਲਦੇਵ ਸਿੰਘ ਨਿਹਾਲਗੜ੍ਹ, ਪ੍ਰੇਮ ਸਿੰਘ ਭੰਗੂ, ਨਿਰਭੈ ਸਿੰਘ ਢੁੱਡੀ ਕੇ, ਹਰਿੰਦਰ ਸਿੰਘ ਲੱਖੋਵਾਲ, ਜਗਮੋਹਣ ਸਿੰਘ ਪਟਿਆਲਾ, ਹਰਮੀਤ ਸਿੰਘ ਕਾਦੀਆਂ, ਡਾਕਟਰ ਸਤਨਾਮ ਸਿੰਘ ਅਜਨਾਲਾ, ਡਾਕਟਰ ਦਰਸ਼ਨ ਪਾਲ , ਕਿਰਪਾ ਸਿੰਘ ਨੱਥੂਵਾਲਾ, ਰੁਲਦੂ ਸਿੰਘ ਮਾਨਸਾ, ਬਿੰਦਰ ਸਿੰਘ ਗੋਲੇਵਾਲਾ, ਬੋਘ ਸਿੰਘ ਮਾਨਸਾ, ਬਲਵਿੰਦਰ ਸਿੰਘ ਰਾਜੂ, ਮਲੂਕ ਸਿੰਘ ਹੀਰਕੇ, ਵੀਰ ਸਿੰਘ ਬੜਵਾ, ਨਛੱਤਰ ਸਿੰਘ ਜੈਤੋ, ਕਿਰਨਜੀਤ

● ਬਾਕੀ ਸਫ਼ਾ 2 'ਤੇ

ਕਾਮਰੇਡ ਅਣਖੀ ਦੀ ਬਰਸੀ ਜੋਸ਼ੋ-ਖਰੋਸ਼ ਨਾਲ ਮਨਾਈ

ਪਾਵਰ ਸੈਕਟਰ ਨੂੰ ਕੌਡੀਆਂ ਦੇ ਭਾਅ ਨਿੱਜੀ ਕੰਪਨੀਆਂ ਹਵਾਲੇ ਕਰਨ ਵਿਰੁੱਧ ਵੱਡੀ ਲਾਮਬੰਦੀ ਦਾ ਸੱਦਾ

ਪਟਿਆਲਾ : ਬਿਜਲੀ ਕਾਮਿਆਂ ਦੀ ਸ਼ੰਘਰਸੀਲ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ: ਨੰਬਰ 41 ਦੇ ਆਗੂ ਅਤੇ ਵਰਕਰ ਸਾਬਕਾ ਸੂਬਾ ਪ੍ਰਧਾਨ ਮਰਹੂਮ ਕਾਮਰੇਡ ਭਗਵਾਨ ਸਿੰਘ ਅਣਖੀ ਦੀ 33 ਵੀਂ ਬਰਸੀ ਬੁੱਧਵਾਰ ਸਥਾਨਕ ਫੈਕਟਰੀ ਏਰੀਆ ਵਿਖੇ ਬਣੇ ਅਣਖੀ ਯਾਦਗਾਰੀ ਭਵਨ ਵਿੱਚ ਹਰੇਕ ਸਾਲ ਦੀ ਤਰਾਂ ਪੂਰੇ ਜੋਸ਼ੋ - ਖਰੋਸ਼ ਨਾਲ ਮਨਾਉਣ ਲਈ ਪੂਰੇ ਪੰਜਾਬ ਤੋਂ ਕਾਫਲੇ ਬੰਨ੍ਹ ਕੇ ਆਪਣੇ ਆਗੂਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਵਹੀਰਾਂ ਘੱਤ ਕੇ ਪਹੁੰਚੇ । ਇਸ ਸਮਾਗਮ ਦੇ ਸ਼ੁਰੂ ਵਿੱਚ ਜਥੇਬੰਦੀ ਦਾ ਲਾਲ ਝੰਡਾ ਲਹਿਰਾਉਣ ਦੀ ਰਸਮ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਨਿਭਾਈ। ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾਂ ਸੂਬਾ ਜਨਰਲ ਸਕੱਤਰ ਸਰਿੰਦਰਪਾਲ ਲਹੌਰੀਆ ਨੇ ਜਥੇਬੰਦੀ ਦੇ ਸਾਬਕਾ ਸੂਬਾ ਪ੍ਰਧਾਨ ਕਾਮਰੇਡ ਭਗਵਾਨ ਸਿੰਘ ਅਣਖੀ, ਸਤਨਾਮ ਸਿੰਘ ਛਲੇੜੀ, ਐਚ ਐਸ ਪ੍ਰਮਾਰ, ਮਹਿੰਦਰ ਸਿੰਘ ਬਟਾਲਾ, ਦਰਸ਼ਨ ਸਿੰਘ ਢਿੱਲੋਂ, ਦਿਲਬਾਗ ਸਿੰਘ ਅਟਵਾਲ, ਬਸੰਤ ਰਾਮ ਵੇਰਕਾ, ਰਣਜੀਤ ਸਿੰਘ ਬਿੰਝੋਕੀ, ਗੁਰਬਖਸ਼ ਸਿੰਘ, ਤੇਜਿੰਦਰ ਸਿੰਘ ਮੋਹੀ, ਪਦਮ ਸਿੰਘ ਠਾਕੁਰ, ਰਾਜਿੰਦਰ ਸਿੰਘ ਭੱਠਲ, ਮੁਸਤਾਕ ਮਸੀਹ ਆਦਿ ਲਹਿਰਾਂ ਵਿੱਚ ਕੰਮ ਕਰਦਿਆਂ ਵਿਛੜ ਚੁੱਕੇ ਆਗੂਆਂ ਅਤੇ ਨਾਮਵਰ ਸ਼ਖਸੀਅਤਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕਰਨ ਉਪਰੰਤ ਬਕਾਇਦਾ ਤੌਰ 'ਤੇ ਸਮਾਗਮ ਦੀ ਸ਼ੁਰੂਆਤ ਕੀਤੀ।ਇਸ ਸਮਾਗਮ ਦੀ ਪ੍ਰਧਾਨਗੀ ਸਾਂਝੇ ਤੌਰ 'ਤੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ ਹਜ਼ਾਰਾ, ਪ੍ਰਦਿਉਮਨ ਗੌਤਮ, ਬਲਵਿੰਦਰ ਸਿੰਘ ਉਦੀਪੁਰ , ਮਨਜੀਤ ਸਿੰਘ ਬਾਸਰਕੇ, ਕਰਤਾਰ ਸਿੰਘ ਦੇ ਅਧਾਰਤ ਸਾਂਝੇ ਪ੍ਰਧਾਨਗੀ ਮੰਡਲ ਨੇ ਕੀਤੀ । ਇਸ ਸਮਾਗਮ ਦਾ ਉਦਘਾਟਨੀ ਭਾਸ਼ਣ ਸੂਬਾ ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ ਨੇ ਕਰਦਿਆਂ ਕਿਹਾ ਕਿ ਕਾਮਰੇਡ ਭਗਵਾਨ ਸਿੰਘ ਅਣਖੀ ਅਤੇ ਮਹਿੰਦਰ ਸਿੰਘ ਬਟਾਲਾ ਦੀ ਸੁਚੱਜੀ ਅਗਵਾਈ ਹੇਠ 1986 ਦੇ ਪੇ ਸਕੇਲਾਂ ਦੀ ਸੁਧਾਈ ਸਮੇਂ ਬਿਜਲੀ ਕਾਮਿਆਂ ਨੂੰ 9 / 16 / 23 ਸਾਲਾ ਸਕੇਲ ਦਿਵਾਉਣ ਦਾ ਮਿਸਾਲੀ ਕੰਮ ਨੇਪਰੇ ਚੜ੍ਹਿਆ ਸੀ। ਜਿਸ ਦਾ ਅਣਖੀ ਦੇ ਵਾਰਿਸਾਂ ਨੂੰ ਹਮੇਸ਼ਾ ਮਾਣ ਰਹੇਗਾ । ਉਨ੍ਹਾਂ ਕਿਹਾ ਕਿ ਵਿਛੜ ਗਏ ਹੋਰ ਆਗੂਆਂ ਵੱਲੋਂ ਜਥੇਬੰਦੀ ਦੇ ਆਗੂ ਹੁੰਦਿਆਂ ਮੁਲਾਜ਼ਮ ਲਹਿਰ ਲਈ ਪਾਏ ਵਡਮੁੱਲੇ ਯੋਗਦਾਨ ਨੂੰ ਯਾਦ ਰੱਖਦਿਆਂ ਬਿਜਲੀ ਕਾਮਿਆਂ ਨੂੰ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਰਵੱਈਏ ਖਿਲਾਫ਼ ਰਹਿੰਦੀਆਂ ਪੈਂਡਿੰਗ ਮੰਗਾਂ ਦੀ ਪ੍ਰਾਪਤੀ ਲਈ ਹੋਰ ਲਾਮਬੰਦੀ ਕਰਕੇ ਤਿੱਖੇ ਸ਼ੰਘਰਸਾਂ ਲਈ ਕਮਰਕੱਸੇ ਕਰਨੇ ਚਾਹੀਦੇ ਹਨ। ਇਸ ਮੌਕੇ ਹੋਏ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਏਟਕ ਦੇ ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕਾਮਰੇਡ ਭਗਵਾਨ ਸਿੰਘ ਅਣਖੀ ਸਮੇਤ ਵਿਛੜੇ ਆਗੂਆਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਮਜ਼ਦੂਰ ਜਮਾਤ ਦੀ ਬੰਦਖਲਾਸੀ ਲਈ ਅਣਖੀ ਸਮੇਤ ਏਟਕ ਦੀ ਲੀਡਰਸ਼ਿਪ ਦਾ ਰੋਲ ਹਮੇਸ਼ਾ ਸ਼ਲਾਘਾ ਯੋਗ ਰਿਹਾ ਹੈ ਜੋ ਇਤਿਹਾਸ ਵਿੱਚ ਦਰਜ ਹੈ ਜਿਵੇਂ ਦੇਸ਼ ਦੇ ਮੁਲਾਜ਼ਮਾਂ ਨੂੰ 1996 ਦੇ ਸਕੇਲਾਂ ਦੀ ਸੁਧਾਈ ਸਮੇਂ ਏਟਕ ਦੇ ਆਗੂ ਕਾਮਰੇਡ ਇੰਦਰਜੀਤ ਗੁਪਤਾ ਨੇ ਦੇਸ਼ ਦਾ ਹੋਮ ਮੰਤਰੀ ਹੁੰਦੇ ਹੋਏ ਸਕੇਲ ਸੋਧਣ ਵਾਲੀ ਕਮੇਟੀ ਦਾ ਚੈਅਰਮੈਨ ਹੋਣ ਦੀ ਹੈਸੀਅਤ ਵਿੱਚ 40 ਪ੍ਰਤੀਸ਼ਤ ਦਾ ਵਾਧਾ ਦਿੱਤਾ ਸੀ । ਜਿਸ ਦਾ ਮੁਲਾਜ਼ਮ ਜਮਾਤ ਨੂੰ ਬਹੁਤ ਵੱਡਾ ਫਾਇਦਾ ਹੋਇਆ ਸੀ ਪਰ ਹੁਣ ਪੂੰਜੀਪਤੀਆਂ ਦੇ ਦਬਾਅ ਹੇਠ ਹਾਕਮ ਜਮਾਤਾਂ ਮਿਹਨਤਕਸ਼ ਜਮਾਤ ਦੇ ਵਿਰੁੱਧ ਫੈਸਲੇ ਲੈ ਰਹੀਆਂ ਹਨ ਜਿਵੇਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਪਹਿਲੀਆਂ ਸਰਕਾਰਾਂ ਨਾਲੋਂ ਦੋ ਕਦਮ ਅੱਗੇ ਜਾ ਕੇ ਮੁਲਾਜ਼ਮਾਂ / ਮਜ਼ਦੂਰਾਂ ਸਮੇਤ ਸਮੁੱਚੇ ਮਿਹਨਤਕਸ਼ ਲੋਕਾਂ ਦੇ

● ਬਾਕੀ ਸਫ਼ਾ 2 'ਤੇ

ਉਮਰ ਖਾਲਿਦ ਨੂੰ ਹਫਤੇ ਦੀ ਅੰਤਰਮ ਜ਼ਮਾਨਤ

ਨਵੀਂ ਦਿੱਲੀ : ਐਡੀਸ਼ਨਲ ਸੈਸ਼ਨਜ਼ ਜੱਜ ਸਮੀਰ ਬਾਜਪਈ ਨੇ ਬੁੱਧਵਾਰ ਇੱਕ ਵਿਆਹ 'ਚ ਸ਼ਾਮਲ ਹੋਣ ਲਈ ਜੇ ਐੱਨ ਯੂ ਦੇ ਵਿਦਿਆਰਥੀ ਉਮਰ ਖਾਲਿਦ ਨੂੰ 28 ਦਸੰਬਰ ਤੋਂ 3 ਜਨਵਰੀ ਤਕ ਦੀ ਅੰਤਰਮ ਜ਼ਮਾਨਤ ਦੇ ਦਿੱਤੀ। ਉਹ 2020 'ਚ ਉੱਤਰ-ਪੂਰਬੀ ਦਿੱਲੀ ਦੰਗਿਆਂ ਪਿਛਲੀ ਸਾਜ਼ਿਸ਼ ਵਿੱਚ ਕਥਿਤ ਤੌਰ 'ਤੇ ਸ਼ਾਮਲ ਹੋਣ ਦੇ ਦੋਸ਼ 'ਚ ਸਤੰਬਰ 2020 ਤੋਂ ਜੇਲ੍ਹ 'ਚ ਹੈ।

ਆਈ ਈ ਐੱਸ 'ਚ ਆਲ ਇੰਡੀਆ ਚੌਥਾ ਰੈਂਕ

ਪਟਿਆਲਾ : ਪੰਜਾਬੀ ਯੂਨੀਵਰਸਿਟੀ ਦੇ ਅਰਥਸ਼ਾਸਤਰ ਵਿਭਾਗ ਦੀ ਖੋਜਾਰਥੀ ਗੀਤਿਕਾ ਗੁਪਤਾ ਨੇ ਯੂ ਪੀ ਐੱਸ ਸੀ ਵੱਲੋਂ ਕਰਵਾਈ ਗਈ ਉੱਚ ਪ੍ਰਤੀਯੋਗਤਾ ਇੰਡੀਅਨ ਇਕਨਾਮਿਕ ਸਰਵਿਸਿਜ਼ (ਆਈ ਈ ਐੱਸ) 2024 ਵਿੱਚ ਆਲ ਇੰਡੀਆ ਚੌਥਾ ਰੈਂਕ ਪ੍ਰਾਪਤ ਕੀਤਾ ਹੈ। ਗੀਤਿਕਾ ਯੂਨੀਵਰਸਿਟੀ 'ਚ ਪੀ ਐੱਚ ਡੀ ਕਰ ਰਹੀ ਹੈ। ਗੀਤਿਕਾ ਨੇ ਕਿਹਾ ਕਿ ਉਸ ਦੀ ਇਸ ਸਫਲਤਾ ਵਿਚ ਯੂਨੀਵਰਸਿਟੀ ਦੇ ਅਧਿਆਪਕਾਂ ਤੇ ਅਕਾਦਮਿਕ ਮਾਹੌਲ ਦਾ ਵੱਡਾ ਯੋਗਦਾਨ ਹੈ। ਉਸ ਨੇ ਨਿਰੰਤਰ ਸਹਿਯੋਗ ਅਤੇ ਸੂਝਵਾਨ ਮਾਰਗਦਰਸ਼ਨ ਲਈ ਆਪਣੇ ਨਿਗਰਾਨ ਡਾ. ਸਰਬਜੀਤ ਸਿੰਘ ਅਤੇ ਡਾ. ਰਵਿਤਾ ਦਾ ਵਿਸ਼ੇਸ਼ ਧੰਨਵਾਦ ਕੀਤਾ।

ਅਡਵਾਨੀ ਦੀ ਸਿਹਤ 'ਚ ਸੁਧਾਰ

ਨਵੀਂ ਦਿੱਲੀ : ਭਾਜਪਾ ਦੇ ਸੀਨੀਅਰ ਆਗੂ ਲਾਲ ਕ੍ਰਿਸ਼ਨ ਅਡਵਾਨੀ (97), ਜੋ ਕਿ ਇੰਦਰਪ੍ਰਸਥ ਅਪੋਲੋ ਹਸਪਤਾਲ 'ਚ ਦਾਖਲ ਹਨ, ਦੀ ਸਿਹਤ 'ਚ ਸੁਧਾਰ ਹੋ ਰਿਹਾ ਅਤੇ ਉਨ੍ਹਾਂ ਨੂੰ ਇੱਕ-ਦੋ ਦਿਨਾਂ 'ਚ ਇਨਸੈਂਟਿਵ ਕੇਅਰ ਯੂਨਿਟ (ਆਈ ਸੀ ਯੂ) 'ਚੋਂ ਬਾਹਰ ਤਬਦੀਲ ਕੀਤਾ ਜਾ ਸਕਦਾ ਹੈ। ਸਾਬਕਾ ਉਪ ਪ੍ਰਧਾਨ ਮੰਤਰੀ ਅਡਵਾਨੀ ਮੈਡੀਕਲ ਜਾਂਚ ਲਈ 12 ਦਸੰਬਰ ਤੋਂ ਆਈ ਸੀ ਯੂ ਵਿੱਚ ਡਾ. ਵਿਨੀਤ ਸੂਰੀ ਦੀ ਦੇਖਰੇਖ ਹੇਠ ਹਨ।

ਡੋਭਾਲ ਦੀ ਚੀਨੀ ਵਿਦੇਸ਼ ਮੰਤਰੀ ਨਾਲ ਬੈਠਕ

ਬੀਜਿੰਗ : ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਤੇ ਚੀਨ ਦੇ ਵਿਦੇਸ਼ ਮੰਤਰੀ ਵੈਂਗ ਯੀ ਨੇ ਬੁੱਧਵਾਰ ਇੱਥੇ ਬੈਠਕ ਕੀਤੀ, ਜਿਸ ਦਾ ਮੁੱਖ ਮਕਸਦ ਪੂਰਬੀ ਲੱਦਾਖ ਵਿਚ ਦੋਵਾਂ ਮੁਲਕਾਂ ਦੀਆਂ ਫੌਜਾਂ ਦਰਮਿਆਨ ਜਮੂਦ ਕਰਕੇ ਦੁਵੱਲੇ ਰਿਸ਼ਤਿਆਂ ਵਿੱਚ ਆਈ ਖੜੋਤ ਨੂੰ ਖਤਮ ਕਰਨਾ ਸੀ। ਭਾਰਤੀ ਵਫਦ ਦੀ ਅਗਵਾਈ ਕਰ ਰਹੇ ਡੋਭਾਲ 'ਵਿਸ਼ੇਸ਼ ਨੁਮਾਇੰਦਿਆਂ' ਦੀ 23ਵੇਂ ਗੇੜ ਦੀ ਗੱਲਬਾਤ ਵਿੱਚ ਸ਼ਾਮਲ ਹੋਣ ਲਈ ਮੰਗਲਵਾਰ ਇੱਥੇ ਪੁੱਜੇ ਸਨ। ਵਿਸ਼ੇਸ਼ ਨੁਮਾਇੰਦਿਆਂ ਦੀ ਇਹ ਗੱਲਬਾਤ ਪੰਜ ਸਾਲਾਂ ਦੇ ਵਕਫੇ ਮਗਰੋਂ ਹੋ ਰਹੀ ਹੈ। ਗੱਲਬਾਤ ਚੀਨੀ ਸਮੇਂ ਮੁਤਾਬਕ ਸਵੇਰੇ 10 ਵਜੇ ਸ਼ੁਰੂ ਹੋਈ।

ਅਸ਼ਵਿਨ ਵੱਲੋਂ ਸੰਨਿਆਸ ਦਾ ਐਲਾਨ

ਬ੍ਰਿਸਬੇਨ : ਭਾਰਤ ਦੇ ਤਜਰਬੇਕਾਰ ਆਫ ਸਪਿੰਨਰ ਰਵੀਚੰਦਰਨ ਅਸ਼ਵਿਨ ਨੇ ਬੁੱਧਵਾਰ ਆਸਟਰੇਲੀਆ ਖਿਲਾਫ ਜਾਰੀ ਟੈਸਟ ਲੜੀ ਦਰਮਿਆਨ ਕੌਮਾਂਤਰੀ ਕ੍ਰਿਕਟ ਤੋਂ ਫੌਰੀ ਸੰਨਿਆਸ ਲੈਣ ਦਾ ਐਲਾਨ ਕਰਕੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ। ਉਸ ਨੇ ਅਨਿਲ ਕੁੰਬਲੇ (619) ਤੋਂ ਬਾਅਦ ਸਭ ਤੋਂ ਵੱਧ (537) ਵਿਕਟ ਲਏ ਹਨ। ਉਂਝ ਅਸ਼ਵਿਨ ਕਲੱਬ ਕ੍ਰਿਕਟ ਖੇਡਦਾ ਰਹੇਗਾ। ਅਸ਼ਵਿਨ ਨੇ ਬ੍ਰਿਸਬੇਨ ਵਿੱਚ ਤੀਜਾ ਟੈਸਟ ਮੈਚ ਡਰਾਅ ਰਹਿਣ ਮਗਰੋਂ ਕਪਤਾਨ ਰੋਹਿਤ ਸ਼ਰਮਾ ਨਾਲ ਸਾਂਝੀ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ—ਮੈਂ ਤੁਹਾਡਾ ਵਧੇਰੇ ਸਮਾਂ ਨਹੀਂ ਲਵਾਂਗਾ। ਇਹ ਭਾਰਤੀ ਟੀਮ ਦੇ ਕ੍ਰਿਕਟਰ ਵਜੋਂ ਮੇਰਾ ਆਖਰੀ ਦਿਨ ਹੈ।

ਮਾਨ ਵੱਲੋਂ ਜਲੰਧਰ 'ਚ ਰੋਡ ਸ਼ੋਅ

ਜਲੰਧਰ (ਅਲਬਰਟ ਸ਼ੈਲੀ)-ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ ਜਲੰਧਰ 'ਚ ਨਗਰ ਨਿਗਮ ਚੋਣਾਂ ਲਈ 'ਆਪ' ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ। ਉਨ੍ਹਾਂ ਇੱਥੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਇੱਕ ਵੱਡਾ ਰੋਡ ਸ਼ੋਅ ਕੀਤਾ ਅਤੇ ਲੋਕਾਂ ਨੂੰ 'ਆਪ' ਦੇ ਉਮੀਦਵਾਰਾਂ ਨੂੰ ਜਿਤਾਉਣ ਲਈ ਸਮਰਥਨ ਦੇਣ ਦੀ ਅਪੀਲ ਕੀਤੀ।

ਰੋਡ ਸ਼ੋਅ ਵਿੱਚ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ, ਕੈਬਿਨਟ ਮੰਤਰੀ ਮੋਹ

19-DEC-PAGE-1.qxd 12/18/2024 11:14 PM Page 2

ਜਸਪ੍ਰੀਤ ਕੌਰ ਨੂੰ ਇਨਸਾਫ ਦਿਵਾ ਕੇ ਰਹਾਂਗੇ : ਸੰਘਰਸ਼ ਇਨਸਾਫ ਕਮੇਟੀ

ਨਿਹਾਲ ਸਿੰਘ ਵਾਲਾ (ਲਵਲੀ) ਜਸਪ੍ਰੀਤ ਕੌਰ ਇਨਸਾਫ਼ ਦਿਵਾਉ ਐਕਸ਼ਨ ਕਮੇਟੀ ਵੱਲੋਂ ਜਸਪ੍ਰੀਤ ਕੌਰ ਦੇ ਸਹੁਰੇ ਪਰਵਾਰ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਨਾ ਕੀਤੇ ਜਾਣ ਖ਼ਿਲਾਫ਼ ਬਿਲਾਸਪੁਰ ਚੌਕੀ ਇੰਚਾਰਜ ਦਾ ਪਿਛਲੇ ਦਿਨੀਂ ਪੁਤਲਾ ਫੂਕਿਆ ਗਿਆ।

ਐਕਸ਼ਨ ਕਮੇਟੀ ਦੇ ਆਗੂਆਂ ਨੇ ਦੋਸ਼ ਲਾਇਆ ਕਿ ਪੁਲਸ ਪ੍ਰਸ਼ਾਸਨ ਵੱਲੋਂ ਜਸਪ੍ਰੀਤ ਕੌਰ ਦੇ ਨਾਲ ਧੋਖਾਧੜੀ ਕਰਕੇ ਉਸਦੇ ਪਤੀ ਜੋ ਪਹਿਲਾਂ ਵੀ ਸ਼ਾਦੀਸ਼ੁਦਾ ਸੀ ਤੇ ਪਰਚਾ ਦਰਜ ਕਰਕੇ ਡੰਗ ਟਪਾਇਆ ਜਾ ਰਿਹਾ ਹੈ, ਜਦਕਿ ਜਸਪ੍ਰੀਤ ਕੌਰ ਦੇ ਸਹੁਰੇ ਪਰਵਾਰ ਦੇ ਬਾਕੀ ਮੈਂਬਰਾਂ ਨੂੰ ਵੀ ਉਸਦੇ ਪਤੀ ਦੇ ਪਹਿਲੇ ਵਿਆਹ ਦੀ ਪੂਰੀ ਜਾਣਕਾਰੀ ਸੀ ਕਿਉਂਕਿ ਉਸਦੇ ਸਹੁਰੇ ਦੇ ਲੜਕੇ ਦੇ ਪਹਿਲੇ ਵਿਆਹ ਦੇ ਮੈਰਿਜ ਸਰਟੀਫਿਕੇਟ ਤੇ ਦਸਤਖ਼ਤ ਤੱਕ ਕੀਤੇ ਹੋਏ ਹਨ।ਪਰ ਇਸ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਲੜਕੀ ਦੇ ਸਹੁਰਾ ਪਰਵਾਰ ਦੇ ਬਾਕੀ ਪਰਵਾਰਕ ਮੈਂਬਰਾਂ ਖ਼ਿਲਾਫ਼ ਕਾਰਵਾਈ ਕਰਨ ਤੋਂ ਟਾਲ ਮਟੋਲ ਕਰ ਰਿਹਾ ਹੈ।

ਐਕਸ਼ਨ ਕਮੇਟੀ ਵੱਲੋਂ ਐਲਾਨ ਕੀਤਾ ਗਿਆ ਕਿ ਜੇਕਰ ਰਹਿੰਦੇ ਦੋਸ਼ੀਆਂ ਖਿਲਾਫ਼ ਕਾਰਵਾਈ ਨਾ ਕੀਤੀ ਗਈ ਤਾਂ ਐਕਸ਼ਨ ਕਮੇਟੀ ਵੱਲੋਂ ਸਥਾਨਕ ਵਿਧਾਇਕ ਦਾ ਵੀ ਪੁਤਲਾ ਫੂਕਿਆ ਜਾਵੇਗਾ।

ਸੰਘਰਸ਼ ਇਨਸਾਫ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਜੋ ਜਸਪ੍ਰੀਤ ਕੌਰ ਦਾ ਸਹੁਰਾ ਰਣਜੀਤ ਸਿੰਘ ਹੈ ਉਹ ਇੱਕ ਪੁਲਸ ਦੇ ਵਿੱਚ ਨੌਕਰੀ ਕਰ ਰਿਹਾ ਤੇ ਕਿਸੇ ਵੱਡੇ ਪੁਲਸ ਅਧਿਕਾਰੀ ਦਾ ਗਨਮੈਨ ਜਾਂ ਡਰਾਈਵਰ ਦੱਸਿਆ ਜਾ ਰਿਹਾ, ਇਸ ਕਰਕੇ ਉਹ ਆਪਣੀ ਪਹੁੰਚ ਬਣਾ ਕੇ ਆਪਣੇ ਤੇ ਪਰਚਾ ਦਰਜ ਨਹੀਂ ਹੋਣ ਦਿੰਦਾ। ਪਰਚਾ ਉਨ੍ਹਾਂ ਦੇ ਸੱਤ ਜਾਣਿਆ 'ਤੇ ਹੈ, ਜੋ ਇਸ ਸਾਰੇ ਕੰਮ ਵਿੱਚ ਸ਼ਾਮਲ ਹਨ ਸਾਰਿਆਂ ਤੇ ਪਰਚਾ ਕਰਨ ਦਾ ਫਰਜ਼ ਬਣਦਾ ਹੈ ਕਿਉਂਕਿ ਇੱਕ ਧੀ ਧਿਆਣੀ ਨੂੰ ਗਲਤ ਤਰੀਕੇ ਨਾਲ ਵਿਆਹ ਕੇ ਲਿਜਾਣਾ ਕਿੱਥੋਂ ਦੀ ਸਿਆਣਪ ਹੈ ਜਾਂ ਕਿੱਥੋਂ ਦਾ ਇਨਸਾਫ ਹੈ।

ਲੜਕੀ ਦੇ ਕਹਿਣ ਮੁਤਾਬਕ ਕਿ ਮੈਨੂੰ ਤਾਂ ਉਦੋਂ ਪਤਾ ਲੱਗਿਆ ਜਦ ਮੈਨੂੰ ਉਸ ਪਹਿਲੇ ਵਿਆਹ ਵਾਲੀ ਲੜਕੀ ਦਾ ਮੈਸੇਜ ਮੇਰੇ ਘਰ ਵਾਲੇ ਲੜਕੇ ਜਸਪ੍ਰੀਤ ਸਿੰਘ ਦੇ ਫੋਨ 'ਤੇ ਆਇਆ ਤਾਂ ਇਸ ਟਾਇਮ ਉਹ ਸੁੱਤੇ ਪਏ ਸਨ ਤਾਂ ਮੈਂ ਜਦੋਂ ਮੈਸੇਜ ਦੇਖਿਆ ਤਾਂ ਉਨ੍ਹਾਂ ਨੂੰ ਪੁੱਛਿਆ ਤੁਸੀਂ ਕੌਣ ਬੋਲ ਰਹੇ ਹੋ ਤਾਂ ਉਹ ਅੱਗਿਓਂ ਲੜਕੀ ਬੋਲੀ ਤੁਸੀਂ ਕੌਣ ਬੋਲ ਰਹੇ ਹੋ।

ਜਸਪ੍ਰੀਤ ਨੇ ਕਿਹਾ ਕਿ ਮੈਂ ਉਸਦੀ ਘਰਵਾਲੀ ਬੋਲ ਰਹੀ ਹਾਂ ਤਾਂ ਅੱਗੋਂ ਉਸਨੇ ਕਿਹਾ ਉਸ ਦੀ ਘਰਵਾਲੀ ਤਾਂ ਮੈਂ ਹਾਂ।ਲੜਕੀ ਜਸਪ੍ਰੀਤ ਦੇ ਕਹਿਣ ਮੁਤਾਬਿਕ ਜਦ ਮੈਂ ਉਸ ਨੂੰ ਆਪਣੇ ਚੂੜੇ ਦੀ ਫੋਟੋ ਪਾਈ ਤਾਂ ਉਹ ਹੱਕੀ-ਬੱਕੀ ਰਹਿ ਗਈ। ਉਸ ਤੋਂ ਬਾਅਦ ਮੇਰੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ ਕਿ ਮੇਰੇ ਨਾਲ ਇਹਨਾਂ ਨੇ ਬੇਇਨਸਾਫੀ ਕੀਤੀ ਹੈ।

ਜਦ ਮੈਂ ਜਸਪ੍ਰੀਤ ਨਾਲ ਗੱਲ ਕੀਤੀ ਤਾਂ ਉਹਨੇ ਮੈਨੂੰ ਕੁੱਟਣਾ ਮਾਰਨਾ ਸ਼ੁਰੂ ਕਰ ਦਿੱਤਾ। ਲੜਕੀ ਜਸਪ੍ਰੀਤ ਕੌਰ ਨੇ ਕਿਹਾ ਕਿ ਜੇ ਮੈਨੂੰ ਇਨਸਾਫ ਨਹੀਂ ਮਿਲਦਾ ਤਾਂ ਮੈਂ ਚੌਕੀ ਦੇ ਮੂਹਰੇ ਹੀ ਆਤਮਦਾਹ ਕਰ ਲਵਾਂਗੀ।

40 ਲੀਟਰ ਲਾਹਣ ਸਮੇਤ ਔਰਤ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਥਾਣਾ ਕੁੱਲਗੜ੍ਹੀ ਪੁਲਿਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਔਰਤ ਨੂੰ 40 ਲੀਟਰ ਲਾਹਣ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਹੌਲਦਾਰ ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਪਿੰਡ ਵਲੂਰ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ਣ ਜਸਪ੍ਰੀਤ ਕੌਰ ਉਰਫ ਭੋਲੀ ਪਤਨੀ ਦਵਿੰਦਰ ਸਿੰਘ ਵਾਸੀ ਪਿੰਡ ਵਲੂਰ ਨਾਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦੀ ਆਦੀ ਹੈ। ਜੇਕਰ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੀ ਹੈ। ਪੁਲਸ ਪਾਰਟੀ ਵੱਲੋਂ ਛਾਪੇਮਾਰੀ ਕਰਕੇ ਉਕਤ ਦੋਸ਼ਣ ਨੂੰ ਕਾਬੂ ਕਰਕੇ ਉਸ ਦੇ ਕਬਜੇ ਵਿਚੋਂ 40 ਲੀਟਰ ਲਾਹਣ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ਣ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸੈਮੀਨਾਰ ਕਰਾਇਆ

ਨਾਭਾ (ਵਰਿੰਦਰ ਵਰਮਾ) ਇੰਪਰੂਵਮੈਂਟ ਟਰੱਸਟ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਵੱਲੋਂ ਛੋਟੇ ਸਾਹਿਬਜ਼ਾਦਿਆਂ ਦਾ ਲਾਸਾਨੀ ਸ਼ਹਾਦਤ ਨੂੰ ਸਮਰਪਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਬਰਪੁਰ ਵਿਖੇ ਸੈਮੀਨਾਰ ਕਰਾਇਆ ਗਿਆ ਅਤੇ ਬੱਚਿਆਂ ਨੂੰ ਇਤਿਹਾਸ ਨਾਲ ਸੰਬੰਧਿਤ ਕਿਤਾਬਾਂ ਵੀ ਦਿੱਤੀਆਂ ਗਈਆਂ।

ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਵੱਲੋਂ ਸਕੂਲ ਵਿੱਚ ਖੇਡਾਂ, ਪੜ੍ਹਾਈ ਅਤੇ ਅਨੁਸ਼ਾਸਨ ਵਿੱਚ ਅਵੱਲ ਆਉਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸਨਮਾਨਤ ਕਰਨ ਉਪਰੰਤ ਚੇਅਰਮੈਨ ਸਰਿੰਦਰ ਪਾਲ ਸ਼ਰਮਾ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਸ਼ਮੇਸ਼ ਪਿਤਾ ਦੇ ਜਿਗਰ ਦੇ ਟੋਟੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਜੀ ਦੀ ਲਾਸਾਨੀ ਤੇ ਅਦੁਤੀ ਸ਼ਹਾਦਤ ਦੀ ਮਿਸਾਲ ਦੁਨੀਆ ਉੱਤੇ ਕਿਧਰੇ ਵੀ ਨਹੀਂ ਮਿਲਦੀ, ਜਿਨ੍ਹਾਂ ਨੇ ਭਾਵੇਂ ਨਿੱਕੀਆਂ ਉਮਰਾਂ ਹੋਣ ਦੇ ਬਾਵਜੂਦ ਵੱਡੇ ਸਾਕੇ ਕਰ ਦਿਖਾਏ।

ਸਰਹੰਦ ਦੇ ਸੂਬੇ ਵਜੀਦ ਖਾਨ ਵੱਲੋਂ ਇਸਲਾਮ ਕਬੂਲਣ ਲਈ ਦਿੱਤੇ ਗਏ ਲਾਲਚਾਂ ਨੂੰ ਜੁੱਤੀ ਦੀ ਨੋਕ ਨਾਲ ਠੁਕਰਾ ਕੇ ਮੂੰਹ ਤੋੜਵਾਂ ਜਵਾਬ ਦਿੱਤਾ ਗਿਆ। ਗੁਰੂ ਕੇ ਲਾਲਾਂ ਨੇ ਸੂਬੇ ਸਰਹੰਦ ਵੱਲੋਂ ਦਿੱਤੇ ਗਏ ਅਣਮਨੁੱਖੀ ਤਸੀਹੇ ਝੱਲਦਿਆਂ ਆਪਾ ਕੁਰਬਾਨ ਕਰ ਦਿੱਤਾ ਪ੍ਰੰਤੂ ਸੂਬੇ ਦੀ ਈਨ ਨਹੀਂ ਮੰਨੀ। ਸਾਡੇ ਮਹਾਨ ਸ਼ਹੀਦਾਂ ਦੀ ਯਾਦ ਵਿੱਚ ਅਜਿਹੇ ਉਪਰਾਲੇ ਕਰਨੇ ਅਤਿ ਜ਼ਰੂਰੀ ਹਨ ਤਾਂ ਜੁ ਸਾਡੇ ਬੱਚਿਆਂ ਨੂੰ ਸਾਡੇ ਸ਼ਾਨਾਮਤੀ ਅਤੇ ਵਿਲੱਖਣ ਇਤਿਹਾਸ ਤੋਂ ਜਾਣੂ ਕਰਾਇਆ ਜਾ ਸਕੇ।ਸਕੂਲ ਦੇ ਪ੍ਰਿੰਸੀਪਲ ਸ਼ੈਲੇਂਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਡਾਕਟਰ ਜਸਵਿੰਦਰ ਕੌਰ ਨੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਨੂੰ ਸਨਮਾਨਤ ਕੀਤਾ ਅਤੇ ਸੈਮੀਨਾਰ ਕਰਾਉਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ।

ਪਰਵਾਰਕ ਮੈਂਬਰਾਂ ਤੇ ਵੱਡੇ ਪੱਧਰ 'ਤੇ ਪੁੱਜੀਆਂ ਸੰਗਤਾਂ ਨੇ ਮਾਤਾ ਮੁਖਤਿਆਰ ਕੌਰ ਦਾ ਅੰਗੀਠਾ ਸੰਭਾਲਿਆ

ਬਾਘਾ ਪੁਰਾਣਾ (ਮਨੀ ਸਿੰਗਲਾ)- ਸੰਤ ਬਾਬਾ ਗੁਰਦੀਪ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ, ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਅਤੇ ਭਾਈ ਚਮਕੌਰ ਸਿੰਘ ਚੰਦ ਪੁਰਾਣਾ ਦੀ ਮਾਤਾ ਮੁਖਤਿਆਰ ਕੌਰ (85 ਸਾਲ) ਜੋ ਕਿ ਬੀਤੇ ਦਿਨੀਂ ਪ੍ਰਾਣਤਮਾ ਵਲੋਂ ਬਖਸ਼ੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਉਸ ਅਕਾਲ ਪੁਰਖ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਮਾਤਾ ਮੁਖਤਿਆਰ ਕੌਰ ਦਾ ਬੀਤੇ ਕੱਲ੍ਹ ਅੰਤਿਮ ਸੰਸਕਾਰ ਕੀਤਾ ਗਿਆ ਸੀ ਅਤੇ ਅੱਜ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਰਲ-ਮਿਲ ਕੇ ਅੰਗੀਠਾ ਸੰਭਾਲਣ ਦੀ ਰਸਮ ਨਿਭਾਈ। ਇਸ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਮਾਤਾ ਦੇ ਫੁੱਲਾਂ ਦੀ ਰਸਮ ਮੌਕੇ ਦੁੱਖ ਪ੍ਰਗਟ ਕੀਤਾ। ਇਸ ਮੌਕੇ ਬਾਬਾ ਗੁਰਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਤਾ ਮੁਖਤਿਆਰ ਕੌਰ ਨਮਿੱਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 25 ਦਸੰਬਰ ਨੂੰ ਹੋਵੇਗੀ। ਅੱਜ ਦੀ ਅੰਗੀਠਾ ਸੰਭਾਲਣ ਦੀ ਰਸਮ ਮੌਕੇ ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ ਜਿਲ੍ਹਾ ਪ੍ਰੀਸ਼ਦ ਮੋਗਾ, ਜਸਕਰਨ ਸਿੰਘ ਕਾਕਾ ਸਰਪੰਚ ਚੰਦ ਪੁਰਾਣਾ, ਹਰਬੰਸ ਸਿੰਘ ਸਾਬਕਾ ਸਰਪੰਚ ਚੰਦ ਪੁਰਾਣਾ, ਜਗਸੀਰ ਸਿੰਘ ਸਾਬਕਾ ਸਰਪੰਚ ਚੰਦ ਪੁਰਾਣਾ, ਪ੍ਰਿਤਪਾਲ ਸਿੰਘ ਸਾਬਕਾ ਸਰਪੰਚ ਚੰਦ ਪੁਰਾਣਾ, ਪਾਲਾ ਸਿੰਘ ਸੁਸਾਇਟੀ ਪ੍ਰਧਾਨ ਚੰਦ ਪੁਰਾਣਾ, ਬੰਟੀ ਢਿੱਲੋਂ ਸਾਬਕਾ ਸੰਮਤੀ ਮੈਂਬਰ, ਗੁਰਦੇਵ ਸਿੰਘ ਮਾਹਲਾ, ਗੁਰਮੀਤ ਸਿੰਘ ਸਹੋਤਾ ਤਹਿਸੀਲਦਾਰ, ਦਰਸ਼ਨ ਸਿੰਘ ਡਰੋਲੀ ਭਾਈ, ਸੂਬੇਦਾਰ ਚਰਨ ਸਿੰਘ, ਨੰਬਰਦਾਰ ਚਮਕੌਰ ਸਿੰਘ ਚੰਦ ਪੁਰਾਣਾ, ਸੂਬੇਦਾਰ ਗੁਰਮੀਤ ਸਿੰਘ, ਮੋਹਨ ਸਿੰਘ ਪ੍ਰਧਾਨ ਗਿੱਲ, ਜੰਗੀਰ ਸਿੰਘ ਡਰੋਲੀ ਭਾਈ, ਰਾਜੂ ਸਿੰਘ ਚੰਦ ਪੁਰਾਣਾ, ਖੇਮ ਸਿੰਘ, ਸਵਰਨਜੀਤ ਕੌਰ ਪੰਚ ਚੰਦ ਪੁਰਾਣਾ, ਸਿਕੰਦਰ ਸਿੰਘ ਢੁੱਡੀਕੇ, ਸੀਪਾ ਸਿੰਘ ਸਰਪੰਚ ਗਿੱਲ, ਪ੍ਰਧਾਨ ਦਾਰਾ ਸਿੰਘ ਸਾਬਕਾ ਸਰਪੰਚ ਜੈਮਲਵਾਲਾ, ਸਰਬਜੀਤ ਸਿੰਘ ਰੀਡਰ ਡੀ.ਐੱਸ.ਪੀ ਧਰਮਕੋਟ, ਇੰਦਰਜੀਤ ਸਿੰਘ ਜੇ.ਈ, ਬਿੱਲੂ ਸਿੰਘ, ਬਲਦੇਵ ਸਿੰਘ ਮੋਗਾ, ਬਾਬਾ ਸੁੱਚਾ ਸਿੰਘ ਮੁੱਖ ਗ੍ਰੰਥੀ, ਭੁਪਿੰਦਰ ਸਿੰਘ ਮਹੇਸ਼ਰੀ ਸੂਬਾ ਮੀਤ ਪ੍ਰਧਾਨ ਲੱਖੋਵਾਲ, ਗੁਰਪ੍ਰੀਤ ਸਿੰਘ ਅਮਰੀਕਾ ਘੱਲ ਕਲਾਂ, ਗੁਲਜਾਰ ਸਿੰਘ ਘੱਲ ਕਲਾਂ ਸੂਬਾ ਮੀਤ ਪ੍ਰਧਾਨ ਲੱਖੋਵਾਲ, ਗੋਰਾ ਸਿੰਘ ਮਚਾਕੀ, ਭੂਪਿੰਦਰ ਸਿੰਘ ਦੌਲਤਪੁਰਾ ਜਿਲ੍ਹਾ ਪ੍ਰਧਾਨ ਲੱਖੋਵਾਲ, ਬਲਕਰਨ ਸਿੰਘ ਢਿੱਲੋਂ ਜ਼ਿਲ੍ਹਾ ਮੀਡੀਆ ਇੰਚਾਰਜ ਲੱਖੋਵਾਲ, ਧਰਮ ਸਿੰਘ, ਹਰਜਿੰਦਰ ਸਿੰਘ ਕਾਲੇਕੇ, ਗੁਰਚਰਨ ਸਿੰਘ ਗਾਲਿਬ, ਛੱਤਾ ਸਿੰਘ ਪ੍ਰਧਾਨ ਚੰਦ ਪੁਰਾਣਾ, ਬਲਦੇਵ ਸਿੰਘ, ਜਸਕਰਨ ਸਿੰਘ ਚੜਿੱਕ ਆਦਿ ਸ਼ਾਮਿਲ ਹੋਏ।

ਸੰਧਵਾਂ ਦੀ ਅਗਵਾਈ 'ਚ ਗੁਰੂ ਨਾਨਕ ਮੋਦੀਖਾਨੇ ਪੁਚਾਈਆਂ ਜ਼ਰੂਰੀ ਵਸਤਾਂ

ਕੋਟਕਪੂਰਾ, (ਰਛਪਾਲ ਭੁੱਲਰ) 'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਦੇ ਚੀਫ ਪੈਟਰਨ ਕੁਲਤਾਰ ਸਿੰਘ ਸੰਧਵਾਂ, ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਚੇਅਰਮੈਨ ਪੱਪੂ ਲਹੋਰੀਆ, ਉਪ ਚੇਅਰਮੈਨ ਬਿੱਟਾ ਠੇਕੇਦਾਰ ਅਤੇ ਸਰਪ੍ਰਸਤ ਗੁਰਿੰਦਰ ਸਿੰਘ ਦੀ ਅਗਵਾਈ ਹੇਠ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਿੱਖਾਂ ਵਾਲਾ ਰੋਡ ਕੋਟਕਪੂਰਾ ਵਿਖੇ ਸਥਿਤ ਜ਼ੋਨਲ ਦਫ਼ਤਰ ਵਿੱਚ ਚਲਾਏ ਜਾ ਰਹੇ ਗੁਰੂ ਨਾਨਕ ਮੋਦੀਖਾਨਾ ਵਿੱਚ ਸਰਦੀ ਦੇ ਕੱਪੜੇ ਤੇ ਹੋਰ ਵਸਤੂਆਂ ਪੁਚਾਉਣ ਲਈ ਕਰਾਏ ਗਏ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਪੁੱਜੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਗੁਰੂ ਨਾਨਕ ਮੋਦੀਖਾਨਾ ਦੇ ਸੰਚਾਲਕਾਂ ਅਤੇ ਸੇਵਾਦਾਰਾਂ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਆਖਿਆ ਕਿ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਦੀ ਬਹੁਤ ਸਖਤ ਜ਼ਰੂਰਤ ਹੈ ਤੇ ਜਿਹੜੀਆਂ ਸੰਸਥਾਵਾਂ, ਜਥੇਬੰਦੀਆਂ ਇਹ ਸੇਵਾ ਕਾਰਜ ਕਰ ਰਹੀਆਂ ਹਨ, ਸਮੁੱਚੇ ਦੇਸ਼ ਤੇ ਸਮਾਜ ਨੂੰ ਉਨ੍ਹਾਂ 'ਤੇ ਮਾਣ ਹੈ।

ਸਪੀਕਰ ਸੰਧਵਾਂ ਨੇ ਦੱਸਿਆ ਕਿ ਉਨ੍ਹਾਂ 1996 ਵਿੱਚ ਪਹਿਲੀਵਾਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਇਕ ਸ਼ਖਸ਼ੀਅਤ ਉਸਾਰੀ ਕੈਂਪ ਵਿੱਚ ਸ਼ਮੂਲੀਅਤ ਕੀਤੀ, ਜਿਸ ਨੇ ਉਸਦੀ ਜ਼ਿੰਦਗੀ ਤਬਦੀਲ ਕਰਕੇ ਰੱਖ ਦਿੱਤੀ।ਉਨ੍ਹਾਂ ਆਖਿਆ ਕਿ ਨੌਜਵਾਨ ਪੀੜ੍ਹੀ ਨੂੰ ਸਮਾਜਿਕ ਕੁਰੀਤੀਆਂ ਤੋਂ ਬਚਾਉਣ ਦੀ ਜ਼ਰੂਰਤ ਹੈ, ਜਿਸ ਲਈ ਇਸ ਤਰ੍ਹਾਂ ਦੀਆਂ ਸੰਸਥਾਵਾਂ ਤੇ ਜਥੇਬੰਦੀਆਂ ਵੱਡਮੁੱਲੀਆਂ ਸੇਵਾਵਾਂ ਨਿਭਾਅ ਰਹੀਆਂ ਹਨ।ਡਾ. ਸੁਖਚੈਨ ਸਿੰਘ ਬਰਾੜ, ਪ੍ਰੋ. ਐੱਚ.ਐੱਸ. ਪਦਮ, ਕੈਪ. ਜਰਨੈਲ ਸਿੰਘ ਮਾਨ, ਡਾ. ਦੇਵ ਰਾਜ, ਮਨਤਾਰ ਸਿੰਘ ਮੱਕੜ ਅਤੇ ਗੁਰਵਿੰਦਰ ਸਿੰਘ ਸਿਵੀਆਂ ਨੇ ਸਾਹਿਤਕ ਤੇ ਉਸਾਰੂ ਰਚਨਾਵਾਂ ਨਾਲ ਹਾਜ਼ਰੀ ਲਵਾਈ।

ਕਲੱਬ ਦੇ ਪ੍ਰੈਸ ਸਕੱਤਰ ਗੁਰਮੀਤ ਸਿੰਘ ਮੀਤਾ ਮੁਤਾਬਿਕ ਜਥੇਬੰਦੀ ਦੇ ਸੇਵਾਦਾਰਾਂ ਵਿੱਚ ਸ਼ਾਮਲ ਡਾ. ਅਵੀਨਿੰਦਰਪਾਲ ਸਿੰਘ ਤੇ ਹਰਪ੍ਰੀਤ ਸਿੰਘ ਖਾਲਸਾ ਨੇ ਜਥੇਬੰਦੀ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਦਾ ਸੰਖੇਪ ਵਿੱਚ ਜ਼ਿਕਰ ਕਰਦਿਆਂ ਦੱਸਿਆ ਕਿ ਗੁਰੂ ਨਾਨਕ ਮੋਦੀਖਾਨਾ ਵਿੱਚੋਂ ਹੁਣ ਤੱਕ 32 ਹਜ਼ਾਰ ਤੋਂ ਜ਼ਿਆਦਾ ਪਰਵਾਰ ਵੱਖ-ਵੱਖ ਕਿਸਮਾਂ ਦੀ ਮੱਦਦ ਲੈ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਜ਼ਰੂਰਤਮੰਦ ਦੀ ਬੇਟੀ ਦਾ ਵਿਆਹ, ਬੱਚਿਆਂ ਦੀ ਫੀਸ, ਮਕਾਨ ਦੀ ਮੁਰੰਮਤ, ਖੁਸ਼ੀ-ਗ਼ਮੀ ਦੇ ਸਮਾਗਮਾਂ ਮੌਕੇ ਮੱਦਦ ਕਰਨੀ ਹੈ ਤਾਂ ਪਹਿਲਾਂ ਉਸਦੀ ਡੂੰਘਾਈ ਨਾਲ ਬਕਾਇਦਾ ਪੜਤਾਲ ਕੀਤੀ ਜਾਂਦੀ ਹੈ।

ਪੁਲਸ ਨੇ 5 ਚੋਰ ਕਾਬੂ ਕਰਕੇ ਲੱਖਾਂ ਰੁਪਏ ਦਾ ਸੈਨਟਰੀ ਸਮਾਨ ਕੀਤਾ ਬਰਾਮਦ

ਮੋਗਾ, (ਇਕਬਾਲ ਸਿੰਘ ਖਹਿਰਾ)- ਮੋਗਾ ਪੁਲਸ ਨੂੰ ਉਸ ਸਮੇ ਵੱਡੀ ਸਫਲਤਾ ਮਿਲੀ, ਜਦ ਥਾਣਾ ਸਿਟੀ ਮੋਗਾ ਦੀ ਪੁਲਸ ਪਾਰਟੀ ਵੱਲੋਂ 2 ਚੋਰਾਂ ਨੂੰ ਕਾਬੂ ਕੀਤਾ ਗਿਆ। ਮਿਤੀ 12/13 ਨਵੰਬਰ ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਚੋਰਾਂ ਵੱਲੋਂ ਗੁਰੂ ਨਾਨਕ ਸੈਂਟਰੀ ਸਟੋਰ ਨੇੜੇ ਲੋਹਾਰਾ ਚੌਕ ਲ

19-Dec-PAGE-3.qxd 12/18/2024 11:12 PM Page 1

ਜਾਅਲੀ ਵੋਟਾਂ ਦੇ ਮੁੱਦੇ 'ਤੇ ਸੱਤਾ ਧਿਰ ਖਿਲਾਫ ਭਾਜਪਾ ਤੇ ਕਾਂਗਰਸ ਦੇ ਸਮਰਥਕਾਂ ਨੇ ਲਾਇਆ ਧਰਨਾ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)

ਨਗਰ ਪੰਚਾਇਤ ਅਜਨਾਲਾ ਦੀਆਂ ਦੋ ਵਾਰਡਾਂ 'ਚ ਹੋ ਰਹੀਆਂ ਜ਼ਿਮਨੀ ਚੋਣਾਂ ਦੌਰਾਨ ਜਾਅਲੀ ਵੋਟਾਂ ਦੇ ਮੁੱਦੇ ਨੂੰ ਲੈ ਕੇ ਅੱਜ ਅਜਨਾਲਾ ਦੇ ਮੋਨ ਚੌਕ ਵਿੱਚ ਕਾਂਗਰਸ ਅਤੇ ਭਾਜਪਾ ਦੇ ਸਮਰਥਕਾਂ ਨੇ ਇਕੱਠੇ ਹੋ ਕੇ ਸੱਤਾਧਾਰੀ ਧਿਰ ਅਤੇ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਅਣਮਿਥੇ ਸਮੇਂ ਲਈ ਧਰਨੇ ਦਾ ਐਲਾਨ ਕੀਤਾ।ਇਸ ਧਰਨੇ ਨੂੰ ਸੰਬੋਧਨ ਕਰਦਿਆਂ ਭਾਜਪਾ ਤੇ ਕਾਂਗਰਸ ਨੇ ਕਿਹਾ ਕਿ ਅਜਨਾਲਾ ਸ਼ਹਿਰ ਦੀ ਜ਼ਿਮਨੀ ਚੋਣ ਦੌਰਾਨ ਸੱਤਾਧਾਰੀ ਧਿਰ ਵੱਲੋਂ ਦੋਵਾਂ ਵਾਡਾਂ ਵਿੱਚ ਜਾਅਲੀ ਵੋਟਾਂ ਬਣਾ ਕੇ ਧੱਕੇਸ਼ਾਹੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਕਿ ਬਰਦਾਸ਼ਤ ਕਰਨ ਦੇ ਯੋਗ ਨਹੀਂ ਹੈ। ਉਹਨਾਂ ਕਿਹਾ ਕਿ ਇਨ੍ਹਾਂ ਜਾਅਲੀ ਵੋਟਾਂ ਖਿਲਾਫ ਉਹਨਾਂ ਐੱਸਡੀਐੱਮ ਅਜਨਾਲਾ ਅਤੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਲਿਖਤੀ ਦਰਖਾਸਤਾਂ ਦਿੱਤੀਆਂ ਸਨ ਪਰ ਪ੍ਰਸ਼ਾਸਨ ਵੱਲੋਂ ਸੱਤਾਧਾਰੀ ਧਿਰ ਦੇ ਦਬਾਅ ਹੇਠ ਫੋਨ ਕਾਰਨ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ, ਜਿਸ ਦੇ ਰੋਸ ਵਜੋਂ ਅੱਜ ਕਾਂਗਰਸ ਅਤੇ ਭਾਜਪਾ ਨੇ ਇਸ ਧੱਕੇਸ਼ਾਹੀ ਦੇ ਖਿਲਾਫ ਅਜਨਾਲਾ ਦਾ ਮੋਨ ਚੌਕ ਜਾਮ ਕੀਤਾ ਗਿਆ ਹੈ ਅਤੇ ਜਿੰਨੀ ਦੇਰ ਇਹ ਜਾਅਲੀ ਵੋਟਾਂ ਕੱਟੀਆਂ ਨਹੀਂ ਜਾਣਗੀਆਂ ਉਨੀ ਦੇਰ ਤੱਕ ਇਹ ਧਰਨਾ ਲਗਾਤਾਰ ਜਾਰੀ ਰਵੇਗਾ। ਇਸ ਮੌਕੇ ਕਾਂਗਰਸ ਦੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਭਾਜਪਾ ਓਬੀਸੀ ਮੋਰਚਾ ਦੇ ਸੂਬਾ ਪ੍ਰਧਾਨ ਅਤੇ ਅਜਨਾਲਾ ਤੋਂ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ, ਸੀਨੀਅਰ ਆਗੂ ਕਵਰਪ੍ਰਤਾਪ ਸਿੰਘ ਅਜਨਾਲਾ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਤੇ ਕਾਂਗਰਸੀ ਆਗੂ ਹਾਜ਼ਰ ਸਨ।ਇਸ ਮੌਕੇ ਕਾਂਗਰਸ ਪਾਰਟੀ ਤੋਂ ਅਜਨਾਲਾ ਸ਼ਹਿਰੀ ਪ੍ਰਧਾਨ ਦਵਿੰਦਰ ਸਿੰਘ ਡੈਮ, ਪ੍ਰਵੀਨ ਕੁਕਰੇਜਾ, ਦਰਸ਼ਨ ਲਾਲ ਸ਼ਰਮਾ, ਵਿਜੇ ਕੁਮਾਰ ਤਰੇਹਨ, ਐਡਵੋਕੇਟ ਸੁਨੀਲ, ਐਡਵੋਕੇਟ ਬ੍ਰਿਜ ਮੋਹਨ, ਗੁਰਦੇਵ ਸਿੰਘ ਨਿੱਜਰ, ਭਾਰਤੀ ਜਨਤਾ ਪਾਰਟੀ ਵੱਲੋਂ ਸੀਨੀਅਰ ਆਗੂ ਪ੍ਰਦੀਪ ਕੁਮਾਰ ਬੰਟਾ, ਗੁਰਵਿੰਦਰ ਸਿੰਘ ਮੁਕਾਮ, ਇੰਦਰਜੀਤ ਸਿੰਘ ਰਮਦਾਸ, ਮਿੰਟੂ ਜੁਲਕਾ, ਵਿਜੇ ਕੁਮਾਰ ਸਰੀਨ, ਰਜੇਸ਼ ਚੌਹਾਨ, ਸੌਰਵ ਸਰੀਨ, ਵਿਪਨ ਖੱਤਰੀ, ਬਾਬਾ ਆਸ਼ੂ, ਧਰਮਿੰਦਰ ਸਿੰਘ, ਪ੍ਰਿੰਸ, ਲੱਕੀ ਬੇਦੀ, ਸਤੀਸ਼ ਗਾਂਧੀ ਬਾਰੂ, ਅਸ਼ੋਕ ਕੁਮਾਰ ਮੰਨਣ, ਅਮਰਜੀਤ ਸਿੰਘ ਨੰਗਲ, ਹਤਿੰਦਰ ਸਿੰਘ ਬੱਬਰ ਆਦਿ ਹਾਜ਼ਰ ਸਨ। ਇਸ ਮੌਕੇ ਮੌਕੇ ਪਹੁੰਚ ਕੇ ਐੱਸਡੀਐੱਮ ਅਜਨਾਲਾ ਰਵਿੰਦਰ ਸਿੰਘ ਅਰੋੜਾ ਨੇ ਇੱਕ ਤਿੰਨ ਮੈਂਬਰੀ ਕਮੇਟੀ ਬਣਾਈ ਅਤੇ ਦੱਸਿਆ ਕਿ ਇਹ ਕਮੇਟੀ ਸ਼ਾਮ ਤੱਕ ਰਿਪੋਰਟ ਦੇਵੇਗੀ ਅਤੇ ਜੋ ਵੋਟਾਂ ਗਲਤ ਬਣੀਆਂ ਹਨ ਉਹ ਕੱਟ ਦਿੱਤੀਆਂ ਜਾਣਗੀਆਂ।

ਭਾਰਤੀ ਕਿਸਾਨ ਯੂਨੀਅਨ ਦੁਆਬਾ ਨੇ 3 ਘੰਟੇ ਰੇਲਾਂ ਰੋਕ ਕੇ ਕੀਤਾ ਪ੍ਰਦਰਸ਼ਨ

ਫਿਲੌਰ, (ਨਿਰਮਲ)- ਭਾਰਤੀ ਕਿਸਾਨ ਯੂਨੀਅਨ ਦੁਆਬਾ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਢੇਸੀ ਦੀ ਅਗਵਾਈ ਵਿੱਚ ਫਿਲੌਰ ਰੇਲਵੇ ਸਟੇਸ਼ਨ ਵਿਖੇ 12 ਵਜੇ 3 ਵਜੇ ਤੱਕ ਰੇਲਾਂ ਰੋਕੀਆਂ ਗਈਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਕਿਸਾਨ ਆਗੂਆਂ ਨੇ ਕਿਹਾ ਕਿ ਜਦੋਂ ਤੱਕ ਸਾਡੀਆਂ ਮੰਗਾਂ ਕੇਂਦਰ ਅਤੇ ਪੰਜਾਬ ਸਰਕਾਰ ਨਹੀਂ ਮੰਨਦੀ ਸਾਡਾ ਸੰਘਰਸ਼ ਜਾਰੀ ਰਹੇਗਾ। ਉਹਨਾਂ ਨੇ ਕਿਹਾ ਕਿ ਸਾਡੀਆਂ ਪ੍ਰਮੁੱਖ ਮੰਗਾਂ ਐਮਐਸਪੀ ਦੀ ਗਾਰੰਟੀ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾ, ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨ ਪਰਵਾਰਾਂ ਨੂੰ ਨੌਕਰੀ ਅਤੇ ਮੁਆਵਜ਼ਾ, ਕਿਸਾਨਾਂ 'ਤੇ ਕੀਤੇ ਝੂਠੇ ਪਰਚੇ ਰੱਦ ਕਰਨਾ, ਅਤੇ ਹੋਰ ਕਿਸਾਨੀ ਮੰਗਾਂ ਹਨ। ਉਹਨਾਂ ਕਿਹਾ ਕਿ ਜਦੋਂ ਤੱਕ ਇਹ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਸਾਡਾ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਹਾਜ਼ਰ ਬਲਵਿੰਦਰ ਸਿੰਘ, ਕੇਵਲ ਸਿੰਘ ਨਰਿੰਦਰ ਸਿੰਘ, ਓਕਾਰ ਸਿੰਘ , ਤਰਸੇਮ ਸਿੰਘ ਢਿੱਲੋਂ, ਪਰਮਜੀਤ ਸਿੰਘ ਰਾਏ, ਅਵਤਾਰ ਸਿੰਘ, ਗੁਰਚਰਨ ਸਿੰਘ ਮੀਤ ਪ੍ਰਧਾਨ, ਕਸ਼ਮੀਰ ਸਿੰਘ, ਰਸ਼ਪਾਲ ਸਿੰਘ ਸ਼ਾਦੀਪੁਰ ਅਤੇ ਹੋਰ ਵੱਡੀ ਗਿਣਤੀ 'ਚ ਕਿਸਾਨ ਹਾਜ਼ਰ ਸਨ।

ਭੰਡਵਾ 'ਚ ਧਨਾਢਾਂ ਵੱਲੋਂ ਗਰੀਬ ਪਰਿਵਾਰ ਦੇ ਘਰ ਨੂੰ ਢਹਿ-ਢੇਰੀ ਕਰਨਾ ਅਤਿ ਨਿੰਦਣਯੋਗ ਕਾਰਾ : ਬੱਖਤਪੁਰਾ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਪਿੰਡ ਭੰਡਵਾ ਵਿੱਚ ਐਸ. ਸੀ. ਭਾਈਚਾਰੇ ਨਾਲ ਸਬੰਧਿਤ ਗਰੀਬ ਪਰਿਵਾਰ ਦਾ ਲਾਲ ਲਕੀਰ ਦੇ ਅੰਦਰ ਬਣੇ ਘਰ ਨੂੰ ਪਿੰਡ ਦੇ ਹੀ ਧਨਾਢ ਵਿਅਕਤੀਆਂ ਵੱਲੋਂ ਜੇਸੀਬੀ ਮਸ਼ੀਨ ਨਾਲ ਢਹਿ ਢੇਰੀ ਕਰ ਦੇਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸੀਪੀਆਈ ਐੱਮਐੱਲ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ, ਸੁਖਦੇਵ ਸਿੰਘ ਭਾਗੋਕਾਵਾਂ ਅਤੇ ਅਸ਼ਵਨੀ ਕੁਮਾਰ ਲੱਖਣ ਕਲਾਂ ਆਦਿ ਸਾਥੀਆਂ ਨੇ ਪੀੜਤ ਪਰਿਵਾਰ (ਕੁਲਵੰਤ ਸਿੰਘ) ਨੂੰ ਇਨਸਾਫ ਦਿਵਾਉਣ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਹੈ। ਪਿੰਡ ਭੰਡਵਾ ਵਿੱਚ ਪਹੁੰਚ ਕੇ ਰਾਜ ਮਿਸਤਰੀ ਕੁਲਵੰਤ ਸਿੰਘ ਦੇ ਢਾਹੇ ਗਏ ਘਰ ਦਾ ਜਾਇਜ਼ਾ ਲੈਣ ਮੌਕੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਬੇਸ਼ੱਕ ਕੁਲਵੰਤ ਸਿੰਘ ਦੇ ਬਿਆਨਾਂ ਅਨੁਸਾਰ ਥਾਣਾ ਕਲਾਨੌਰ ਦੀ ਪੁਲਸ ਨੇ ਇਸ ਸਬੰਧ ਵਿੱਚ ਪਰਗਟ ਸਿੰਘ ਪੁੱਤਰ ਹਰਚਰਨ ਸਿੰਘ, ਅਰਮਿੰਦਰ ਸਿੰਘ ਉਰਫ ਕਾਕਾ ਪੁੱਤਰ ਹਰਚਰਨ ਸਿੰਘ, ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਰਘਬੀਰ ਸਿੰਘ ਅਤੇ ਗੁਰਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀਆਨ ਭੰਡਵਾ ਦੇ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ, ਪਰ ਇਨ੍ਹਾਂ ਧਾਰਾਵਾਂ ਵਿੱਚ ਐੱਸਸੀ ਐਕਟ ਨਹੀਂ ਜੋੜਿਆ ਗਿਆ। ਕਿਉਂਕਿ ਗਰੀਬ ਦਾ ਘਰ ਢਾਹੁਣ ਵਾਲੇ ਧਨਾਢ ਵਿਅਕਤੀ ਸਤਾਧਾਰੀ ਪਾਰਟੀ ਨਾਲ ਸੰਬੰਧਿਤ ਹਨ। ਕਾਮਰੇਡ ਬੱਖਤਪੁਰਾ ਨੇ ਦੱਸਿਆ ਕਿ

ਪੀੜਤ ਪਰਿਵਾਰ ਵਲੋਂ ਡੇਰਾ ਬਾਬਾ ਨਾਨਕ ਜ਼ਿਮਨੀ ਵਿਧਾਨ ਸਭਾ ਚੋਣਾਂ ਵਿੱਚ ਸੱਤਾਧਾਰੀਆਂ ਨੂੰ ਵੋਟਾਂ ਨਾ ਪਾਉਣ ਕਰਕੇ ਗੁੱਸੇ ਵਿੱਚ ਆ ਕੇ ਇਨ੍ਹਾਂ ਵਿਅਕਤੀਆਂ ਨੇ ਗਰੀਬ ਦਾ ਘਰ ਢਾਹ ਕੇ ਉਨ੍ਹਾਂ ਨੂੰ ਸਰਦੀ ਦੇ ਮੌਸਮ ਵਿੱਚ ਘਰੋਂ ਬੇਘਰ ਕਰ ਦਿੱਤਾ ਹੈ। ਇਸ ਗਰੀਬ ਪਰਿਵਾਰ ਵਿੱਚ ਕੁਲਵੰਤ ਸਿੰਘ, ਉਸਦੀ ਪਤਨੀ ਰਾਜਬੀਰ ਕੌਰ ਅਤੇ ਦੋ ਛੋਟੇ ਬੱਚੇ ਹਨ। ਉਹ ਪੀੜਤ ਪਰਿਵਾਰ ਦੇ ਹਮਾਇਤੀਆਂ ਨੂੰ ਲੈ ਕੇ ਡੀਸੀ ਗੁਰਦਾਸਪੁਰ ਅਤੇ ਐੱਸਐੱਸਪੀ ਗੁਰਦਾਸਪੁਰ ਨੂੰ ਇਨਸਾਫ ਲੈਣ ਲਈ ਮਿਲਣਗੇ। ਇਸ ਮੌਕੇ ਨੰਬਰਦਾਰ ਧਰਮਿੰਦਰਜੀਤ, ਲਖਵਿੰਦਰਜੀਤ ਸਿੰਘ, ਲਵਪ੍ਰੀਤ ਸਿੰਘ ਅਤੇ ਪੀੜਤ ਪਰਿਵਾਰ ਮੌਜੂਦ ਸੀ। ਪੀੜਤ ਕੁਲਵੰਤ ਸਿੰਘ (ਰਾਜ ਮਿਸਤਰੀ) ਨੇ ਸਬਧਿੰਤ ਥਾਣਾ ਕਲਾਨੌਰ ਦੀ ਪੁਲੀਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਸਦਾ ਲਾਲ ਲਕੀਰ ਅੰਦਰ ਘਰ (ਦੋ ਕਮਰੇ ਅਤੇ ਇੱਕ ਰਸੋਈ ਅਤੇ ਬਾਹਰ ਦੀ ਚਾਰਦਿਵਾਰੀ) ਹੈ। ਪਿੰਡ ਦੇ ਗੁਰਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਅਤੇ ਪਰਗਟ ਸਿੰਘ ਪੁੱਤਰ ਹਰਚਰਨ ਨੇ ਮੈਨੂੰ ਕਿਹਾ ਮਕਾਨ ਖਾਲੀ ਕਰ ਦਿਓ ਨਹੀਂ ਤਾਂ ਅਸੀਂ ਤੁਹਾਡਾ ਘਰ ਢਾਹ ਦੇਣਾ ਹੈ। ਇਸ ਸਬੰਧੀ ਮੈਂ ਅਦਾਲਤ ਵਿੱਚ ਕੇਸ ਕਰ ਦਿੱਤਾ। 14 ਦਸੰਬਰ ਨੂੰ ਕਰੀਬ ਸ਼ਾਮ 4 ਵਜੇ ਪਰਗਟ ਸਿੰਘ ਜੇਸੀਬੀ ਚਲਾ ਰਿਹਾ, ਉਸਦੇ ਨਾਲ ਅਰਮਿੰਦਰ ਸਿੰਘ ਉਰਫ ਕਾਕਾ, ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਰਘਬੀਰ ਸਿੰਘ ਅਤੇ ਗੁਰਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਆ ਕੇ ਮੈਨੂੰ ਗਾਲੀ ਗਲੋਚ ਕਰਨ ਲੱਗ ਪਏ। ਪਰਗਟ ਸਿੰਘ ਨੇ ਜੇਸੀਬੀ ਨਾਲ ਮੇਰਾ ਸਾਰਾ ਘਰ ਢਾਹ ਦਿੱਤਾ ਅਤੇ ਅੰਦਰ ਪਿਆ ਸਾਰਾ ਸਾਮਾਨ ਫਰਿੱਜ, ਵਾਸ਼ਿੰਗ ਮਸ਼ੀਨ, ਪੇਟੀ ਅਤੇ ਬੋਂਡ ਆਦਿ ਟੁੱਟ ਭੱਜ ਗਏ ਹਨ।

ਪਾਬੰਦੀ ਦੇ ਬਾਵਜੂਦ ਖੇਮਕਰਨ 'ਚ ਸ਼ਰੇਆਮ ਵਿਕ ਰਹੀ ਚਾਈਨਾ ਡੋਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)

ਸੂਬਾ ਸਰਕਾਰ ਵੱਲੋਂ ਚਾਈਨਾ ਡੋਰ ਦੀ ਵਿਕਰੀ 'ਤੇ ਪਾਬੰਦੀ ਲਗਾਉਣ ਦੇ ਬਾਵਜੂਦ ਖੇਮਕਰਨ ਦੇ ਬਾਜ਼ਾਰਾਂ ਵਿੱਚ ਚਾਈਨਾ ਡੋਰ ਸ਼ਰੇਆਮ ਵਿਕ ਰਹੀ ਹੈ, ਪ੍ਰੰਤੂ ਖੇਮਕਰਨ ਪੁਲਸ ਸ਼ਹਿਰ ਅੰਦਰ ਡੋਰ ਦੀ ਵਿਕਰੀ 'ਤੇ ਪਾਬੰਦੀ ਲਗਾਉਣ 'ਚ ਅਸਫ਼ਲ ਸਾਬਤ ਹੋ ਰਹੀ ਹੈ।ਬੇਸ਼ੱਕ ਸਰਕਾਰ ਹਰ ਸਾਲ ਡੋਰ ਦੇ ਧੰਦੇ ਨਾਲ ਜੁੜੇ ਲੋਕਾਂ ਨੂੰ ਨੱਥ ਪਾਉਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪ੍ਰੰਤੂ ਇਸ ਧੰਦੇ ਤੋਂ ਮੋਟੀ ਕਮਾਈ ਕਰਨ ਵਾਲੇ ਲੋਕ ਸਰਕਾਰ ਤੇ ਪ੍ਰਸ਼ਾਸਨ ਦੀਆਂ ਨਜ਼ਰਾਂ ਤੋਂ ਬਚ ਕੇ ਡੋਰ ਵੇਚਣ ਵਿੱਚ ਕਾਮਯਾਬ ਹੋ ਜਾਂਦੇ ਹਨ।ਲੋਹੜੀ ਦਾ ਤਿਉਹਾਰ ਨੇੜੇ ਆਉਂਦਿਆਂ ਸਾਰ ਬੱਚੇ ਬਾਜ਼ਾਰਾਂ ਵਿੱਚੋਂ ਡੋਰ ਖ਼ਰੀਦਣਾ ਸ਼ੁਰੂ ਕਰ ਦਿੰਦੇ ਹਨ।ਇਸ ਸਮੇਂ ਕੁਝ ਕੁ ਲਾਲਚੀ ਦੁਕਾਨਦਾਰ ਜ਼ਿਆਦਾ ਮੁਨਾਫ਼ੇ ਖ਼ਾਤਰ ਚਾਈਨਾ ਡੋਰ ਵੇਚ ਕੇ ਲੱਖਾਂ ਲੋਕਾਂ, ਜਾਨਵਰਾਂ ਤੇ ਪੰਛੀਆਂ ਦੀ ਜਾਨ ਨੂੰ ਖ਼ਤਰੇ 'ਚ ਪਾ ਦਿੰਦੇ ਹਨ।ਇੱਥੇ ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਡੋਰ ਦੀ ਵਿਕਰੀ ਨੂੰ ਰੋਕਣ ਵਿੱਚ ਅਸਮਰੱਥ ਨਜ਼ਰ ਆਉਂਦਾ ਹੈ।ਜੇਕਰ ਗੱਲ ਕੀਤੀ ਜਾਵੇ ਤਾਂ ਪਿਛਲੇ ਕੁਝ ਸਾਲਾਂ ਤੋਂ ਲੋਕਲ ਮਾਂਝੇ ਵਾਲੀ ਡੋਰ ਦੀ ਥਾਂ ਚਾਈਨਾ ਦੀ ਡੋਰ ਦੇ ਇਸਤੇਮਾਲ ਨਾਲ ਜਿੱਥੇ ਅਸਲ ਪਤੰਗਬਾਜ਼ ਪ੍ਰੇਸ਼ਾਨ ਹਨ, ਉਥੇ ਹਜ਼ਾਰਾਂ ਕਾਰੀਗਰ ਵੀ ਬੇਰੁਜ਼ਗਾਰੀ ਨਾਲ ਜੂਝ ਰਹੇ ਹਨ।ਇਸ ਜਾਨਲੇਵਾ ਡੋਰ ਦੀ ਲਪੇਟ 'ਚ ਆ ਕੇ ਅਨੇਕਾਂ ਲੋਕ ਮੌਤ ਦੇ ਮੂੰਹ 'ਚ ਜਾ ਚੁੱਕੇ ਹਨ।ਹਰ ਸਾਲ ਸੈਂਕੜੇ ਪਸ਼ੂ ਤੇ ਪੰਛੀ ਡੋਰ ਦੀ ਲਪੇਟ ਵਿੱਚ ਆਉਣ ਕਾਰਨ ਜ਼ਖਮੀ ਹੋ ਜਾਂਦੇ ਹਨ ਤੇ ਕਈਆਂ ਦੀ ਮੌਕੇ 'ਤੇ ਮੌਤ ਹੋ ਜਾਂਦੀ ਹੈ।ਹੁਣ ਇੱਥੇ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਸਰਕਾਰ ਤੇ ਪੁਲਸ ਪ੍ਰਸ਼ਾਸਨ ਦਾ ਕੰਮ ਸਿਰਫ ਪਾਬੰਦੀ ਦੇ ਹੁਕਮ ਜਾਰੀ ਕਰਨਾ ਹੀ ਹੈ?

ਆਰਮੀ ਪਬਲਿਕ ਸਕੂਲ ਤਿੱਬੜੀ ਕੈਂਟ ਵਿਖੇ ਸਾਲਾਨਾ ਖੇਡ ਸਮਾਰੋਹ ਦੀ ਹੋਈ ਸ਼ੁਰੂਆਤ

ਗੁਰਦਾਸਪੁਰ, (ਜਨਕ ਮਹਾਜਨ)

ਆਰਮੀ ਪਬਲਿਕ ਸਕੂਲ ਤਿੱਬੜੀ ਕੈਂਟ ਗੁਰਦਾਸਪੁਰ ਵਿਖੇ ਸਾਲਾਨਾ ਖੇਡ ਸਮਾਰੋਹ ਦੀ ਸ਼ੁਰੂਆਤ ਬੜੇ ਉਤਸ਼ਾਹ ਨਾਲ ਹੋਈ। ਇਸ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਵਜੋਂ

ਕਮਲ ਜਸਜੀਤ ਕੋਚਰ (ਚੇਅਰਪਰਸਨ ਐਫ. ਡਬਲਯੂ. 86 ਇਨਫੈਂਟਰੀ ਬ੍ਰਿਗੇਡ) ਸ਼ਾਮਿਲ ਹੋਏ ਜਦੋਂਕਿ ਕਰਨਲ ਸੰਜੀਵ ਠਾਕੁਰ ਐੱਸ. ਐੱਸ. ਓ., ਲੈਫਟੀਨੈਂਟ ਕਰਨਲ ਸਮਰਕਾਂਤ ਸ਼ਰਮਾ ਸਟਾਫ ਅਫ਼ਸਰ, ਮੇਜਰ ਅਮਨਦੀਪ ਸਿੰਘ ਏ ਕਿਯੂ. 86 ਇਨਫੈਂਟਰੀ ਬ੍ਰਿਗੇਡ, ਲੈਫਟੀਨੈਂਟ ਕਰਨਲ ਜੋਗੇਸ਼ ਲਾਡ ਕੈਂਪ ਕਮਾਡੈਂਟ ਵਿਸ਼ੇਸ਼ ਮਹਿਮਾਨਾਂ ਦੇ ਤੌਰ 'ਤੇ ਪਹੁੰਚੇ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਸਕੂਲ ਦੇ ਬੱਚਿਆਂ ਦਾ ਵਿਦਿਅਕ ਵਿਕਾਸ ਕਰਨ ਦੇ ਨਾਲ-ਨਾਲ ਸ਼ਰੀਰਕ ਅਤੇ ਸਮਾਜਿਕ ਵਿਕਾਸ ਕਰਨਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਦੁਆਰਾ ਝੰਡਾ ਚੜਾਉਣ ਉਪਰੰਤ ਖੇਡ ਮਸ਼ਾਲ ਜਲਾ ਕੇ ਪਹਿਲੇ ਦਿਨ ਦੀ ਸ਼ੁਰੂਆਤ ਕੀਤੀ ਗਈ। ਪੂਰੇ ਪ੍ਰੋਗਰਾਮ ਦੀ ਤਿਆਰੀ ਪ੍ਰਿੰਸੀਪਲ ਮੇਨਕਾ ਗੌਤਮ ਗੌਰ ਦੀ ਨਿਗਰਾਨੀ ਹੇਠ ਹੋਈ। ਇਸ ਦੌਰਾਨ ਵਿਦਿਆਰਥੀਆਂ ਨੇ ਖੇਡ ਨੂੰ ਇਮਾਨਦਾਰੀ ਅਤੇ ਖੇਡ ਭਾਵਨਾ ਨਾਲ ਖੇਡਣ ਦੀ ਸਹੁੰ ਚੁੱਕੀ। ਇਸ ਦੌਰਾਨ ਵਿਦਿਆਰਥੀਆਂ ਵਲੋਂ ਵੱਖ-ਵੱਖ ਖੇਡਾਂ ਵਿਚ ਜਿਵੇਂ ਐਰੋਬਿਕਸ, ਜੂੰਬਾ ਤੇ ਛੋਟੇ-ਛੋਟੇ ਬੱਚਿਆਂ ਦੁਆਰਾ ਜਿਮਨਾਸਟਿਕ, ਫਨ ਰੇਸਿਸ ਜਿਵੇਂ ਲੈਮਨ ਰੇਸ, ਬੈਲੂਨ ਹੋਲਡਿੰਗ ਰੇਸ, ਸੈਕਰੇਸ ਆਦਿ ਨੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਵੱਖ-ਵੱਖ ਤਰ੍ਹਾਂ ਦੀਆਂ ਦੌੜਾਂ ਵੀ ਕਰਵਾਈਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਸ੍ਰੀਮਤੀ ਕਮਲ ਜਸਜੀਤ ਕੋਚਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ। ਉਨਾਂ ਨੇ ਬੱਚਿਆਂ ਦੁਆਰਾ ਦਿਖਾਏ ਗਏ ਜੋਸ਼ ਤੇ ਮਿਹਨਤ ਦੇ ਨਾਲ-ਨਾਲ ਅਧਿਆਪਕਾਂ ਦੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਅੰਤ ਵਿੱਚ ਪ੍ਰਿੰਸੀਪਲ ਦੁਆਰਾ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਸਮਾਜ ਸੇਵਕ ਡਾ. ਬਲਜੀਤ ਸਿੰਘ ਨੂੰ ਸਦਮਾ, ਮਾਤਾ ਦਾ ਦੇਹਾਂਤ

ਫਿਲੌਰ, (ਨਿਰਮਲ)-ਸਮਾਜ ਸੇਵਕ ਡਾ. ਬਲਜੀਤ ਸਿੰਘ ਤੇ ਉਹਨਾਂ ਦੇ ਭਰਾ ਕਬੱਡੀ ਖਿਡਾਰੀ

ਧਰਮਿੰਦਰ ਧਿੰਦੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਬੀਤੇ ਕੱਲ ਸਵੇਰੇ ਲਗਭਗ 10 ਵਜੇ ਉਹਨਾਂ ਦੀ ਮਾਤਾ ਬੀਬੀ ਸਰੋਜ ਬਾਲਾ (63 ਸਾਲ) ਦੀ ਸੰਖੇਪ ਬਿਮਾਰੀ ਦੌਰਾਨ ਮੌਤ ਗਈ ।ਉਹਨਾਂ ਦੀ ਮੌਤ 'ਤੇ ਇਲਾਕੇ ਭਰ ਦੀਆਂ

19-Dec-PAGE-4.qxd 12/18/2024 10:55 PM Page 1

ਨਵਾਂ ਜ਼ਮਾਨਾ
ਵੀਰਵਾਰ, 19 ਦਸੰਬਰ 2024

ਦੋ ਰਿਪੋਰਟਾਂ

ਕਿਸਾਨਾਂ, ਖੇਤ ਮਜ਼ਦੂਰਾਂ ਤੇ ਮਨਰੇਗਾ ਮਜ਼ਦੂਰਾਂ ਬਾਰੇ ਮੰਗਲਵਾਰ ਲੋਕ ਸਭਾ ਵਿੱਚ ਦੋ ਰਿਪੋਰਟਾਂ ਪੇਸ਼ ਕੀਤੀਆਂ ਗਈਆਂ। ਪਿਛਲੇ ਸਾਲ ਪੰਜਾਬ ਤੇ ਹਰਿਆਣਾ 'ਚ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਦੇ ਬਾਅਦ ਕਾਂਗਰਸ ਸਾਂਸਦ ਚਰਨਜੀਤ ਸਿੰਘ ਚੰਨੀ ਦੀ ਚੇਅਰਮੈਨੀ 'ਚ ਖੇਤੀ, ਪਸ਼ੂ ਪਾਲਣ ਤੇ ਫੂਡ ਪ੍ਰੋਸੈਸਿੰਗ ਸੰਬੰਧੀ ਸਟੈਂਡਿੰਗ ਕਮੇਟੀ ਦਾ ਗਠਨ ਕੀਤਾ ਗਿਆ ਸੀ, ਜਿਸ ਨੇ ਆਪਣੀ ਰਿਪੋਰਟ 'ਚ ਖੇਤੀ ਤੇ ਕਿਸਾਨ ਭਲਾਈ ਮੰਤਰਾਲੇ ਦਾ ਨਾਂ ਬਦਲ ਕੇ ਖੇਤੀ, ਕਿਸਾਨ ਤੇ ਖੇਤ ਮਜ਼ਦੂਰ ਭਲਾਈ ਮੰਤਰਾਲਾ ਕਰਨ ਦੀ ਸਿਫਾਰਸ਼ ਕੀਤੀ ਹੈ। ਇਸ ਨੇ 'ਪੀ ਐੱਮ-ਕਿਸਾਨ ਯੋਜਨਾ' ਤਹਿਤ ਕਿਸਾਨਾਂ ਨੂੰ ਦਿੱਤੇ ਜਾ ਰਹੇ ਛੇ ਹਜ਼ਾਰ ਰੁਪਏ ਸਾਲਾਨਾ ਨੂੰ ਦੁੱਗਣੇ ਕਰਕੇ ਬਾਰਾਂ ਹਜ਼ਾਰ ਰੁਪਏ ਕਰਨ ਲਈ ਵੀ ਕਿਹਾ ਹੈ। ਕਮੇਟੀ ਦਾ ਵਿਚਾਰ ਹੈ ਕਿ ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਇਹ ਰਕਮ ਬਟਾਈਦਾਰ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਵੀ ਦਿੱਤੀ ਜਾਵੇ। ਇਹ ਖੇਤੀ ਵਿੱਚ ਕੰਮ ਕਰਨ ਵਾਲੇ ਲੋਕਾਂ ਦੀਆਂ ਲੋੜਾਂ ਪੂਰੀਆਂ ਕਰਨ ਵੱਲ ਅਹਿਮ ਜਤਨ ਹੋਵੇਗਾ। ਕਮੇਟੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਕਿਸਾਨਾਂ ਲਈ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਲਾਗੂ ਕਰਨ ਵਾਸਤੇ ਛੇਤੀ ਤੋਂ ਛੇਤੀ ਇਕ ਰੋਡਮੈਪ ਐਲਾਨਿਆ ਜਾਵੇ। ਇਸ ਦੇ ਐਲਾਨ ਤੋਂ ਪਹਿਲਾਂ ਕਿਸਾਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ ਜਾਵੇ। ਕਮੇਟੀ ਨੇ ਇਹ ਵੀ ਕਿਹਾ ਹੈ ਕਿ ਕੌਮਾਂਤਰੀ ਦਰਾਮਦ-ਬਰਾਮਦ ਨੀਤੀ ਬਦਲਣ ਨਾਲ ਕਿਸਾਨਾਂ ਨੂੰ ਨੁਕਸਾਨ ਹੁੰਦਾ ਹੈ। ਇਸ ਲਈ ਕਮੇਟੀ ਨੇ ਸਿਫਾਰਸ਼ ਕੀਤੀ ਹੈ ਕਿ ਖੇਤੀ ਲਾਗਤ ਤੇ ਕੀਮਤ ਕਮਿਸ਼ਨ ਦੀ ਤਰਜ਼ 'ਤੇ ਇੱਕ ਸਥਾਈ ਸੰਸਥਾ ਬਣਾਈ ਜਾ ਸਕਦੀ ਹੈ ਅਤੇ ਇਸ ਵਿੱਚ ਖੇਤੀ ਮਾਹਰਾਂ ਦੇ ਨਾਲ-ਨਾਲ ਕਿਸਾਨਾਂ ਦੇ ਨੁਮਾਇੰਦਿਆਂ ਨੂੰ ਲਾਜ਼ਮੀ ਤੌਰ 'ਤੇ ਸ਼ਾਮਲ ਕੀਤਾ ਜਾਵੇ। ਕੁਲ ਮਿਲਾ ਕੇ ਕਮੇਟੀ ਚਾਹੁੰਦੀ ਹੈ ਕਿ ਕਿਸਾਨਾਂ ਲਈ ਜਿਹੜੀ ਵੀ ਨੀਤੀ ਬਣੇ, ਉਸ ਵਿੱਚ ਉਨ੍ਹਾਂ ਦੇ ਨੁਮਾਇੰਦੇ ਸ਼ਾਮਲ ਹੋਣ। ਕਮੇਟੀ ਨੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਕਰਜ਼ੇ ਮੁਆਫ ਕਰਨ ਲਈ ਇੱਕ ਯੋਜਨਾ ਸ਼ੁਰੂ ਕਰਨ ਦੀ ਸਿਫਾਰਸ਼ ਵੀ ਕੀਤੀ ਹੈ। ਇਸ ਨੇ ਖੇਤ ਮਜ਼ਦੂਰਾਂ ਨੂੰ ਲੰਬੇ ਸਮੇਂ ਤੋਂ ਪੈਂਡਿੰਗ ਅਧਿਕਾਰ ਦੇਣ ਲਈ ਛੇਤੀ ਤੋਂ ਛੇਤੀ ਇੱਕ ਕੌਮੀ ਕਮਿਸ਼ਨ ਕਾਇਮ ਕਰਨ ਦੀ ਸਿਫਾਰਸ਼ ਕੀਤੀ ਹੈ, ਜਿਹੜਾ ਖੇਤ ਮਜ਼ਦੂਰਾਂ ਲਈ ਲਾਹੇਵੰਦ ਮਜ਼ਦੂਰੀ ਯਕੀਨੀ ਬਣਾਵੇ। ਕਮੇਟੀ ਨੇ ਇਹ ਵੀ ਸਿਫਾਰਸ਼ ਕੀਤੀ ਹੈ ਕਿ ਕੇਂਦਰ ਸਰਕਾਰ ਦੀ ਸਿਹਤ ਬੀਮਾ ਯੋਜਨਾ 'ਪ੍ਰਧਾਨ ਮੰਤਰੀ ਜਨ ਆਰੋਗਯ ਯੋਜਨਾ' ਦੀ ਤਰਜ਼ 'ਤੇ ਦੋ ਹੈਕਟੇਅਰ ਤੱਕ ਦੇ ਮਾਲਕ ਛੋਟੇ ਕਿਸਾਨਾਂ ਨੂੰ ਲਾਜ਼ਮੀ ਫਸਲ ਬੀਮਾ ਪ੍ਰਦਾਨ ਕਰਨ ਦੀ ਸੰਭਾਵਨਾ ਦਾ ਪਤਾ ਲਾਇਆ ਜਾਵੇ। ਇਸ ਯੋਜਨਾ ਦਾ ਫਾਇਦਾ ਦੇਸ਼ ਦੇ ਨਾਗਰਿਕਾਂ ਨੂੰ ਦਿੱਤਾ ਜਾ ਰਿਹਾ ਹੈ ਪਰ ਕਿਸਾਨਾਂ ਲਈ ਇਸ ਤਰ੍ਹਾਂ ਦਾ ਵੱਖਰਾ ਉਪਾਅ ਕੀਤਾ ਜਾਵੇ।

ਇੱਕ ਹੋਰ ਸਟੈਂਡਿੰਗ ਕਮੇਟੀ ਨੇ ਮਨਰੇਗਾ ਮਜ਼ਦੂਰਾਂ ਦੀਆਂ ਉਜਰਤਾਂ ਵਿੱਚ ਵਾਧੇ ਦੀ ਸਿਫਾਰਸ਼ ਕੀਤੀ ਹੈ, ਕਿਉਂਕਿ ਵਰਤਮਾਨ ਉਜਰਤਾਂ ਵਧਦੀ ਮਹਿੰਗਾਈ ਨੂੰ ਕਾਟ ਨਹੀਂ ਕਰਦੀਆਂ। ਕਮੇਟੀ ਨੇ ਉਜਰਤ ਨੂੰ ਨੋਟ ਪਸਾਰੇ ਦੇ ਸੂਚਕ ਅੰਕ ਨਾਲ ਜੋੜਨ ਲਈ ਵੀ ਕਿਹਾ ਹੈ। ਕਮੇਟੀ ਨੇ 2008 ਤੋਂ ਸ਼ੁਰੂ ਮਨਰੇਗਾ ਤਹਿਤ ਹੁਣ ਤੱਕ ਦਿੱਤੀਆਂ ਜਾ ਰਹੀਆਂ ਉਜਰਤਾਂ ਦਾ ਅਧਿਅਨ ਕੀਤਾ। ਪੇਂਡੂ ਵਿਕਾਸ ਮੰਤਰਾਲੇ ਨੇ ਕਮੇਟੀ ਨੂੰ ਦੱਸਿਆ ਕਿ ਜੇ ਹੋਰ ਕੰਮ ਨਾ ਹੋਵੇ ਤਾਂ ਹੀ ਮਨਰੇਗਾ ਤਹਿਤ ਕੰਮ ਦਿੱਤਾ ਜਾਂਦਾ ਹੈ। ਪਰ ਕਮੇਟੀ ਨੇ ਕਿਹਾ ਕਿ ਘੱਟ ਉਜਰਤ ਤੇ ਦੇਰ ਨਾਲ ਅਦਾਇਗੀ ਕਾਰਨ ਮਜ਼ਦੂਰ ਪਿੰਡਾਂ ਵਿੱਚੋਂ ਹਿਜਰਤ ਕਰਨ ਲਈ ਮਜਬੂਰ ਹੁੰਦੇ ਹਨ। ਕਮੇਟੀ ਨੇ ਕਿਹਾ ਹੈ ਕਿ 2009-10 ਨੂੰ ਆਧਾਰ ਸਾਲ ਮੰਨ ਕੇ ਉਜਰਤਾਂ ਵਧਾਉਣ ਦਾ ਫਾਰਮੂਲਾ ਠੀਕ ਨਹੀਂ ਤੇ ਇਸ ਵਿੱਚ ਸੁਧਾਰ ਲਿਆਂਦਾ ਜਾਵੇ। ਕਮੇਟੀ ਨੇ ਦੁੱਖ ਪ੍ਰਗਟਾਇਆ ਹੈ ਕਿ ਪੇਂਡੂ ਵਿਕਾਸ ਮੰਤਰਾਲੇ ਨੇ ਉਜਰਤਾਂ ਵਧਾਉਣ ਬਾਰੇ ਕੋਈ ਠੋਸ ਹੁੰਗਾਰਾ ਨਹੀਂ ਭਰਿਆ।

ਦੇਸ਼ ਦੇ ਕਿਸਾਨ, ਖੇਤ ਮਜ਼ਦੂਰ ਤੇ ਮਨਰੇਗਾ ਮਜ਼ਦੂਰ ਆਪਣੇ ਹੱਕਾਂ ਲਈ ਲਗਾਤਾਰ ਅੰਦੋਲਨ ਕਰ ਰਹੇ ਹਨ। ਕਿਸਾਨਾਂ ਤੇ ਮਜ਼ਦੂਰਾਂ ਦੇ ਭਲੇ ਲਈ ਬਹੁਤ ਕੁਝ ਕਰਨ ਦਾ ਦਾਅਵਾ ਕਰਨ ਵਾਲੀ ਮੋਦੀ ਸਰਕਾਰ ਨੂੰ ਸਟੈਂਡਿੰਗ ਕਮੇਟੀਆਂ ਦੀਆਂ ਸਿਫਾਰਸ਼ਾਂ 'ਤੇ ਛੇਤੀ ਤੋਂ ਛੇਤੀ ਅਮਲ ਕਰਨਾ ਚਾਹੀਦਾ ਹੈ। ਬਿਆਨਾਂ ਨਾਲ ਹੀ ਕਿਸਾਨਾਂ ਤੇ ਮਜ਼ਦੂਰਾਂ ਦੀ ਤਸੱਲੀ ਨਹੀਂ ਹੋਣੀ।

ਪਾਠਕ-ਸੱਥ

ਤਾਨਾਸ਼ਾਹੀ ਨੂੰ ਟੱਕਰ ਦਿੱਤੀ ਜਾਵੇ

18 ਦਸੰਬਰ ਦੀ ਸੰਪਾਦਕੀ "ਤਾਨਾਸ਼ਾਹੀ ਨੂੰ ਚੋਣਾਂ ਰਾਹੀਂ ਹਰਾਉਣਾ ਅਸੰਭਵ" ਤੁਸੀਂ ਬਿਲਕੁਲ ਦਰੁਸਤ ਲਿਖਿਆ ਹੈ। ਸੰਪਾਦਕੀ ਕਮਿਊਨਿਸਟਾਂ ਨੂੰ ਇੱਕ ਵਾਰ ਫਿਰ ਸਮਾਜਿਕ ਤਬਦੀਲੀ ਲਈ ਜਮਾਤੀ ਸੰਘਰਸ਼ ਉੱਪਰ ਟੇਕ ਛੱਡ ਕੇ ਬੁਰਜੂਆ ਪਾਰਲੀਮਾਨੀ ਚੋਣ ਪ੍ਰਣਾਲੀ ਉੱਪਰ ਟੇਕ ਪ੍ਰਤੀ ਅਪਣਾਈ ਸੋਧਵਾਦੀ ਲਾਈਨ ਬਾਰੇ ਸੋਚਣ ਲਈ ਮਜਬੂਰ ਕਰਦੀ ਹੈ।

ਇਹ ਵੀ ਸੋਚਣ ਵਾਲੀ ਗੱਲ ਹੈ ਕਿ ਬੰਗਾਲ ਅੰਦਰ ਕਮਿਊਨਿਸਟਾਂ ਦੇ 34 ਸਾਲ ਅਤੇ ਤ੍ਰਿਪੁਰਾ 'ਚ ਕੋਈ 20 ਸਾਲ ਅਤੇ ਕੇਰਲ ਵਿੱਚ ਹਕੂਮਤ ਨੇ ਹੁਣ ਤੱਕ ਕਿਸ ਬੁਨਿਆਦੀ ਸਮਾਜਿਕ ਪਰਿਵਰਤਨ ਨੂੰ ਅੰਜਾਮ ਦਿੱਤਾ ਹੈ ਸਗੋਂ ਸੱਤਾ ਉੱਪਰ ਫਿਰਕੂ ਅਤੇ ਪ੍ਰਤੀਕਿਰਿਆਵਾਦੀ ਤਾਕਤਾਂ ਕਾਬਜ਼ ਹੋ ਗਈਆਂ, ਜਿਹੜੀਆਂ ਅੱਜ ਕਮਿਊਨਿਸਟਾਂ ਦੀ ਆਪਣੀ ਹੋਂਦ ਲਈ ਖਤਰਾ ਬਣੀਆਂ ਹੋਈਆਂ ਹਨ।

ਯਾਦ ਰਹੇ 1957 ਵਿੱਚ ਬੁਰਜੂਆ ਚੋਣ ਪ੍ਰਣਾਲੀ ਰਾਹੀਂ ਕੇਰਲਾ ਵਿੱਚ ਚੁਣੀ ਕਮਿਊਨਿਸਟ ਸਰਕਾਰ ਨੂੰ 1959 ਵਿੱਚ ਕਿਉਂ ਭੰਗ ਕੀਤਾ ਗਿਆ, ਵੋਟਾਂ ਰਾਹੀਂ ਚੁਣੇ ਚਿੱਲੀ ਦੇ ਕਮਿਊਨਿਸਟ ਰਾਸ਼ਟਰਪਤੀ ਦਾ ਤਖਤਾ ਕਿਉਂ ਪਲਟਿਆ ਗਿਆ, 1965 ਵਿੱਚ ਇੰਡੋਨੇਸ਼ੀਆ ਦੇ ਰਾਸ਼ਟਰਪਤੀ ਡਾਕਟਰ ਸੁਕਰਨੋ ਦਾ ਤਖਤਾ ਪਲਟ ਕੇ 20 ਲੱਖ ਦੇ ਕਰੀਬ ਕਮਿਊਨਿਸਟਾਂ ਦਾ ਕਤਲ ਅਤੇ ਹੋਰ ਅਨੇਕਾਂ ਉਦਰਾਹਨਾਂ ਹਨ। ਹੁਣ ਸਮਾਂ ਹੈ ਮਿਲ ਬੈਠ ਕੇ ਸਿਧਾਂਤਕ ਪਹੁੰਚ ਦਰੁਸਤ ਅਪਣਾ ਕੇ ਤਾਨਾਸ਼ਾਹੀ ਅਤੇ ਫਾਸ਼ੀਵਾਦੀ ਤਾਕਤਾਂ ਦਾ ਮੁਕਾਬਲਾ ਕਰ ਸਕੀਏ।

-ਪਵਨ ਕੁਮਾਰ ਕੌਸ਼ਲ, ਦੋਰਾਹਾ

ਸ਼ਹਾਦਤ ਦਾ ਮਹੀਨਾ ਪੋਹ

ਪੋਹ ਦਾ ਜੋ ਮਹੀਨਾ ਹੈ , ਉਹ ਸ਼ਹਾਦਤ ਦਾ ਮਹੀਨਾ ਹੈ।ਇਸ ਮਹੀਨੇ ਸਿੱਖ ਧਰਮ 'ਚ ਬਹੁਤ ਹੀ ਸਾਰੀਆਂ ਕੁਰਬਾਨੀਆਂ ਹੋਈਆਂ ਸਨ। ਇਸ ਮਹੀਨੇ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦਾ ਪਰਵਾਰ ਦਾ ਵਿਛੋੜਾ ਪਿਆ ਸੀ।ਉਸ ਤੋਂ ਬਾਅਦ ਚਮਕੌਰ ਸਾਹਿਬ ਚ ਗੁਰੂ ਸਾਹਿਬ ਦੇ ਦੋ ਵੱਡੇ ਸਾਹਿਬਜ਼ਾਦੇ ਤੇ ਹੋਰ ਬਹੁਤ ਸਿੰਘ ਸ਼ਹੀਦ ਹੋਏ । ਦੋ ਛੋਟੇ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਸਰਹਿੰਦ 'ਚ ਨੀਹਾਂ 'ਚ ਚਿਣ ਦਿੱਤਾ ਗਿਆ ਸੀ। ਸਿੱਖ ਧਰਮ 'ਤੇ ਸਮੁੱਚੀ ਕੌਮ ਲਈ ਇਹ ਮਹੀਨਾ ਆਪਣਾ ਵਿਲੱਖਣ ਤੇ ਗੌਰਵਮਈ ਇਤਿਹਾਸ ਸਮੋਈ ਬੈਠਾ ਹੈ।ਹਰ ਇੱਕ ਤਰੀਕ ਦਾ ਵੱਖਰਾ ਹੀ ਇਤਿਹਾਸ ਹੈ।

-ਗੁਰਿੰਦਰ ਪਾਲ ਸਿੰਘ ਰਾਜਪੁਰਾ

ਸਥਾਨਕ ਸਰਕਾਰਾਂ ਸਰਕਾਰੀ ਹੱਥਠੋਕਾ ਨਾ ਬਣਨ

ਗੁਰਮੀਤ ਸਿੰਘ ਪਲਾਹੀ

ਸਥਾਨਕ ਸਰਕਾਰਾਂ ਅਰਥਾਤ ਨਗਰ ਨਿਗਮ, ਨਗਰ ਕੌਂਸਲਾਂ, ਮਿਊਂਸਪਲ ਪੰਚਾਇਤਾਂ, ਗ੍ਰਾਮ ਪੰਚਾਇਤਾਂ , ਬਲਾਕ ਸੰਮਤੀਆਂ, ਜ਼ਿਲ੍ਹਾ ਪ੍ਰੀਸ਼ਦਾਂ ਸਰਕਾਰ ਵੱਲੋਂ ਸਰਕਾਰੀ ਸੰਸਥਾਵਾਂ ਬਣਾ ਕੇ ਰੱਖ ਦਿੱਤੀਆਂ ਗਈਆਂ ਹਨ, ਹਾਲਾਂਕਿ ਵਿਧਾਨਿਕ ਤੌਰ 'ਤੇ ਸਥਾਨਕ ਸਰਕਾਰਾਂ ਦਾ ਰੁਤਬਾ ਲੋਕ ਸਭਾ, ਵਿਧਾਨ ਸਭਾ ਵਰਗਾ ਹੈ।

ਦੇਸ਼ ਦੀ ਸਰਕਾਰ ਚੁਣਨ ਲਈ ਲੋਕ ਸਭਾ ਦੀ ਚੋਣ ਹਰ ਪੰਜ ਵਰ੍ਹਿਆਂ ਬਾਅਦ ਹੁੰਦੀ ਹੈ। ਸੂਬੇ ਦੀ ਵਿਧਾਨ ਸਭਾ ਦੀ ਚੋਣ ਵੀ ਹਰ ਪੰਜ ਵਰ੍ਹਿਆਂ ਬਾਅਦ ਚੁਣੀ ਜਾਂਦੀ ਹੈ। ਸਥਾਨਕ ਸਰਕਾਰਾਂ ਦੀ ਚੋਣ ਵੀ ਪੰਜ ਵਰ੍ਹਿਆਂ ਬਾਅਦ ਕੀਤੀ ਜਾਣੀ ਤਹਿ ਹਨ, ਪਰ ਕਿਉਂਕਿ ਸੂਬਾ ਸਰਕਾਰ ਸਥਾਨਕ ਸਰਕਾਰਾਂ ਦੇ ਉਤੇ ਹੈ ਅਤੇ ਸਰਕਾਰ ਵੱਲੋਂ ਨਿਯਮਾਂ-ਵਿਨਿਯਮਾਂ ਦੀ ਵਰਤੋਂ ਕਰਦਿਆਂ ਇਨ੍ਹਾਂ ਸੰਸਥਾਵਾਂ ਦੀਆਂ ਚੋਣਾਂ ਸਿਆਸੀ ਲਾਹਾ ਲੈਣ ਲਈ ਲਮਕਾ ਦਿੱਤੀਆਂ ਜਾਂਦੀਆਂ ਹਨ।

ਪੰਚਾਇਤ ਐਕਟ ਅਨੁਸਾਰ ਗ੍ਰਾਮ ਪੰਚਾਇਤਾਂ ਦੀ ਚੋਣ 5 ਵਰ੍ਹਿਆਂ ਬਾਅਦ ਕਰਵਾਉਣੀ ਹੀ ਪੈਂਦੀ ਹੈ। ਪੰਜਾਬ 'ਚ ਇਸ ਵੇਰ ਸਮੇਂ ਤੋਂ ਪਹਿਲਾਂ ਪੰਚਾਇਤਾਂ ਭੰਗ ਕਰਕੇ ਪਿੰਡਾਂ ਦੇ ਲੋਕਾਂ ਦੇ ਸੰਵਿਧਾਨਿਕ ਹੱਕ ਖੋਹਣ ਦਾ ਯਤਨ ਹੋਇਆ, ਫਿਰ 5 ਸਾਲ ਪੂਰੇ ਹੋਣ ਉਪਰੰਤ ਪੰਚਾਇਤਾਂ ਦੇ ਪ੍ਰਬੰਧਕ ਲਗਾ ਦਿੱਤੇ ਗਏ ਅਤੇ ਪੰਚਾਇਤਾਂ ਦਾ ਕੰਮਕਾਰ ਸਿੱਧਾ ਸਰਕਾਰੀ ਮਸ਼ੀਨਰੀ ਦੇ ਹੱਥ ਆ ਗਿਆ।

ਪੰਜਾਬ ਹਰਿਆਣਾ ਹਾਈ ਕੋਰਟ ਦੇ ਹੁਕਮਾਂ 'ਤੇ ਹੀ ਪੰਚਾਇਤਾਂ, (ਜੋ ਪਿੰਡ ਦੀ ਮੁਢਲੀ ਸਥਾਨਕ ਸਰਕਾਰ ਹੈ) ਦੀਆਂ ਚੋਣਾਂ ਹੋ ਸਕੀਆਂ। ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੀਆਂ ਚੋਣਾਂ ਦੀ ਮਿਆਦ ਕਦੋਂ ਦੀ ਮੁੱਕ ਚੁੱਕੀ ਹੈ, ਪਰ ਇਨ੍ਹਾਂ ਦੀ ਚੋਣ ਦਾ ਹਾਲੇ ਕੋਈ ਨਾਮੋ-ਨਿਸ਼ਾਨ ਨਹੀਂ ਦਿਸਦਾ।

ਜਿਵੇਂ ਪੰਜਾਬ ਦੇ ਪਿੰਡਾਂ ਦੇ ਲੋਕਾਂ ਨੇ ਕਾਨੂੰਨੀ ਰਾਹ ਨਾਲ ਚੋਣਾਂ ਕਰਵਾਈਆਂ, ਇਵੇਂ ਹੀ ਪੰਜਾਬ ਦੇ ਸ਼ਹਿਰੀ ਲੋਕਾਂ ਨੇ ਪੰਜਾਬ ਹਰਿਆਣਾ ਹਾਈ ਕੋਰਟ ਦਾ ਦਰ ਖੜਕਾ ਮਿਊਂਸਪਲ ਚੋਣਾਂ ਦਾ ਰਾਹ ਖੁੱਲ੍ਹਵਾਇਆ। ਪੰਜ ਨਗਰ ਨਿਗਮਾਂ ਅਤੇ 44 ਨਗਰ ਕੌਂਸਲਾਂ, ਪੰਚਾਇਤਾਂ ਦੀਆਂ ਚੋਣਾਂ ਅਦਾਲਤੀ ਹੁਕਮਾਂ 'ਤੇ ਹੀ ਸਿਰੇ ਚੜ੍ਹ ਸਕੀਆਂ ਹਨ।

ਫਗਵਾੜਾ ਨਗਰ ਨਿਗਮ ਦੀ ਚੋਣ 10 ਵਰ੍ਹਿਆਂ ਬਾਅਦ, ਹੋਰ 4 ਨਿਗਮਾਂ ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਜਲੰਧਰ ਦੀਆਂ ਚੋਣਾਂ ਮਿਆਦ ਬੀਤਣ ਦੇ ਲੰਮਾ ਸਮਾਂ ਬਾਅਦ ਹੀ ਦੇਸ਼ ਦੀ ਉੱਚ ਅਦਾਲਤ ਦੇ ਹੁਕਮਾਂ 'ਤੇ ਹੋ ਸਕੀਆਂ ਹਨ।

ਹੁਣ ਜਦੋਂ ਇਹਨਾਂ ਚੋਣਾਂ ਦਾ ਬਿਗਲ ਵੱਜ ਚੁੱਕਾ ਹੈ, ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਆਪੋ-ਆਪਣਾ ਸਿਆਸੀ ਅਧਾਰ ਪੱਕਾ ਕਰਨ ਲਈ ਪਾਰਟੀ ਚੋਣ ਨਿਸ਼ਾਨਾਂ 'ਤੇ ਚੋਣਾਂ ਲੜ ਰਹੀਆਂ ਹਨ। ਸਥਾਨਕ ਪਾਰਟੀ ਵਰਕਰ ਇਹਨਾ ਚੋਣਾਂ 'ਚ ਸਰਗਰਮ ਹਨ। ਸਥਾਨਕ ਪੱਧਰ 'ਤੇ ਪਾਰਟੀਆਂ ਵੱਲੋਂ ਆਪਸੀ ਗੱਠਜੋੜ ਵੇਖਣ ਨੂੰ ਮਿਲ ਰਹੇ ਹਨ, ਕਿਧਰੇ ਭਾਜਪਾ-ਅਕਾਲੀ ਇਕੱਠੇ ਦਿਖ ਰਹੇ ਹਨ, ਕਿਧਰੇ ਕਾਂਗਰਸ-ਬਸਪਾ ਗੱਠਜੋੜ ਹੈ, ਪਰ ਆਮ ਤੌਰ 'ਤੇ ਸਾਰੀਆਂ ਸਿਆਸੀ ਧਿਰਾਂ ਆਪਣੇ ਉਮੀਦਵਾਰ ਖੜੇ ਕਰਕੇ ਆਉਣ ਵਾਲੀਆਂ 2027 ਦੀਆਂ ਚੋਣਾਂ ਲਈ ਆਪਣਾ ਪਾਰਟੀ ਕਾਡਰ ਬਣਾ ਰਹੀਆਂ ਹਨ।

ਇਸ ਕੰਮ ਵਿੱਚ ਆਮ ਆਦਮੀ ਪਾਰਟੀ ਵਧੇਰੇ ਪਹਿਲਕਦਮੀ ਕਰਦਿਆਂ, ਆਪਣੇ ਸਿਆਸੀ ਪ੍ਰਭਾਵ ਨਾਲ ਵੀ ਦੂਜੀਆਂ ਪਾਰਟੀਆਂ ਦੇ ਵਰਕਰਾਂ ਨੂੰ ਆਪਣੇ ਨਾਲ ਮਿਲਾ ਰਹੀ ਹੈ। ਜਿਥੇ ਹੋਰ ਪਾਰਟੀਆਂ ਦੇ ਨੇਤਾ ਆਪਣੇ ਸੂਬਾ ਪ੍ਰਧਾਨ ਦੀ ਅਗਵਾਈ 'ਚ ਚੋਣ ਮੈਦਾਨ ਵਿੱਚ ਹਨ, ਉਥੇ ਭਾਜਪਾ ਪ੍ਰਧਾਨ ਤੋਂ ਸੱਖਣੀ ਇਹ ਚੋਣ ਲੜ ਰਹੀ ਹੈ, ਹਾਲਾਂਕਿ ਘੱਟੋ-ਘੱਟ 5 ਨਗਰ ਨਿਗਮਾਂ ਅਤੇ ਹੋਰ ਸ਼ਹਿਰੀ ਖੇਤਰਾਂ 'ਚ ਭਾਜਪਾ ਦੇ ਵਰਕਰ ਵੱਧ ਹਨ ਅਤੇ ਉਹ ਸਰਗਰਮੀਆਂ ਨਾਲ ਚੋਣ ਲੜ ਰਹੇ ਹਨ।

ਇਵੇਂ ਹੀ ਸ਼੍ਰੋਮਣੀ ਅਕਾਲੀ ਦਲ, ਜੋ ਖ਼ਾਸ ਕਰਕੇ ਅੰਮ੍ਰਿਤਸਰ, ਪਟਿਆਲਾ ਤੇ ਲੁਧਿਆਣਾ 'ਚ ਵੱਡੇ ਕਾਡਰ ਵਾਲਾ 'ਦਲ' ਗਿਣਿਆ ਜਾਂਦਾ ਸੀ, ਪ੍ਰਧਾਨ ਦੀ ਅਗਵਾਈ ਤੋਂ ਸੱਖਣਾ ਅਤੇ ਆਪਸੀ ਕਾਟੋ-ਕਲੇਸ਼ ਕਾਰਨ ਆਪਣਾ ਸ਼ਹਿਰਾਂ ਵਿਚਲਾ ਅਧਾਰ ਗੁਆ ਰਿਹਾ ਹੈ, ਕਿਉਂਕਿ ਬਹੁਤੇ ਥਾਵਾਂ ਉਤੇ ਉਸ ਵੱਲੋਂ ਆਪਣੇ ਉਮੀਦਵਾਰ ਹੀ ਖੜੇ ਨਹੀਂ ਕੀਤੇ ਜਾ ਸਕੇ। ਹਾਂ, ਕੁਝ ਥਾਵਾਂ ਉਤੇ ਉਸ ਵੱਲੋਂ ਆਪਣੇ ਪੁਰਾਣੇ ਸਾਥੀ ਭਾਜਪਾ ਨਾਲ ਗਲਵਕੜੀ ਪਾਈ ਦਿਸਦੀ ਹੈ।

ਮਿਊਂਸਪਲ ਚੋਣਾਂ ਦੇ ਨਤੀਜੇ ਕੁਝ ਵੀ ਹੋਣ, ਇਹਨਾ ਚੋਣਾਂ 'ਚ ਪੂਰੀ ਗਹਿਗਚ ਹੈ। ਕਾਂਗਰਸ, ਆਪ ਦੀ ਟੱਕਰ ਸਿੱਧੀ ਹੈ, ਹਾਲਾਂਕਿ ਭਾਜਪਾ ਵੀ ਸ਼ਹਿਰਾਂ ਵਿੱਚ ਪ੍ਰਭਾਵ ਦਿਖਾ ਰਹੀ ਹੈ ਅਤੇ ਬਸਪਾ, ਸ਼੍ਰੋਮਣੀ ਅਕਾਲੀ ਦਲ ਆਪਣੀ ਹੋਂਦ ਘੱਟੋ-ਘੱਟ ਜਲੰਧਰ, ਫਗਵਾੜਾ 'ਚ ਜ਼ਰੂਰ ਵਿਖਾਏਗਾ। ਇਹਨਾ ਚੋਣਾਂ 'ਚ ਪ੍ਰਚਾਰ ਲਈ ਉਮੀਦਵਾਰਾਂ ਕੋਲ ਕੁਝ ਦਿਨ ਹੀ ਹਨ। ਚੋਣ 21 ਦਸੰਬਰ ਨੂੰ ਹੋਣੀ ਹੈ, ਪਰ ਸਰਗਰਮੀ, ਗਹਿਮਾ-ਗਹਿਮੀ ਵੱਡੀ ਵਿਖਾਈ ਦਿੰਦੀ ਹੈ।

ਪੰਜਾਬ 'ਚ ਸਾਲ 2024 ਦਾ ਵਰ੍ਹਾ ਚੋਣਾਂ ਦਾ ਅਤੇ ਸਿਆਸੀ ਤਾਕਤ ਦਿਖਾਉਣ ਅਤੇ ਲੋਕਾਂ ਨੂੰ ਭਰਮਾਉਣ ਦਾ ਵਰ੍ਹਾ ਹੀ ਰਿਹਾ ਹੈ। ਸਾਲ 2024 ਦੇ ਸ਼ੁਰੂ 'ਚ ਪਹਿਲਾਂ ਲੋਕ ਸਭਾ ਚੋਣਾਂ ਹੋਈਆਂ। ਭਾਜਪਾ ਨੇ ਦੇਸ਼ 'ਚ ਜਿੱਤ ਪ੍ਰਾਪਤ ਕੀਤੀ। ਪੰਜਾਬ 'ਚ ਕਾਂਗਰਸ 'ਆਪ' ਤੋਂ ਬਾਜ਼ੀ ਮਾਰ ਗਈ।

ਸਵਾਲ ਪੈਦਾ ਹੁੰਦਾ ਹੈ ਕਿ ਸਥਾਨਕ ਸਰਕਾਰਾਂ ਦੀ ਚੋਣ ਜਿਸ ਢੰਗ ਨਾਲ ਕਰਵਾਈ ਜਾਂਦੀ ਹੈ, ਉਸ ਨਾਲ ਕੀ ਸੱਚਮੁੱਚ ਸਥਾਨਕ ਲੋਕਾਂ ਦੇ ਸਹੀ ਨੁਮਾਇੰਦੇ ਚੁਣੇ ਜਾਂਦੇ ਹਨ? ਕੀ ਇਸ ਤਰ੍ਹਾਂ ਚੁਣੇ ਹੋਏ ਨੁਮਾਇੰਦੇ ਲੋਕ ਸੇਵਾ ਲਈ ਆਪਣੇ ਆਪ ਨੂੰ ਸਮਰਪਿਤ ਰਹਿੰਦੇ ਹਨ? ਕੀ ਉਹ ਵਿਕਾ

19-Dec-PAG-5.qxd 12/18/2024 10:40 PM Page 1

ਸਪੀਕਰ ਸੰਧਵਾਂ ਵੱਲੋਂ ਡੱਗੋ ਰੋਮਾਣਾ ਵਿਖੇ ਲੋਕ ਮਿਲਣੀ

ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਦੀ ਸਲਾਹ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਲਿਆ ਅਹਿਦ ਕਿ ਸਰਕਾਰ ਪਿੰਡਾਂ ਵੱਲੋਂ ਚੱਲੇਗੀ, ਪੂਰਾ ਹੋ ਗਿਆ ਹੈ ਕਿਉਂਕਿ ਸਰਕਾਰ ਦੇ ਨੁਮਾਇੰਦੇ ਹੁਣ ਲੋਕਾਂ ਦੀਆਂ ਬਰੂਹਾਂ 'ਤੇ ਜਾ ਕੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਦੂਰ ਕਰ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਹਲਕੇ ਦੇ ਪਿੰਡ ਡੱਗੋ ਰੋਮਾਣਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਲੋਕਾਂ ਦੇ ਰੂ-ਬ-ਰੂ ਹੁੰਦਿਆਂ ਕੀਤਾ।ਮੰਗਲਵਾਰ ਪਿੰਡ ਡੱਗੋ ਰੋਮਾਣਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਜਿੱਥੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਲੋਕਾਂ ਦੇ ਸਨਮੁੱਖ ਹੋਏ, ਉੱਥੇ ਹੀ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ ਵੱਖ ਵਿਭਾਗਾਂ ਦੇ ਨੁਮਾਇੰਦੇ ਵੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਦੂਰ ਕਰਨ ਲਈ ਹਾਜ਼ਰ ਹੋਏ। ਇਸ ਮੌਕੇ ਸੰਧਵਾਂ ਨੇ ਪਿੰਡ ਡੱਗੋ ਰੋਮਾਣਾ ਅਤੇ ਆਸ ਪਾਸ ਦੇ ਪਿੰਡਾਂ ਦੀਆਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਹਾਜ਼ਰ ਅਧਿਕਾਰੀਆਂ ਨੂੰ ਤੁਰੰਤ ਹੱਲ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਇਸ ਦੇ ਨਾਲ ਹੀ ਲੋਕਾਂ ਨੂੰ ਮੌਕੇ 'ਤੇ ਸਰਕਾਰ ਦੀਆਂ ਚਲਾਈਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਯੋਗ ਲਾਭਪਾਤਰੀਆਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਦੇਣ ਲਈ ਫਾਰਮ ਭਰੇ ਗਏ।ਇਸ ਮੌਕੇ ਸੰਧਵਾਂ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਹੀ ਆਪਣੇ ਹਲਕੇ ਦੇ ਲੋਕਾਂ ਵਿੱਚ ਵਿਚਰ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਹੈ। ਉਨ੍ਹਾਂ ਹਾਜ਼ਰ ਕਿਸਾਨਾਂ ਨੂੰ ਕਣਕ ਝੋਨੇ ਦੇ ਬਦਲਵੇਂ ਚੱਕਰ ਵਿੱਚੋਂ ਨਿਕਲ ਕੇ ਸਬਜ਼ੀਆਂ, ਫਲਾਂ ਦੀ ਕਾਸ਼ਤ ਕਰਨ ਲਈ ਵੀ ਕਿਹਾ।ਉਨ੍ਹਾਂ ਕਿਹਾ ਕਿ ਜੋ ਕਿਸਾਨ ਸਬਜ਼ੀਆਂ ਦੀ ਕਾਸ਼ਤ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਬਾਗਬਾਨੀ ਵਿਭਾਗ ਵੱਲੋਂ ਫਰਵਰੀ ਮਹੀਨੇ ਵਿੱਚ ਬੀਜਾਂ ਕਿੱਟਾਂ ਬਾਜ਼ਾਰ ਨਾਲੋਂ ਸਸਤੇ ਰੇਟਾਂ ਦੀ ਉਪਲਬਧ ਕਰਵਾਈਆਂ ਜਾਣਗੀਆਂ।ਇਸ ਮੌਕੇ ਉਨ੍ਹਾਂ ਦਸਮੇਸ਼ ਯੁਵਕ ਸੇਵਾਵਾਂ ਕਲੱਬ ਨੂੰ 4 ਲੱਖ ਰੁਪਏ ਦਾ ਅਤੇ ਇੱਕ ਲੋੜਵੰਦ ਔਰਤ ਨੂੰ 50 ਹਜ਼ਾਰ ਰੁਪਏ ਦਾ ਚੈੱਕ ਆਪਣੇ ਅਖਤਿਆਰੀ ਕੋਟੇ ਵਿੱਚੋਂ ਦਿੱਤੇ। ਇਸ ਮੌਕੇ ਬਾਗਬਾਨੀ ਵਿਭਾਗ ਵੱਲੋਂ ਵੀ ਹਾਜ਼ਰ ਕਿਸਾਨਾਂ ਨੂੰ ਫਲਾਂ ਤੇ ਸਬਜ਼ੀਆਂ ਦਾ ਕਾਸ਼ਤ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਤੇਜ ਸਿੰਘ ਖੋਸਾ, ਉਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਦੀਪ ਦਿਓੜਾ, ਸਰਪੰਚ ਅਮਰੀਕ ਸਿੰਘ, ਅਮਨਦੀਪ ਸਿੰਘ ਬਾਬਾ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਚੌਥੇ ਆਲ ਇੰਡੀਆ ਬਾਬਾ ਫ਼ਤਹਿ ਸਿੰਘ ਫੁੱਟਬਾਲ ਕੱਪ 'ਤੇ ਮਿਨਰਵਾ ਅਕੈਡਮੀ ਦਾ ਕਬਜ਼ਾ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਫ਼ਤਹਿ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਬਾਬਾ ਫ਼ਤਹਿ ਸਿੰਘ ਫੁੱਟਬਾਲ ਅਕੈਡਮੀ ਦੇ ਪ੍ਰਧਾਨ ਕਰਮਜੀਤ ਸਿੰਘ ਤੇ ਵਾਇਸ ਪ੍ਰਧਾਨ ਰਣਦੇਵ ਸਿੰਘ ਦੇਬੀ ਦੀ ਅਗਵਾਈ ਹੇਠ ਮਾਤਾ ਸੁੰਦਰੀ ਸਕੂਲ ਅੱਤੇਵਾਲੀ ਵਿਖੇ ਕਰਵਾਏ ਗਏ ਪੰਜ ਰੋਜ਼ਾ ਚੌਥੇ ਆਲ ਇੰਡੀਆ ਬਾਬਾ ਫ਼ਤਹਿ ਸਿੰਘ ਅੰਡਰ-17 ਫੁੱਟਬਾਲ ਕੱਪ 2024 ਦੇ ਫਾਇਨਲ ਮੈਚ 'ਚ ਜਿੱਤ ਦਰਜੇ ਕਰਦੇ ਹੋਏ ਮਿਨਰਵਾ ਫੁੱਟਬਾਲ ਅਕੈਡਮੀ ਮੁਹਾਲੀ ਨੇ ਟਰਾਫ਼ੀ 'ਤੇ ਕਬਜ਼ਾ ਕਰ ਲਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਵੀਰ ਸਿੰਘ ਰਾਏ ਨੇ ਸ਼ਿਰਕਤ ਕਰਦਿਆਂ ਖਿਡਾਰੀਆਂ ਨਾਲ ਜਾਣ-ਪਹਿਚਾਣ ਕੀਤੀ।ਫਾਈਨਲ ਮੈਚ ਦਿੱਲੀ ਫੁੱਟਬਾਲ ਕਲੱਬ ਤੇ ਮਿਨਰਵਾ ਫੁੱਟਬਾਲ ਅਕੈਡਮੀ ਮੁਹਾਲੀ ਵਿਚਕਾਰ ਹੋਇਆ, ਜਿਸ ਵਿੱਚ ਦਿੱਲੀ ਨੂੰ ਮਿਨਰਵਾ ਫੁੱਟਬਾਲ ਅਕੈਡਮੀ ਨੇ 3-1 ਨਾਲ ਹਰਾ ਕੇ ਫੁੱਟਬਾਲ ਕੱਪ 'ਤੇ ਕਬਜ਼ਾ ਕਰਕੇ 1 ਲੱਖ 11 ਹਜ਼ਾਰ ਰੁਪਏ ਦਾ ਇਨਾਮ ਜਿੱਤਿਆ।ਇਸ ਤੋਂ ਇਲਾਵਾ ਅੰਡਰ-13 ਵਿਚ ਖੱਡ ਫੁੱਟਬਾਲ ਅਕੈਡਮੀ ਹਿਮਾਚਲ ਨੇ ਪਹਿਲਾ ਤੇ ਕ੍ਰਿਪਾਲ ਸਿੰਘ ਲਿਬੜਾ ਫੁੱਟਬਾਲ ਅਕੈਡਮੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਅੰਡਰ-19 ਲੜਕੀਆਂ ਵਿੱਚ ਫੁੱਟਬਾਲ ਕੋਚਿੰਗ ਸੈਂਟਰ ਬਹਾਦੁਰਗੜ੍ਹ ਪਟਿਆਲਾ ਨੇ ਪਹਿਲਾ ਤੇ ਕ੍ਰਿਪਾਲ ਸਿੰਘ ਲਿਬੜਾ ਫੁੱਟਬਾਲ ਅਕੈਡਮੀ ਨੇ ਦੂਜਾ ਸਥਾਨ ਹਾਸਲ ਕੀਤਾ।ਕਾਲਜ ਕੈਟਾਗਰੀ ਵਿੱਚ ਮਾਤਾ ਗੁਜਰੀ ਕਾਲਜ ਨੇ ਪਹਿਲਾ ਤੇ ਸੀ.ਜੀ.ਸੀ. ਝੰਜੇਰੀ ਮੁਹਾਲੀ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਬਜ਼ੁਰਗਾਂ ਦੀ ਦੌੜ ਤੇ ਨੌਜਵਾਨਾਂ ਦੀਆਂ ਡੰਡ ਬੈਠਕਾਂ ਦੇ ਮੁਕਾਬਲੇ ਵੀ ਕਰਵਾਏ ਗਏ।

ਸਮੂਹ ਜੇਤੂ ਖਿਡਾਰੀਆਂ ਨੂੰ ਵਿਧਾਇਕ ਲਖਵੀਰ ਸਿੰਘ ਰਾਏ ਤੇ ਐੱਨ.ਆਰ.ਆਈ. ਜੋਗਾ ਸਿੰਘ ਬਾਠ ਨੇ ਇਨਾਮ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਤੋਂ ਇਲਾਵਾ ਖੇਡਾਂ ਦੇ ਖੇਤਰ ਵਿੱਚ ਯੋਗਦਾਨ ਪਾਉਣ ਵਾਲੇ ਦਵਿੰਦਰ ਸਿੰਘ ਗਰੇਵਾਲ, ਕਰਮਜੀਤ ਸਿੰਘ ਕੋਟਲਾ ਬਜਵਾੜਾ ਤੇ ਮਿਨਰਵਾ ਫੁੱਟਬਾਲ ਅਕੈਡਮੀ ਦੇ ਮਾਲਕ ਰਣਜੀਤ ਬਜਾਜ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਦਵਿੰਦਰ ਸਿੰਘ ਗਰੇਵਾਲ ਨੇ ਕਿਹਾ ਕਿ ਅਕੈਡਮੀ ਵੱਲੋਂ ਕਰਵਾਇਆ ਗਿਆ ਟੂਰਨਾਮੈਂਟ ਬਹੁਤ ਸ਼ਲਾਘਾਯੋਗ ਕਦਮ ਹੈ, ਅਜਿਹੇ ਟੂਰਨਾਮੈਂਟਾਂ ਰਾਹੀਂ ਹੀ ਬੱਚੇ ਖੇਡਾਂ ਵੱਲ ਪ੍ਰੇਰਿਤ ਹੁੰਦੇ ਹਨ। ਉਨ੍ਹਾਂ ਨੇ ਹਰ ਤਰ੍ਹਾਂ ਦੀ ਮਦਦ ਕਰਨ ਦਾ ਭਰੋਸਾ ਵੀ ਦਿੱਤਾ।ਇਸ ਮੌਕੇ ਗੁਰਮੀਤ ਸਿੰਘ ਟੌਹੜਾ, ਐਡਵੋਕੇਟ ਬਿਕਰਮ ਸਿੰਘ, ਗੌਰਵ ਪਹਿਲਵਾਨ, ਸਹਾਇਕ ਥਾਣੇਦਾਰ ਨਿਰਮਲ ਸਿੰਘ ਗੋਲਡੀ, ਮਨਪਿੰਦਰ ਸਿੰਘ ਕੈਨੇਡਾ, ਹਰਿੰਦਰ ਕੁਮਾਰ ਡੀ.ਪੀ.ਈ., ਮਨਿੰਦਰ ਚੀਮਾ, ਪ੍ਰਸ਼ਾਂਤ ਕੁਮਾਰ, ਫੁੱਟਬਾਲ ਕੋਚ ਸਤਵੀਰ ਸਿੰਘ, ਸਤਨਾਮ ਭਾਰਦਵਾਜ ਸੈਕਟਰੀ ਰੈੱਡ ਕਰਾਸ, ਕਰਮਜੀਤ ਸਿੰਘ, ਬਿਕਰਮਜੀਤ ਸਿੰਘ, ਅਸ਼ੋਕ ਕੁਮਾਰ, ਹਰਪ੍ਰੀਤ ਸਿੰਘ ਕੰਗ, ਪ੍ਰਿੰ. ਗੁਰਮੀਤ ਕੌਰ, ਚਰਨਜੀਤ ਕੌਰ, ਮੈਡਮ ਜਸਵੀਰ ਕੌਰ, ਮੁੱਖਵਿੰਦਰ ਸਿੰਘ, ਸੱਜਣ ਸਿੰਘ, ਡੀ. ਐੱਮ. ਸਪੋਰਟਸ ਜਸਵੀਰ ਸਿੰਘ, ਸੰਦੀਪ ਸਿੰਘ ਕੋਚ, ਪਰਮਜੀਤ ਕੌਰ, ਰਵਿੰਦਰ ਸਿੰਘ ਪ੍ਰਿੰਸ ਆਦਿ ਹਾਜ਼ਰ ਸਨ।

ਰਿਟਾਇਰਡ ਕਾਨੂੰਗੋ-ਪਟਵਾਰੀਆਂ ਨੇ ਮਨਾਇਆ ਸਦਭਾਵਨਾ ਦਿਵਸ

ਸੰਗਰੂਰ (ਪ੍ਰਵੀਨ ਸਿੰਘ) ਦੀ ਰਿਟਾਇਰਡ ਕਾਨੂੰਗੋ-ਪਟਵਾਰੀ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਵੱਲੋਂ ਪਿਛਲੇ ਦਿਨੀ ਮਹਿੰਦਰ ਸਿੰਘ ਤੱਕੀਪੁਰ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਪੈਨਸ਼ਨਰ-ਮੁਲਾਜ਼ਮ ਜਥੇਬੰਦਕ ਏਕਤਾ ਹਿੱਤ ਸਾਲ 1957, 1993, 1999 ਦੇ ਸੰਘਰਸ਼ੀ ਯੋਧਿਆਂ ਨੂੰ ਸਮਰਪਤ ਯਾਦਗਾਰੀ ਪ੍ਰਥਮ ਸਦਭਾਵਨਾ ਦਿਵਸ ਮਨਾਇਆ ਗਿਆ, ਜਿਸ ਵਿੱਚ ਦੀ ਰੈਵੀਨਿਊ ਪਟਵਾਰ ਯੂਨੀਅਨ ਸਾਂਝਾ ਪੰਜਾਬ ਦੇ ਪ੍ਰਧਾਨ ਮਹਾਨ ਸੰਘਰਸ਼ੀ ਯੋਧੇ ਸ੍ਰੀ ਧੁਰਿੰਦਰ ਸਿੰਘ ਚੌਹਾਨ ਦੀ ਸਾਲ 1957 ਵਿੱਚ ਪਟਵਾਰੀ ਸੰਘਰਸ਼ ਨੰ ਵਿਸ਼ੇਸ ਦੇਣ ਨੂੰ ਯਾਦ ਕੀਤਾ ਗਿਆ।

ਇਸ ਤੋਂ ਇਲਾਵਾ ਸਾਲ 1993-1999 ਦੀ 75 ਦਿਨ-35 ਦਿਨ ਦੀ ਕਲਮਛੋੜ ਹੜਤਾਲ ਦੇ ਸੰਘਰਸ਼ੀ ਯੋਧੇ ਮਹਿੰਦਰ ਸਿੰਘ ਮਿਨਹਾਸ-ਗੁਰਮੇਲ ਸਿੰਘ ਫਤਿਹਗੜ੍ਹ ਸਾਹਿਬ (ਦੋਵੇਂ) ਸੂਬਾ ਪ੍ਰਧਾਨ ਦੀ ਅਗਵਾਈ ਵਿੱਚ ਲੜੇ ਸੰਘਰਸ਼ ਨੂੰ ਯਾਦ ਕੀਤਾ ਗਿਆ।ਇਸ ਮੌਕੇ ਹਰਦਿਆਲ ਸਿੰਘ ਭਵਾਨੀਗੜ੍ਹ, ਜਸਪਾਲ ਸ਼ਰਮਾ ਧੂਰੀ, ਮਨਮੋਹਣ ਲਾਲ ਧੂਰੀ ਜਿਲ੍ਹਾ ਸਰਪ੍ਰਸਤ, ਜਸਪਾਲ ਸ਼ਰਮਾ ਸੰਗਰੂਰ ਖ਼ਜ਼ਾਨਚੀ, ਗੁਰਚਰਨ ਸਿੰਘ ਭੱਠਲ-ਹਰਬੰਸ ਸਿੰਘ ਗੁਰੂ (ਦੋਵੇਂ) ਜ਼ਿਲ੍ਹਾ ਸੀਨੀ: ਮੀਤ ਪ੍ਰਧਾਨ, ਬਲਵਿੰਦਰ ਸਿੰਘ ਸਿੱਧੂ (ਕਾਕਾ) ਸ਼ੇਰੋਂ, ਜਗਰਾਜ ਸਿੰਘ ਰਟੌਲ ਨੁਮਾਇੰਦਾ ਪੰਜਾਬ ਨੇ ਆਪਣੇ ਵਿਚਾਰ ਸਾਂਝੇ ਕੀਤੇ।

ਮੰਚ ਸੰਚਾਲਕ ਦੀ ਭੂਮਿਕਾ ਹਰਮੇਲ ਸਿੰਘ ਬਾਲਦ ਕਲਾਂ ਜ਼ਿਲ੍ਹਾ ਸਕੱਤਰ ਨੇ ਬਾਖੂਬੀ ਨਿਭਾਈ।ਅਖੀਰ ਵਿੱਚ ਮਹਿੰਦਰ ਸਿੰਘ ਤੱਕੀਪੁਰ ਨੇ ਸਾਰੇ ਸੰਘਰਸ਼ਾਂ ਬਾਰੇ ਵੱਡਮੁੱਲੇ ਵਿਚਾਰ ਪੇਸ਼ ਕਰਦੇ ਹੋਏ ਵੱਡੀ ਗਿਣਤੀ ਵਿੱਚ ਹਾਜ਼ਰ ਆਏ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਸਾਲ 1999 ਦੇ ਸੰਘਰਸ਼ ਵਿੱਚ ਜੇਲ੍ਹ ਕੱਟਣ ਵਾਲੇ ਤੇ 70 ਸਾਲ ਦੀ ਉਮਰ ਪੂਰੀ ਕਰਨ ਵਾਲੇ ਸਾਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਜੋਗਿੰਦਰਾ ਵੈੱਲਫੇਅਰ ਟਰੱਸਟ ਮੰਡੀ ਗੋਬਿੰਦਗੜ੍ਹ ਵੱਲੋਂ ਮੁਫਤ ਮੈਡੀਕਲ ਕੈਂਪ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜੋਗਿੰਦਰਾ ਵੈੱਲਫੇਅਰ ਟਰੱਸਟ ਵੱਲੋਂ ਮੰਡੀ ਗੋਬਿੰਦਗੜ੍ਹ ਵਿਖੇ ਲਗਾਇਆ ਗਿਆ ਮੁਫਤ ਮੈਡੀਕਲ ਕੈਂਪ ਸਮਾਜ ਨੂੰ ਜ਼ਰੂਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਇੱਕ ਵੱਡੀ ਸਫ਼ਲਤਾ ਸਾਬਿਤ ਹੋਇਆ।ਇਹ ਕੈਂਪ ਸਵਰਗੀ ਸੁਰਿੰਦਰ ਪਾਲ ਗਰਗ ਦੀ ਯਾਦ ਵਿੱਚ ਲਗਾਇਆ ਗਿਆ, ਜਿਨ੍ਹਾਂ ਦੀ ਦੂਰਅੰਦੇਸ਼ੀ ਤੇ ਸੇਵਾ ਦੀ ਵਿਰਾਸਤ ਨੇ ਇਸ ਨੇਕ ਉਪਰਾਲੇ ਨੂੰ ਪ੍ਰੇਰਿਤ ਕੀਤਾ।ਇਸ ਕੈਂਪ ਦੀ ਸ਼ੋਭਾ ਵਧਾਉਣ ਲਈ ਬਤੌਰ ਮੁੱਖ ਮਹਿਮਾਨ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਸਰਕਾਰ ਤੇ ਗੁਰਿੰਦਰ ਸਿੰਘ ਗੈਰੀ ਬੀੜਿੰਗ ਵਿਧਾਇਕ ਅਮਲੋਹ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਦੇ ਹੌਸਲੇ ਤੇ ਸਮਰਥਨ ਨੇ ਕੈਂਪ ਨੂੰ ਬਹੁਤ ਮਹੱਤਵ ਦਿੱਤਾ। ਰਾਣਾ ਹਸਪਤਾਲ ਸਰਹਿੰਦ ਤੋਂ ਡਾ: ਹਿਤੇਂਦਰ ਸੂਰੀ ਤੇ ਉਨ੍ਹਾਂ ਦੀ ਸਮਰਪਤ ਟੀਮ ਦੀ ਮਾਹਰ ਅਗਵਾਈ ਹੇਠ ਬਵਾਸੀਰ ਤੇ ਜਨਰਲ ਸਰਜਰੀ ਦਾ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਕੁੱਲ 712 ਮਰੀਜ਼ਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।ਇਨ੍ਹਾਂ ਵਿੱਚੋਂ, 286 ਮਰੀਜ਼ਾਂ ਦੀ ਪਛਾਣ ਕੀਤੀ ਗਈ ਸੀ, ਜਿਨ੍ਹਾਂ ਨੂੰ ਬਵਾਸੀਰ ਦੀਆਂ ਸਰਜਰੀਆਂ ਦੀ ਲੋੜ ਸੀ, ਜਦੋਂਕਿ 285 ਮਰੀਜ਼ਾਂ ਨੂੰ ਜਨਰਲ ਸਰਜਰੀਆਂ ਲਈ ਸ਼ਾਰਟਲਿਸਟ ਕੀਤਾ ਗਿਆ।ਇਹ ਕੈਂਪ ਜੋਗਿੰਦਰ ਵੈੱਲਫੇਅਰ ਟਰੱਸਟ ਦੇ ਪ੍ਰਧਾਨ ਆਦਰਸ਼ ਗਰਗ ਦੀ ਅਗਵਾਈ ਹੇਠ ਲਗਾਇਆ ਗਿਆ।

ਅਸ਼ੋਕ ਸੋਨੂੰ ਬੈਸਟ ਹੈਲਥ ਕੇਅਰ ਐਵਾਰਡ ਨਾਲ ਸਨਮਾਨਤ

ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)-ਸਮਾਜ ਸੇਵੀ ਸੰਸਥਾ ਹਿੰਦੁਸਤਾਨ ਜਨ ਸੇਵਾ ਸਮਿਤੀ ਵੱਲੋਂ ਪੰਜਾਬ ਦੇ ਚੀਫ ਐਡਵਾਈਜ਼ਰ ਡਾਕਟਰ ਮਨਜਿੰਦਰ ਸਿੰਘ ਦੀ ਅਗਵਾਈ ਹੇਠ ਇੱਕ ਸਮਾਗਮ ਕਰਕੇ ਸਿਹਤ ਦੇ ਖੇਤਰ 'ਚ ਵਧੀਆ ਸੇਵਾਵਾਂ ਦੇਣ ਬਦਲੇ 70 ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਇਹ ਸਨਮਾਨ ਅਲੱਗ-ਅਲੱਗ ਥਾਂਵਾਂ ਤੋਂ ਆਏ ਪੈਰਾ ਮੈਡੀਕਲ ਆਯੁਰਵੈਦਿਕ ਡਾਕਟਰ, ਫ਼ਿਜ਼ੀਓਥਰੈਪਿਸਟ, ਨੈਚਰੋਪੈਥੀ ਥੈਰੇਪਿਸਟ, ਐਕਯੂਪ੍ਰੈਸ਼ਰ ਥੈਰੇਪਿਸਟ ਨੂੰ ਪ੍ਰਦਾਨ ਕੀਤੇ ਗਏ।

ਸਮਾਰੋਹ ਵਿੱਚ ਵਿਸ਼ਵ ਪ੍ਰਸਿੱਧ ਆਯੁਰਵੈਦਿਕ ਡਾਕਟਰ ਸੁਭਾਸ਼ ਗੋਇਲ, ਰਮਣੀਕ ਬਾਂਸਲ ਪ੍ਰਧਾਨ ਪਟਿਆਲਾ ਆਯੁਰਵੇਦ ਐਸੋਸੀਏਸ਼ਨ, ਸੰਜੀਵ ਰਾਏ ਪੰਜਾਬੀ ਫ਼ਿਲਮ ਐਕਟਰ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਰ ਵੀ ਡਾਕਟਰ ਜਗਤ ਦੀਆਂ ਪ੍ਰਮੁੱਖ ਹਸਤੀਆਂ ਵੀ ਵਿਸ਼ੇਸ਼ ਤੌਰ 'ਤੇ ਪਹੁੰਚੀਆਂ।ਅਸ਼ੋਕ ਸੋਨੂੰ ਅਸ਼ੋਕ ਸੋਨੂੰ ਐਕਯੂਪ੍ਰੈਸ਼ਰ ਨੈਚਰੋਪੈਥੀ ਥੈਰੇਪਿਸਟ ਨੂੰ ਉਨ੍ਹਾਂ ਦੀਆਂ ਵਧੀਆਂ ਥੈਰੇਪਿਸਟ ਸੇਵਾਵਾਂ ਬਦਲੇ ਵਿਸ਼ੇਸ਼ ਤੌਰ 'ਤੇ ਬੈਸਟ ਹੈਲਥ ਕੇਅਰ ਐਵਾਰਡ 2024 ਨਾਲ ਸਨਮਾਨਤ ਕੀਤਾ ਗਿਆ।

ਸਭ ਤੋਂ ਛੋਟੀ ਉਮਰ ਦੀ ਉਮੀਦਵਾਰ ਪ੍ਰਭਜੋਤ ਕੌਰ ਵਿਰੋਧੀ ਉਮੀਦਵਾਰਾਂ ਨੂੰ ਦੇ ਰਹੀ ਚੁਣੌਤੀ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)-ਸਥਾਨਕ ਨਗਰ ਕੌਂਸਲ ਚੋਣਾਂ ਬੜੇ ਰੋਚਕ ਦੌਰ 'ਚੋਂ ਨਿਕਲ ਰਹੀਆਂ ਹਨ ਅਤੇ 8 ਵਾਰਡਾਂ 'ਚੋਂ 31 ਉਮੀਦਵਾਰ ਚੋਣ ਮੈਦਾਨ ਵਿਚ ਉਤਰ ਕੇ ਆਪਣੀ ਕਿਸਮਤ ਅਜ਼ਮਾ ਰਹੇ ਹਨ। ਵਾਰਡ ਨੰਬਰ 9 ਤੋਂ ਪ੍ਰਭਜੋਤ ਕੌਰ ਸਭ ਤੋਂ ਛੋਟੀ ਉਮਰ ਦੀ ਉਮੀਦਵਾਰ ਹੈ ਜੋ ਕਿ ਸਿਰਫ਼ 20 ਸਾਲ ਦੀ ਹੈ। ਪ੍ਰਭਜੋਤ ਕੌਰ ਭਾਜਪਾ ਵਲੋਂ ਉਮੀਦਵਾਰ ਹੈ ਜਿਸ ਦੇ ਪਿਤਾ ਕਿਰਪਾਲ ਸਿੰਘ ਪਾਰਟੀ ਦੇ ਸਰਗਰਮ ਆਗੂ ਹਨ। ਬੀ.ਏ. ਅਤੇ ਕੰਪਿਊਟਰ ਕੋਰਸ ਪਾਸ ਪੜ੍ਹੀ-ਲਿਖੀ ਇਹ ਨੌਜਵਾਨ ਲੜਕੀ ਆਪਣੇ ਵਾਰਡ ਵਿਚ ਡਟ ਕੇ ਚੋਣ ਪ੍ਰਚਾਰ ਕਰ ਰਹੀ ਹੈ ਅਤੇ ਵਿਰੋਧੀ ਉਮੀਦਵਾਰਾਂ ਨੂੰ ਚੁਣ

ਕਲਾਸੀਫਾਈਡ ਇਸ਼ਤਿਹਾਰ

Change of Name

I, Varinder Bir Singh Gill S/o Makhan Singh R/o H.No.8 Krishna Square -1 Amritsar 143001 Punjab have changed my name to Varinder Bir Singh

I, Amarjit S/o Sewa Ram R/o Village Koopur, PO Adda Kathar, Distt, Jalandhar 144106 Punjab have Changed my name from Amarjit to Amarjit Singh. Concerned note.

ਲਿਮਾਂਡ ਨੋਟਿਸ

AXIS BANK

ਰਿਟੇਲ ਐਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਾਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਏਲਿਸਬ੍ਰਿਜ, ਅਹਿਮਦਾਬਾਦ-380006

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਪਬਲਿਕ ਨੋਟਿਸ

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ ਨਤੀਜੇ ਵਜੋਂ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ। ਕਰਜ਼ਦਾਰਾਂ/ਸਹਿ ਕਾਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

ਲੜੀ ਨੰ.	ਕਰਜ਼ਦਾਰ, ਸਹਿ ਕਰਜ਼ਦਾਰ ਅਤੇ ਗਰੰਟਰ ਦੇ ਨਾਂਅ/ਕਾਨੂੰਨੀ ਵਾਰਿਸ/ਪਤਾ	ਐਨ ਪੀ ਏ ਦੀ ਮਿਤੀ / ਡਿਮਾਂਡ ਨੋਟਿਸ ਅਨੁਸਾਰ ਬਕਾਇਆ ਰਾਸ਼ੀ / ਕਬਜ਼ਾ ਰਾਸ਼ੀ
1.	1. ਸ੍ਰੀ ਸਤਨਾਮ ਸਿੰਘ ਪੁੱਤਰ ਗਿਆਨ ਸਿੰਘ ਚੌਹਾਨ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀ ਮਹਿਰਵ ਸਿੰਘ ਪੁੱਤਰ ਗਿਆਨ ਸਿੰਘ (ਸਹਿ ਕਰਦਾਰ) ਦੋਵੇਂ ਵਾਸੀ ਆਰੀਆ ਨਗਰ, ਬਹਿਰਾਮਪੁਰ ਰੋਡ, ਦੀਨਾਨਗਰ, ਗੁਰਦਾਸਪੁਰ-143531 ਨਾਲ ਹੀ : ਰਿਹਾਇਸ਼ੀ ਜਾਇਦਾਦ/ਪਲਾਟ ਐਮ ਸੀ ਨੰ. ਬੀ-31-1681/17 ਐਚ/ਪੀ-8944, ਨਿਊ ਸ਼ੁਭਾਸ਼ ਨਗਰ, ਪਿੰਡ ਤਰਫ਼ ਸੈਦਾਂ, ਤਹਿਸੀਲ ਲੁਧਿਆਣਾ (ਪੂਰਬੀ) ਜ਼ਿਲ੍ਹਾ ਲੁਧਿਆਣਾ-141001 ਨਾਲ ਹੀ : ਮਕਾਨ ਨੰ. 211, ਵਾਰਡ ਨੰ. 3, ਆਰੀਆ ਨਗਰ, ਬਹਿਰਾਮਪੁਰ ਰੋਡ, ਦੀਨਾਨਗਰ, ਗੁਰਦਾਸਪੁਰ-143531	09-Oct-2024 30th-Oct-2024 ਰੁਪਏ 24,56,450/- (ਰੁਪਏ ਚੌਵੀ ਲੱਖ ਛਪੰਜਾ ਹਜ਼ਾਰ ਚਾਰ ਸੌ ਪੰਜਾਹ ਰੁਪਏ ਸਿਰਫ਼) ਰੁਪਏ 2675000/- (ਰੁਪਏ ਛੱਬੀ ਲੱਖ ਪਸੰਤਰ ਹਜ਼ਾਰ ਸਿਰਫ਼)

1. ਸੇਲ ਡੀਡ ਨੰ. 2018/106/1/1318 ਮਿਤੀ 16 ਅਗਸਤ 2018 ਤਹਿਤ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਗਿਆਨ ਸਿੰਘ ਦੇ ਨਾਂਅ 'ਤੇ ਰਜਿਸਟਰਡ ਨਿਊ ਸ਼ੁਭਾਸ਼ ਨਗਰ, ਪਿੰਡ ਤਰਫ ਸੈਦਾਂ, ਹਦਬਸਤ ਨੰ. 172, ਤਹਿ. ਲੁਧਿਆਣਾ (ਪੂਰਬੀ) ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2007-08 ਵਿੱਚ ਦਰਜ ਅਨੁਸਾਰ ਖਾਤਾ ਨੰ. 770/828, ਖਸਰਾ ਨੰ. 414 ਮਿਨ ਵਿੱਚ ਸ਼ਾਮਲ ਐਮ ਸੀ ਨੰ. ਬੀ-31-1681/17 ਐਚ/ਪੀ-8944 ਵਾਲੀ ਰਿਹਾਇਸ਼ੀ ਜਾਇਦਾਦ/ਪਲਾਟ ਰਕਬਾ 114 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਗੁਆਂਢੀ, ਪੱਛਮ : ਗੁਆਂਢੀ, ਉੱਤਰ : ਗੁਆਂਢੀ, ਦੱਖਣ : ਗਲੀ 20 ਫੁੱਟ ਚੌੜੀ।

2.	1. ਸ੍ਰੀ ਰਮੇਸ਼ ਕੁਮਾਰ ਪੁੱਤਰ ਜੇ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਸੁਮਿਤਰਾ ਦੇਵੀ ਪਤਨੀ ਰਮੇਸ਼ ਕੁਮਾਰ (ਸਹਿ ਕਰਜ਼ਦਾਰ) ਦੋਵੇਂ ਵਾਸੀ ਮਕਾਨ ਨੰ. 123/2, ਗਲੀ ਨੰ.3, ਸੁਖਦੇਵ ਨਗਰ, ਨੇੜੇ ਫੁੱਟਬਾਲ ਗਰਾਊਂਡ, ਕੁਲੀਏਵਾਲ, ਵੋਕਲ ਪੁਆਇੰਟ, ਲੁਧਿਆਣਾ-141010	08-Nov.-2024 25th-Nov.-2024 ਰੁਪਏ 16,21,786/- (ਸੋਲਾਂ ਲੱਖ ਇੱਕ ਹਜ਼ਾਰ ਸੱਤ ਸੌ ਛਿਆਸੀ ਰੁਪਏ ਸਿਰਫ਼) ਰੁਪਏ 16,39,000/- (ਸੋਲਾਂ ਲੱਖ ਉਨਤਾਲੀ ਹਜ਼ਾਰ ਰੁਪਏ ਸਿਰਫ਼)

2. ਸੇਲ ਡੀਡ ਵਸੀਕਾ ਨੰ. 2022-23/106/1/41 ਮਿਤੀ 01.04.2022 ਤਹਿਤ ਸ੍ਰੀ ਰਮੇਸ਼ ਕੁਮਾਰ ਪੁੱਤਰ ਜੇ ਸਿੰਘ ਦੇ ਨਾਂਅ 'ਤੇ ਰਜਿਸਟਰਡ ਤਹਿਤ ਸ੍ਰੀ ਰਮੇਸ਼ ਕੁਮਾਰ ਪੁੱਤਰ ਜੈ ਸਿੰਘ ਦੇ ਨਾਂਅ 'ਤੇ ਰਜਿਸਟਰਡ ਪਿੰਡ ਕੁਲੀਏਵਾਲ, ਹਦਬਸਤ ਨੰ. 178, ਅਬਾਦੀ ਸੁਖਦੇਵ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2001-2002 ਅਨੁਸਾਰ ਖਸਰਾ ਨੰ. 66//15, ਖਾਤਾ ਨੰ. 124/125 ਵਿੱਚ ਸ਼ਾਮਲ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 80 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ (ਸੇਲ ਡੀਡ ਅਨੁਸਾਰ) ਪੂਰਬ : ਜੋਗਿੰਦਰ ਸਿੰਘ ਸਾਈਡ-45', ਪੱਛਮ : ਬਸਰੰਗ ਲਾਲ ਸਾਈਡ-45', ਉੱਤਰ : ਗੁਆਂਢੀ ਸਾਈਡ-16', ਦੱਖਣ : ਗਲੀ।

3.	1. ਸ੍ਰੀ ਰੋਹਿਤ ਕੁਮਾਰ ਪੁੱਤਰ ਸ਼ਾਮ ਲਾਲ ਅਤੇ 2. ਸ੍ਰੀਮਤੀ ਕਾਂਤਾ ਦੇਵੀ ਪਤਨੀ ਸ਼ਾਮਲ ਲਾਲ ਦੋਵੇਂ ਵਾਸੀ ਪੱਟੀ ਰੋਡ ਭਿਖੀਵਿੰਡ, ਨੇੜੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ, ਤਰਨ ਤਾਰਨ-143303 ਨਾਨ ਹੀ : ਸ੍ਰੀ ਰੋਹਿਤ ਕੁਮਾਰ ਪੁੱਤਰ ਸ਼ਾਮ ਲਾਲ ਮਾਲਕ ਮੈਸ. ਹਨੀ ਗਾਰਮੈਂਟਸ ਪੱਟੀ ਰੋਡ, ਭਿਖੀਵਿੰਡ, ਖੇਮਕਰਨ, ਮੇਨ ਬਾਜ਼ਾਰ, ਤਹਿਸੀਲ ਪੱਟੀ, ਤਰਨ ਤਾਰਨ-143419	08th-Sep-2024 27th-Nov.-2024 ਰੁਪਏ 23,15,481/- (ਤੇਈ ਲੱਖ ਪੰਦਰਾਂ ਹਜ਼ਾਰ ਚਾਰ ਸੌ ਅਠਤਾਲੀ ਰੁਪਏ ਸਿਰਫ਼) ਰੁਪਏ 21,98,300/- (ਇੱਕ ਲੱਖ ਅਠਾਨਵੇਂ ਹਜ਼ਾਰ ਅਤੇ ਤਿੰਨ ਸੌ ਰੁਪਏ ਸਿਰਫ਼)

3. ਸੇਲ ਡੀਡ ਦਸਤਾਵੇਜ਼ ਨੰ. 2019-20/89/1/5650 ਤਹਿਤ ਰੋਹਿਤ ਕੁਮਾਰ ਪੁੱਤਰ ਸ਼ਾਮ ਲਾਲ ਦੇ ਨਾਂਅ 'ਤੇ ਰਜਿਸਟਰਡ ਸੁਲਤਾਨੰਵਿੰਡ, ਸਬ-ਅਰਬਨ, ਤਰਫ ਮਾਹਲ-1, ਅਬਾਦੀ ਕੰਨਵਰ ਐਵੀਨਿਊ ਫੇਜ਼-1, ਦਸੂਰਜੀ, ਜੀ ਟੀ ਰੋਡ, ਤਹਿ. ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਖਸਰਾ ਨੰ. 1980 ਮਿਨ ਵਾਲੀ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 170 (ਕਾਰਨਰ), ਬਲਾਕ-ਏ ਰਕਬਾ 138.88 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ (ਦਸਤਾਵੇਜ਼ ਅਨੁਸਾਰ) : ਪੂਰਬ : ਸੜਕ 30 ਫੁੱਟ ਚੌੜੀ, ਪੱਛਮ : ਪਲਾਟ ਨੰ. 169, ਉੱਤਰ : ਸੜਕ 30 ਫੁੱਟ ਚੌੜੀ, ਦੱਖਣ : ਹੋਰ ਮਾਲਕ।

4.	1. ਸ੍ਰੀ ਜਤਿਦਰ ਬਹਾਦਰ ਪੁੱਤਰ ਸ੍ਰੀ ਕਟਕ ਬਹਾਦਰ ਅਤੇ 2. ਸ੍ਰੀਮਤੀ ਕਲਪਨਾ ਪਤਨੀ ਜਤਿਦਰ ਬਹਾਦਰ ਦੋਵੇਂ ਵਾਸੀ ਮਕਾਨ ਨੰ. 62 ਸੁਨੇਤ, ਬੀ ਆਰ ਐਸ ਨਗਰ, ਵਾਰਡ ਨੰ. 43, ਲੁਧਿਆਣਾ-141001	03rd-Sep-2024 27th-Nov.-2024 ਰੁਪਏ 11,19,444/- (ਗਿਆਰਾਂ ਲੱਖ ਉਨੀਂ ਹਜ਼ਾਰ ਚਾਰ ਸੌ ਚਤਾਲੀ ਰੁਪਏ ਸਿਰਫ਼) ਰੁਪਏ 11,32,023/- (ਗਿਆਰਾਂ ਲੱਖ ਬੱਤੀ ਹਜ਼ਾਰ ਚਾਰ ਤੇਈ ਰੁਪਏ ਸਿਰਫ਼)

4. ਸੇਲ ਡੀਡ ਦਸਤਾਵੇਜ਼ ਨੰ. 6446 ਮਿਤੀ 23-08-2010 ਤਹਿਤ ਜਤਿਦਰ ਬਹਾਦਰ ਦੇ ਨਾਂਅ 'ਤੇ ਰਜਿਸਟਰਡ ਪਿੰਡ ਬਲੋਚੇ (ਮੁਹੱਲਾ ਨੇਤਾ ਜੀ ਪਾਰਕ) ਤਹਿ. ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2003-2004 ਅਨੁਸਾਰ ਖਾਤਾ ਨੰ. 122/125 ਖਸਰਾ ਨੰ. 10//25 ਵਿੱਚ ਸ਼ਾਮਲ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. 506 ਰਕਬਾ 100 ਵਰਗ ਗਜ਼ ਰਾਜ ਦੇ ਸਾਰੇ ਹਿੱਸੇ। ਹੱਦਾਂ : (ਸੇਲ ਡੀਡ ਅਨੁਸਾਰ) ਪੂਰਬ : ਗੁਆਂਢੀ ਸਾਈਡ 18'-0", ਪੱਛਮ : ਗਲੀ ਸਾਈਡ 18'-0", ਉੱਤਰ : ਪਲਾਟ ਨੰ. 505 ਸਾਈਡ 50'-0", ਦੱਖਣ : ਪਲਾਟ ਨੰ. 507 ਸਾਈਡ 50'-0" ਜਾਇਦਾਦ/ਮਕਾਨ ਨੰ. 201 ਰਕਬਾ 0-4 ਮਰਲੇ ਅਰਥਾਤ 114 ਵਰਗ ਗਜ਼ ਦੇ ਸਾਰੇ ਹਿੱਸੇ।

5.	1. ਸ੍ਰੀ ਸੋਨੂੰ ਕੁਮਾਰ ਪੁੱਤਰ ਬ੿ਕਰ ਲਾਲ ਅਤੇ 2. ਸ੍ਰੀਮਤੀ ਡਿੰਪਲ ਰਾਣੀ ਪਤਨੀ ਸ੍ਰੀ ਸੋਨੂੰ ਕੁਮਾਰ ਮਯਾਨ ਦੋਵੇਂ ਵਾਸੀ ਮਕਾਨ ਨੰ. 120/3 ਅਨੰਦ ਨਗਰ ਏ, ਐਕਸ਼., ਪਟਿਆਲਾ ਪੰਜਾਬ-147001	10th-May-2024 28th-Nov-2024 ਰੁਪਏ 4,68,686/- (ਚਾਰ ਲੱਖ ਅਠਾਹਟ ਹਜ਼ਾਰ ਅੱਠ ਸੌ ਅਠਾਹਟ ਰੁਪਏ ਸਿਰਫ਼) ਰੁਪਏ 10.00.000/- (ਦਸ ਲੱਖ ਰੁਪਏ ਸਿਰਫ਼)

5. ਸੇਲ ਡੀਡ ਨੰ. 13267 ਮਿਤੀ 7-2-2005 ਤਹਿਤ ਸ੍ਰੀ ਸੋਨੂ ਕੁਮਾਰ ਪੁੱਤਰ ਬ੿ਕਰ ਲਾਲ ਦੇ ਨਾਂਅ 'ਤੇ ਰਜਿਸਟਰਡ ਅਨੰਦ ਨਗਰ ਏ ਐਕਸ-ਗਲੀ ਨੰ. 3, ਝਿਲ, ਤਹਿ. ਅਤੇ ਜ਼ਿਲ੍ਹਾ ਪਟਿਆਲਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2001-2002 ਅਨੁਸਾਰ ਖੇਵਟ/ਖਤੌਨੀ ਨੰ. 344/909 ਖਸਰਾ ਨੰ. 36//5/1-2 (6-13), 6 (8-0), 7/1-2 (6-13), 14 (8-0),15 (8-0), 16 (8-0), 17 (8-0), 24 (8-0), 25 (8-0), 37//21 (8-0), 51//20 (1-18) ਕਿੱਤਾ 11 ਚ ਸ਼ਾਮਲ ਕੁੱਲ ਏਰੀਆ 79 ਕਨਾਲਾਂ 4 ਮਰਲੇ ਵਿੱਚੋਂ 4/1588 ਸ਼ੇਅਰ ਅਰਥਾਤ 0 ਕਨਾਲ 4 ਮਰਲੇ (114 ਵਰਗ ਗਜ਼), ਹੱਦਾਂ : (ਸੇਲ ਡੀਡ ਅਨੁਸਾਰ) : ਪੂਰਬ : ਮਕਾਨ ਸਾਈਡ 25'-0", ਪੱਛਮ : ਸੜਕ 20 ਫੁੱਟ ਸਾਈਡ 25'-0", ਉੱਤਰ : ਰਜਿੰਦਰ ਸਿੰਘ ਦਾ ਮਕਾਨ ਸਾਈਡ 41'-0", ਦੱਖਣ : ਖਾਲੀ ਪਲਾਟ ਸਾਈਡ 41'-0"

6.	1. ਪਲਵਿੰਦਰ ਸਿਘ ਪੁੱਤਰ ਸ੍ਰੀ ਨਾਹਰ ਸਿਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀਮਤੀ ਪਰਮਜੀਤ ਕੌਰ ਪਤਨੀ ਨਾਹਰ ਸਿਘ (ਸਹਿ ਕਰਜ਼ਦਾਰ/ਰਹਿਣਕਾਰ) ਦੋਵੇਂ ਵਾਸੀ ਮਕਾਨ ਨੰ. ਬੀ-29-ਵੀ-3-42891, ਗਲੀ ਨੰ. 9, ਨੇੜੇ ਬਾਬਾ ਸਿਘ ਗੁਰਦੁਆਰਾ, ਅਜ਼ਾਦ ਨਗਰ ਜ਼ਿਮਲਾਪੁਰੀ, ਲੁਧਿਆਣਾ-141003	08-Oct-2024 30th-Nov.-2024 ਰੁਪਏ 16,07,534/- (ਸੋਲਾਂ ਲੱਖ ਸੱਤ ਹਜ਼ਾਰ ਪੰਜ ਸੌ ਚੌਂਤੀ ਰੁਪਏ ਸਿਰਫ਼) ਰੁਪਏ 15,60,000/- (ਪੰਦਰਾਂ ਲੱਖ ਸੱਠ ਹਜ਼ਾਰ ਰੁਪਏ ਸਿਰਫ਼)

6. ਸੇਲ ਡੀਡ ਨੰ. 2020-21/103/1/11605 ਮਿਤੀ 19 ਦਵਵਰੀ 2021 ਤਹਿਤ 1. ਸ੍ਰੀ ਪਲਵਿੰਦਰ ਸਿਘ ਪੁੱਤਰ ਸ. ਨਾਹਰ ਸਿਘ ਅਤੇ 2. ਪਰਮਜੀਤ ਕੌਰ ਪਤਨੀ ਸ. ਨਾਹਰ ਸਿਘ ਦੇ ਨਾਂਅ 'ਤੇ ਰਜਿਸਟਰਡ ਪਿੰਡ ਗਲੀ ਨੰ.1, ਅਬਾਦੀ ਗੁਰੂ ਗੋਬਿੰਦ ਸਿਘ ਨਗਰ, ਹਦਬਸਤ ਨੰ. 263, ਤਹਿ. ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2010-2011 ਅਨੁਸਾਰ ਖਸਰਾ ਨੰ. 945-946, ਖਾਤਾ ਨੰ 945-946, ਖਾਤਾ ਨੰ 1646/2200-1647/2201 ਵਿੱਚ ਸ਼ਾਮਲ ਰਿਹਾਇਸ਼ੀ ਜਾਇਦਾਦ/ਕਾਰਪੋਰੇਸ਼ਨ ਨੰ. 1903/11ਏ ਵਾਲਾ ਮਕਾਨ ਰਕਬਾ 110 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ (ਦਸਤਾਵੇਜ਼ਾਂ ਅਨੁਸਾਰ) ; ਪੂਰਬ : ਗਲੀ 20 ਫੁੱਟ ਚੌੜੀ ਸਾਈਡ 18 ਫੁੱਟ, ਪੱਛਮ : ਗੁਆਂਢੀ ਸਾਈਡ 18 ਫੁੱਟ, ਉਤਰ ; ਪਰਮਿਦਰ ਸਿਘ ਸਾਈਡ 55 ਫੁੱਟ, ਦੱਖਣ : ਗੁਆਂਢੀ-55 ਫੁੱਟ।

7.	1.ਸ੍ਰੀ ਰੂਪਵੰਦਰ ਸਿਘ ਪੁੱਤਰ ਹਰਦੇਵ ਸਿਘ (ਕਰਜ਼ਦਾਰ) ਅਤੇ 2. ਸ੍ਰੀਮਤੀ ਹਰਮਿਤ ਕੌਰ ਪਤਨੀ ਹਰਦੇਵ ਸਿਘ (ਸਹਿ ਕਰਜ਼ਦਾਰ/ਗਿਰਵੀਕਾਰ) ਦੋਵੇਂ ਵਾਸੀ ਵਾਰਡ ਨੰ.1 ਗੁਰਦੁਆਰਾ ਨਾਨਕਸਰ ਧਰਮਕੋਟ, ਜ਼ਿਲ੍ਹਾ ਮੋਗਾ-142042	08th-Oct-2024 30th-Nov.-2024 ਰੁਪਏ 13,38,958/- (ਤੇਰਾਂ ਲੱਖ ਅਠੱਤੀ ਹਜ਼ਾਰ ਸੌ ਅਠਵੰਜਾ ਰੁਪਏ ਸਿਰਫ਼) ਰੁਪਏ 15,41,374/- (ਪੰਦਰਾਂ ਲੱਖ ਇਕਤਾਲੀ ਹਜ਼ਾਰ ਤਿਨ ਸੌ ਚੌਹੱਤਰ ਰੁਪਏ ਸਿਰਫ਼)

7. ਬੈਨਾਮਾ ਵਸੀਕਾ ਨੰ. 397, ਮਿਤੀ 25-05-2018 ਅਨੁਸਾਰ ਹਰਮੀਤ ਕੌਰ ਪਤਨੀ ਹਰਦੇਵ ਸਿਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 04 ਐੱਮ-01 ਐੱਸ 'ਤੇ ਨਿਰਮਤ ਮਕਾਨ, ਖਸਰਾ ਨੰ. 133//16 (6-18), 17/1 (1-0), ਖੇਵਟ ਨੰ. 2427, ਖਤੌਨੀ ਨੰ. 2634, ਜਮ੍ਹਾਂਬੰਦੀ ਸਾਲ 2012-2013, ਪਿੰਡ ਧਰਮਕੋਟ ਸ਼ਾਮਲੀ, ਨੇੜੇ ਗੁਰਦੁਆਰਾ ਨਾਨਕਸਰ ਸਾਹਿਬ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ। ਹਦਬਸਤ ਨੰ. 290 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਰਦੁਆਰਾ ਸਾਹਿਬ ਦੀ ਜ਼ਮੀਨ, ਪੱਛਮ : ਗੁਰਦੁਆਰਾ ਸਾਹਿਬ ਦੀ ਜ਼ਮੀਨ, ਉੱਤਰ : ਗਲੀ, ਦੱਖਣ : ਹਰੀ ਸਿੰਘ।

8.	1.ਸ੍ਰੀ ਰਾਜ ਕਿਸ਼ੋਰ ਮਹਿਤੋਂ ਪੁੱਤਰ ਬਾਲ ਸਰੂਪ ਮਹਿਤੋਂ (ਕਰਜ਼ਦਾਰ ਅਤੇ ਗਿਰਵੀਕਾਰ) ਅਤੇ 2. ਸ੍ਰੀ ਮੁਕੇਸ਼ ਕੁਮਾਰ ਪੁੱਤਰ ਰਾਜ ਕਿਸ਼ੋਰ ਮਹਿਤੋਂ ਦੋਵੇਂ ਵਾਸੀ ਮਕਾਨ ਨੰ. ਸੀ-44, ਗਲੀ ਨੰ.6, ਨਿਊ ਹਰਦਿਆਲ ਨਗਰ, ਸੇਖੇ ਪਿੰਡ, ਜਲੰਧਰ-144025	08th-Oct.-2024 30th-Nov.-2024 ਰੁਪਏ 10,10,418/- (ਦਸ ਲੱਖ ਦਸ ਹਜ਼ਾਰ ਚਾਰ ਸੌ ਅਠਾਰਾਂ ਰੁਪਏ ਸਿਰਫ਼) ਰੁਪਏ 10,25,292/- (ਦਸ ਲੱਖ ਪੱਚੀ ਹਜ਼ਾਰ ਦੋ ਸੌ ਬਾਨਵੇਂ ਰੁਪਏ ਸਿਰਫ਼)

8. ਬੈਨਾਮਾ ਦਸਤਾਵੇਜ਼ ਨੰ. 2021-22/187/1/10434 ਮਿਤੀ 15 ਦਵਵਰੀ 2022 ਅਨੁਸਾਰ ਸ੍ਰੀ ਰਾਜ ਕਿਸ਼ੋਰ ਮਹਿਤੋਂ ਪੁੱਤਰ ਬਲਸਰੂਪ ਮਹਿਤੋਂ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ ਰਕਬਾ 02 ਮਰਲੇ 156 ਵਰਗ ਫੁੱਟ ਤੇ ਨਿਰਮਤ ਮਕਾਨ ਨੰ. 22//7/1, 15/1, 21//8/2, 13/1/1, 21//1, 2, 9, 10, 21//3, 22//5, 6 ਖੇਵਟ ਖਤੌਨੀ ਨੰ. 262/278, 263/279, 265-266/281-282, 267/283, 268/282, ਜਮ੍ਹਾਂਬੰਦੀ ਸਾਲ 2012-12, ਹਦਬਸਤ ਨੰ. 206, ਗਲੀ ਨੰ. 1, ਹਰਗੋਬਿੰਦ ਨਗਰ, ਪਿੰਡ ਨੂਰਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਦਸਤਾਵੇਜ਼ਾਂ ਅਨੁਸਾਰ) : ਪੂਰਬ : ਕਰਨੈਲ ਦਾ ਮਕਾਨ, ਪੱਛਮ : ਹਰਜੀਤ ਸਿਘ ਵਿਰਦੀ ਦਾ ਮਕਾਨ, ਉੱਤਰ : ਸੋਢੀ ਦਾ ਮਕਾਨ, ਦੱਖਣ : ਸੜਕ।

9.	1.ਸ੍ਰੀ ਮਨਪ੍ਰੀਤ ਸਿਘ ਪੁੱਤਰ ਦਰਸ਼ਨ (ਕਰਜ਼ਦਾਰ/ਗਿਰਵੀਕਾਰ) 2. ਸ੍ਰੀ ਦਰਸ਼ਨ ਪੁੱਤਰ ਚੰਨਣ ਸਿਘ (ਸਹਿ ਕਰਜ਼ਦਾਰ) ਦੋਵੇਂ ਵਾਸੀ ਵਾਰਡ ਨੰ. 6, ਸੂਰਜ ਬਸਤੀ, ਦਿੜ੍ਹਬਾ, ਜ਼ਿਲ੍ਹਾ ਸੰਗਰੂਰ-148035	03rd-Oct.-2024 03rd-Dec-2024 ਰੁਪਏ 15,27,532/- (ਪੰਦਰਾਂ ਲੱਖ ਸਤਾਈ ਹਜ਼ਾਰ ਪੰਜ ਸੌ ਬੱਤੀ ਰੁਪਏ ਸਿਰਫ਼) ਰੁਪਏ 15,36,867/- (ਪੰਦਰਾਂ ਲੱਖ ਛੱਤੀ ਹਜ਼ਾਰ ਅੱਠ ਸੌ ਸਤਾਹਟ ਰੁਪਏ ਸਿਰਫ਼)

9. ਤਬਾਦਲਾ ਬੈਨਾਮਾ ਨੰ. 2019-20/127/1-725 ਮਿਤੀ 29 ਜੁਲਾ

19-Dec-PAG-7.qxd 12/18/2024 10:41 PM Page 1

ਮੋਦੀ ਹਕੂਮਤ ਦੇ ਨਵੇਂ ਹਮਲਿਆਂ ਖ਼ਿਲਾਫ਼ ਏ ਡੀ ਸੀ ਦਫ਼ਤਰ 'ਚ ਵਿਸ਼ਾਲ ਧਰਨਾ ਅੱਜ

ਜਗਰਾਉਂ (ਨਛੱਤਰ ਸੰਧੂ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਸੂਬਾ ਕਮੇਟੀ ਦੇ ਸੱਦੇ 'ਤੇ 19 ਦਸੰਬਰ ਨੂੰ ਦਿੱਤੇ ਜਾ ਰਹੇ ਜ਼ਿਲਾ ਪੱਧਰੀ ਧਰਨਿਆਂ ਦੀ ਲੜੀ 'ਚ ਜਗਰਾਉਂ ਏ ਡੀ ਸੀ ਦਫ਼ਤਰ ਅੱਗੇ ਜ਼ਿਲਾ ਪੱਧਰੀ ਵਿਸ਼ਾਲ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਅਮਨਦੀਪ ਸਿੰਘ ਲਲਤੋ ਸੂਬਾ ਮੀਤ ਪ੍ਰਧਾਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਜ਼ਿਲਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੀਟਿੰਗ ਵਿੱਚ ਮੋਦੀ ਸਰਕਾਰ ਵੱਲੋਂ ਰਾਜ ਸਰਕਾਰਾਂ ਨੂੰ ਅਨਾਜ ਮੰਡੀਆਂ ਬੰਦ ਕਰਕੇ ਕਾਰਪੋਰੇਟ ਵੱਲੋਂ ਸਥਾਪਿਤ ਕੀਤੇ ਜਾ ਰਹੇ ਸਾਇਲੋਜ ਰਾਹੀਂ ਫਸਲਾਂ ਦੀ ਖ਼ਰੀਦ ਕਰਨ ਯਾਨਿ ਅਨਾਜ ਮੰਡੀਆਂ ਸਮੇਤ ਸਰਕਾਰੀ ਖ਼ਰੀਦ ਦਾ ਭੋਗ ਪਾਉਣ, ਘੱਟ ਘੱਟ ਸਮਰਥਨ ਮੁੱਲ ਖਤਮ ਕਰਨ ਦੇ ਡਰਾਫ਼ਟ ਦਾ ਸਖ਼ਤ ਨੋਟਿਸ ਲਿਆ ਗਿਆ। ਮੀਟਿੰਗ ਨੇ ਮੋਦੀ ਸਰਕਾਰ ਦੇ ਇਸ ਕਦਮ ਨੂੰ ਕਾਲੇ ਖੇਤੀ ਕਨੂੰਨਾਂ ਨੂੰ ਰਾਜ ਸਰਕਾਰਾਂ ਰਾਹੀਂ ਲਾਗੂ ਕਰਕੇ ਖੇਤੀ ਨੂੰ ਕਾਰਪੋਰੇਟ ਜਗਤ ਦੇ ਹਵਾਲੇ ਕਰਨ ਦਾ ਰਾਹ ਦੱਸਿਆ ਹੈ। ਸੰਸਾਰ ਵਪਾਰ ਸੰਸਥਾ ਦੀਆਂ ਨੀਤੀਆਂ ਤਹਿਤ ਸਾਡੇ ਦੇਸ਼ ਦੀ ਖੇਤੀ ਅਤੇ ਜ਼ਮੀਨ 'ਤੇ ਕਬਜ਼ਾ ਕਰਨ ਲਈ ਇੱਕ ਵੇਰ ਫਿਰ ਕਿਸਾਨੀ 'ਤੇ ਭਾਜਪਾ ਗੱਠਜੋੜ ਦੀ ਹਕੂਮਤ ਨੇ ਹਮਲਾ ਬੋਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸੇ ਲਈ ਐਮ ਐਸ ਪੀ ਦੀ ਮੰਗ ਨੂੰ ਮੰਨਣ ਦੀ ਥਾਂ ਕਿਸਾਨ ਆਗੂ ਡੱਲੇਵਾਲ ਨੂੰ ਮਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਹਰਿਆਣਾ ਹਕੂਮਤ ਵੱਲੋਂ ਕਾਰਪੋਰੇਟਾਂ ਦੇ ਦਲਾਲ ਮੋਦੀ ਦੇ ਇਸ਼ਾਰਿਆਂ ਤੇ ਬਾਰਡਰਾਂ ਤੇ ਕਿਲੇਬੰਦੀ ਕੀਤੀ ਜਾ ਰਹੀ ਹੈ। ਦਿੱਲੀ ਜਾ ਰਹੇ ਕਿਸਾਨਾਂ 'ਤੇ ਜਬਰ ਢਾਹਿਆ ਜਾ ਰਿਹਾ ਹੈ। ਉਨ੍ਹਾਂ ਸੰਘਰਸ਼ਸ਼ੀਲ ਕਿਸਾਨਾਂ ਦੀ ਹਮਾਇਤ 'ਚ ਕਿਸਾਨਾਂ ਨੂੰ ਇੱਕ ਵੇਰ ਫਿਰ ਸੰਘਰਸ਼ਾਂ ਦਾ ਅਖਾੜਾ ਮਘਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਵੇਰ ਮੰਡੀਆਂ 'ਚ ਝੋਨੇ ਦੀ ਵਿਕਰੀ ਮੌਕੇ ਕਿਸਾਨੀ ਦੀ ਹੋਈ ਭਾਰੀ ਖੱਜਲ ਖੁਆਰੀ ਅਤੇ ਲੁੱਟ ਦੇ ਮਸਲਿਆਂ ਸਮੇਤ ਪਰਾਲੀ ਦੇ ਨਾਜਾਇਜ਼ ਪਰਚੇ ਰੱਦ ਕਰਾਉਣ, ਜੁਰਮਾਨੇ ਤੇ ਰੈਡ ਐਂਟਰੀਆਂ ਰੱਦ ਕਰਾਉਣ, ਸ਼ੈਲਰ ਮਾਲਕਾਂ ਵੱਲੋਂ ਕੀਤੀ ਕਾਟ ਵਾਪਸ ਕਰਾਉਣ ਨੂੰ ਲੈ ਕੇ ਪਹਿਲਾਂ ਵੀ ਸਰਕਾਰ ਖਿਲਾਫ ਧਰਨੇ ਦਿੱਤੇ ਗਏ ਪਰ ਸਰਕਾਰ 'ਤੇ ਕੋਈ ਅਸਰ ਨਹੀਂ ਹੋਇਆ। ਕਿਸਾਨ ਤੇ ਕੁਦਰਤ ਪੱਖੀ ਨਵੀਂ ਖੇਤੀ ਨੀਤੀ ਬਣਾਉਣ, ਐਮ ਐਸ ਪੀ ਹਾਸਲ ਕਰਨ, ਸਮੁੱਚੇ ਕਿਸਾਨੀ ਕਰਜ਼ੇ ਰੱਦ ਕਰਨ, ਬਿਜਲੀ ਐਕਟ 2020 ਰੱਦ ਕਰਨ, ਲਖੀਮਪੁਰ ਖੀਰੀ ਦੇ ਕਾਤਲਾਂ ਨੂੰ ਸਜ਼ਾਵਾਂ ਦਿਵਾਉਣ ਆਦਿ ਲਈ ਇਹ ਜ਼ਿਲ੍ਹਾ ਪੱਧਰੀ ਧਰਨੇ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਇੱਕ ਵੇਰ ਫਿਰ ਦਿੱਲੀ ਸੰਘਰਸ਼ ਦੀ ਤਰਜ਼ 'ਤੇ ਕਿਸਾਨੀ ਅੰਦੋਲਨ ਦੀਆਂ ਤਿਆਰੀਆਂ ਵਿੱਢਣ ਤੇ ਸੰਘਰਸ਼ ਨੂੰ ਇੱਕਜੁੱਟ ਬਣਾਉਣ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

ਇਸ ਸਮੇਂ ਜਗਰੂਪ ਸਿੰਘ ਹਸਨ ਪੁਰ, ਰਜਿੰਦਰ ਸਿੰਘ ਭਨੋਹੜ, ਤਰਸੇਮ ਸਿੰਘ ਬੱਸੂਵਾਲ, ਕੁਲਵਿੰਦਰ ਸਿੰਘ ਮੋਹੀ, ਸੁਖਵਿੰਦਰ ਸਿੰਘ ਹੰਬੜਾਂ ਆਦਿ ਹਾਜ਼ਰ ਸਨ।

ਅਧਿਆਪਕਾਂ ਨੂੰ ਅਪਾਰ ਆਈ ਡੀ ਨੂੰ ਲੈ ਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ : ਰਾਜੀਵ ਹਾਂਡਾ

ਜ਼ੀਰਾ (ਨਰਿੰਦਰ ਅਨੇਜਾ)-ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਦੇ ਨਾਂ 'ਤੇ ਬਣੀ ਸਰਕਾਰ ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮ ਨਾ ਲੈਣ ਦਾ ਐਲਾਨ ਕਰਨ ਵਾਲੀ ਆਪ ਸਰਕਾਰ ਦੀ ਕਹਿਣੀ ਅਤੇ ਕਥਨੀ ਵਿੱਚ ਜ਼ਮੀਨ ਅਸਮਾਨ ਦਾ ਫਰਕ ਹੈ।ਗਰੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਜਥੇਬੰਦਕ ਸਕੱਤਰ ਬਲਵਿੰਦਰ ਸਿੰਘ ਭੁੱਟੋ, ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਰਾਜੀਵ ਹਾਂਡਾ, ਸਕੱਤਰ ਜਗਸੀਰ ਸਿੰਘ ਗਿੱਲ, ਜ਼ਿਲ੍ਹਾ ਵਿੱਤ ਸਕੱਤਰ ਬਲਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਭਰ ਦੇ ਅਧਿਆਪਕਾਂ ਦੀਆਂ ਡਿਊਟੀਆਂ ਨਗਰ ਕੌਂਸਲ, ਨਗਰ ਨਿਗਮ, ਨਗਰ ਪੰਚਾਇਤਾਂ ਚੋਣਾਂ ਕਰਵਾਉਣ ਵਿੱਚ ਲੱਗੀਆਂ ਹੋਈਆਂ ਹਨ। ਉੱਥੇ ਹੀ ਬੱਚਿਆਂ ਦੇ ਪੇਪਰ ਚੱਲ ਰਹੇ ਹਨ। ਪਹਿਲਾਂ ਹੀ ਸੀ ਈ ਪੀ ਦੀ ਆੜ ਵਿੱਚ ਬਥੇਰਾ ਸਮਾਂ ਖਰਾਬ ਹੋ ਚੁੱਕਿਆ ਹੈ। ਇਸ ਦੌਰਾਨ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਅਧਿਆਪਕਾਂ ਤੇ ਨਵੇਂ ਹੁਕਮ ਚਾੜ੍ਹਦੇ ਹੋਏ ਕਿਹਾ ਕਿ 20 ਦਸੰਬਰ ਤੋਂ ਪਹਿਲਾਂ ਪਹਿਲਾਂ ਸਾਰੇ ਵਿਦਿਆਰਥੀਆਂ ਦੀ ਅਪਾਰ ਆਈ ਡੀ ਛੇਤੀ ਤੋਂ ਛੇਤੀ ਬਣਾਈ ਜਾਵੇ। ਉਹਨਾਂ ਦੱਸਿਆ ਕਿ ਇਹ ਆਈ ਡੀ ਮਾਪਿਆਂ ਦੀ ਕਨਸੈਂਟ ਨਾਲ ਬਣਾਉਣੀ ਜ਼ਰੂਰੀ ਹੈ। ਪਰ ਅਧਿਕਾਰੀ ਅਧਿਆਪਕਾਂ 'ਤੇ ਦਬਾਅ ਬਣਾ ਕੇ ਬਿਨਾਂ ਮਾਪਿਆਂ ਦੀ ਕਨਸੈਂਟ ਤੋਂ ਇਹ ਕੰਮ ਪੂਰਾ ਕਰਵਾਉਣ ਲੱਗੇ ਹੋਏ ਹਨ। ਅਪਾਰ ਆਈ ਡੀ ਕਿਉਂ ਕਿਸ ਲਈ ਕਿਵੇਂ ਇਸ ਦੀ ਅਧਿਆਪਕਾਂ ਨੂੰ ਹੁਣ ਤੱਕ ਕੋਈ ਟ੍ਰੇਨਿੰਗ ਨਹੀਂ ਦਿੱਤੀ ਗਈ। ਪਰ ਛੇਤੀ ਕੰਮ ਕਰਨ ਲਈ ਪੂਰਾ ਦਬਾਅ ਬਣਾ ਕੇ ਰੱਖਿਆ ਜਾ ਰਿਹਾ ਹੈ। ਜਦਕਿ ਇਹ ਸਾਰਾ ਕੰਮ ਆਨਲਾਈਨ ਹੈ ਜਿਸ ਵਿੱਚ ਬੱਚਿਆਂ ਦਾ ਆਧਾਰ ਕਾਰਡ ਮਾਪਿਆਂ ਦਾ ਆਧਾਰ ਕਾਰਡ ਇੱਕ ਦੂਜੇ ਨਾਲ ਮੈਚ ਹੋਣਾ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਜਦੋਂ ਤੋਂ ਭਗਵੰਤ ਮਾਨ ਸਰਕਾਰ ਆਈ ਹੈ ਉਦੋਂ ਤੋਂ ਅਧਿਆਪਕਾਂ ਦੀਆਂ ਗੈਰ ਵਿੱਦਿਅਕ ਡਿਊਟੀਆਂ ਲਗਾਤਾਰ ਚੱਲ ਰਹੀਆਂ ਹਨ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅਧਿਆਪਕਾਂ ਨੂੰ ਮਾਨਸਿਕ ਤੌਰ ਤੇ ਪ੍ਰੇਸ਼ਾਨ ਨਾ ਕੀਤਾ ਜਾਵੇ। ਕੋਈ ਵੀ ਅਧਿਕਾਰੀ ਕਿਸੇ ਕਿਸਮ ਦਾ ਦਬਾਅ ਬਣਾ ਕੇ ਅਧਿਆਪਕਾਂ ਨੂੰ ਮਾਨਸਿਕ ਤੌਰ 'ਤੇ ਤੰਗ ਪ੍ਰੇਸ਼ਾਨ ਨਾ ਕਰੇ। ਇਸੇ ਸਮੇਂ ਸ਼ਹਿਨਾਜ਼ ਨਰੂਲਾ, ਬਲਵਿੰਦਰ ਕੌਰ ਬਹਿਲ, ਗੌਰਵ ਮੂੰਜਾਲ, ਰਣਜੀਤ ਸਿੰਘ ਖਾਲਸਾ, ਗੁਰਮੀਤ ਧੰਮ, ਬਲਜੀਤ ਸਿੰਘ, ਬਲਜਿੰਦਰ ਸਿੰਘ, ਗੁਰਚਰਨ ਕਲਸੀ, ਹਰਪਾਲ ਸਿੰਘ, ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ, ਸੰਦੀਪ ਵਿਨਾਯਕ, ਰਾਜਿੰਦਰ ਸਿੰਘ ਰਾਜਾ, ਬਲਵਿੰਦਰ ਸਿੰਘ, ਰਾਜ ਸਿੰਘ, ਚੰਦ ਸਿੰਘ , ਗੁਰਲਾਭ ਸਿੰਘ, ਹਰਭਾਲ ਸਿੰਘ , ਪ੍ਰੇਮ ਸਿੰਘ, ਡਾਕਟਰ ਜਸਵੀਰ ਸਿੰਘ, ਚੰਦਰ ਕੁਮਾਰ ਦਿਓੜਾ, ਓਂਕਾਰ ਸਿੰਘ, ਤੀਰਥ ਸਿੰਘ, ਰਾਜਿੰਦਰ ਸਿੰਘ, ਮੌਜੂਦ ਰਹੇ।

ਮਮਦੋਟ ਦੇ ਵਾਰਡ 10 ਤੋਂ ਕਾਂਗਰਸ, ਆਪ ਤੇ ਭਾਜਪਾ 'ਚ ਫਸਵਾਂ ਮੁਕਾਬਲਾ ਹੋਣ ਦੇ ਆਸਾਰ

ਮਮਦੋਟ, (ਜਸਬੀਰ ਸਿੰਘ ਕੰਬੋਜ)-ਨਗਰ ਪੰਚਾਇਤ ਮਮਦੋਟ ਦੇ ਵਾਰਡ ਨੰਬਰ 10 ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਸਵਨਾ, ਕਾਂਗਰਸ ਪਾਰਟੀ ਦੇ ਉਮੀਦਵਾਰ ਅਕਾਸ਼ਦੀਪ ਕੌਰ ਅਤੇ ਭਾਜਪਾ ਦੇ ਉਮੀਦਵਾਰ ਸੋਨਾ ਸਿੰਘ ਵਿਚਕਾਰ ਫਸਵਾਂ ਮੁਕਾਬਲਾ ਹੋਣ ਦੇ ਆਸਾਰ ਹੋਣ ਕਾਰਨ ਬੇਸ਼ੱਕ ਇਸ ਸੀਟ 'ਤੇ ਤਿਕੋਣਾ ਮੁਕਾਬਲਾ ਬਣਦਾ ਜਾ ਰਿਹਾ ਹੈ ਪਰੰਤੂ ਸਿਆਸੀ ਮਾਹਰਾਂ ਅਨੁਸਾਰ ਮੁੱਖ ਮੁਕਾਬਲਾ ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਵਿੱਚ ਹੀ ਮੰਨਿਆ ਜਾ ਰਿਹਾ ਹੈ ਜਦੋਂ ਕਿ ਸ਼੍ਰੋਮਣੀ ਅਕਾਲੀ ਦਲ ਨੇ ਇਸ ਚੋਣ ਤੋਂ ਟਾਲਾ ਵੱਟਦਿਆਂ ਕੋਈ ਵੀ ਉਮੀਦਵਾਰ ਮੈਦਾਨ ਵਿੱਚ ਨਹੀ ਉਤਾਰਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਸੀਟ 'ਤੇ ਤਿੰਨਾਂ ਪਾਰਟੀਆਂ ਦੇ ਸੀਨੀਅਰ ਆਗੂ ਆਪੋ ਆਪਣੇ ਉਮੀਦਵਾਰ ਨੂੰ ਜਤਾਉਣ ਵਾਸਤੇ ਜਿਥੇ ਅੱਡੀ ਚੋਟੀ ਦਾ ਜ਼ੋਰ ਲਗਾ ਰਹੇ ਹਨ ਓਥੇ ਅਕਾਲੀ ਵਰਕਰਾਂ ਤੇ ਆਗੂਆਂ ਵਲੋਂ ਹੁਣ ਤੱਕ ਵੱਟੀ ਚੁੱਪੀ ਵੀ ਕਈ ਸਵਾਲ ਖੜ੍ਹੇ ਕਰ ਰਹੀ ਹੈ। ਕਾਂਗਰਸ ਪਾਰਟੀ ਦੇ ਉਮੀਦਵਾਰ ਅਕਾਸ਼ਦੀਪ ਕੌਰ ਜੋ ਕਿ ਮੌਜੂਦਾ ਐਮ.ਸੀ. ਬਾਜ ਸਿੰਘ ਦੀ ਪਤਨੀ ਹੈ ਅਤੇ ਹਲਕਾ ਇੰਚਾਰਜ ਅਮਰਦੀਪ ਸਿੰਘ, ਆਸ਼ੂ ਬੰਗੜ, ਸ਼ੇਰ ਸਿੰਘ ਘੁਬਾਇਆ ਮੈਂਬਰ ਪਾਰਲੀਮੈਂਟ, ਸੀਨੀਅਰ ਆਗੂ ਗੁਰਬਚਨ ਸਿੰਘ ਕਾਲਾ ਟਿੱਬਾ ਸਮੇਤ ਲੋਕਲ ਆਗੂਆਂ ਵੱਲੋਂ ਮੀਟਿੰਗ ਕਰਕੇ ਚੋਣ ਪ੍ਰਚਾਰ ਵਾਸਤੇ ਅੱਡੀ ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ। ਦੂਸਰੇ ਪਾਸੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਸਵਨਾ ਦੇ ਹੱਕ ਵਿੱਚ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ, ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ, ਸੁਰਿੰਦਰ ਕੁਮਾਰ ਸੋਨੂੰ ਸੇਠੀ ਐਮ ਸੀ, ਦਲਜੀਤ ਸਿੰਘ ਬਾਬਾ ਉਪ ਪ੍ਰਧਾਨ ਨਗਰ ਪੰਚਾਇਤ, ਹਰਜਿੰਦਰ ਸਿੰਘ ਸਿੰਧੀ ਸੰਦੀਪ ਸੋਨੀ ਅਤੇ ਉਹਨਾਂ ਦੀ ਪੂਰੀ ਟੀਮ ਤਨ ਮਨ ਦੇ ਨਾਲ ਰਾਤ ਇੱਕ ਕਰਕੇ ਅਤੇ ਕੀਤੇ ਹੋਏ ਕੰਮਾਂ ਦਾ ਜ਼ਿਕਰ ਕਰਕੇ ਇਨ੍ਹਾਂ ਨੂੰ ਕਾਮਯਾਬ ਕਰਨ ਵਿੱਚ ਲੱਗੀ ਹੋਈ ਹੈ। ਤੀਸਰੇ ਭਾਜਪਾ ਦੇ ਉਮੀਦਵਾਰ ਸੋਨਾ ਸਿੰਘ ਜਿਨ੍ਹਾਂ ਮਗਰ ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਦੇ ਸਪੁੱਤਰ ਉਘੇ ਯੂਥ ਭਾਜਪਾ ਆਗੂ ਅਨੁਮੀਤ ਸਿੰਘ ਹੀਰਾ ਸੋਢੀ, ਰਵੀ ਦੱਤ ਚਾਵਲਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਅਸ਼ੋਕ ਸਹਿਗਲ ਜ਼ਿਲ੍ਹਾ ਪ੍ਰਧਾਨ ਵਪਾਰ ਮੰਡਲ, ਵਿੱਕੀ ਚਾਵਲਾ ਪ੍ਰਧਾਨ ਯੁਵਾ ਮੋਰਚਾ, ਸ਼ਮਸ਼ੇਰ ਸਿੰਘ ਕਾਕੜ ਜ਼ਿਲ੍ਹਾ ਪ੍ਰਧਾਨ ਭਾਜਪਾ, ਭਗਵਾਨ ਦਾਸ ਸ਼ਰਮਾ, ਵਿਕਰਮਜੀਤ ਸਿੰਘ ਪੋਜੇ ਕੇ ਵੀ ਆਪਣਾ ਪੂਰਾ ਜ਼ੋਰ ਭਾਜਪਾ ਉਮੀਦਵਾਰ ਨੂੰ ਜਤਾਉਣ ਲਈ ਲਗਾ ਰਹੇ ਹਨ। ਪਰ ਅਕਾਲੀ ਦਲ ਦਾ ਇਸ ਸੀਟ ਤੋਂ ਕੋਈ ਵੀ ਉਮੀਦਵਾਰ ਖੜ੍ਹਾ ਨਾ ਕਰ ਸਕਣਾ ਪੱਚੀ ਸਾਲ ਰਾਜ ਕਰਨ ਦਾ ਸੁਪਨਾ ਲੈਣ ਵਾਲੀ ਪਾਰਟੀ ਦੀ ਕਾਰਗੁਜ਼ਾਰੀ 'ਤੇ ਵੀ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰਦਾ ਨਜ਼ਰ ਆ ਰਿਹਾ ਹੈ। ਫਿਰੋਜ਼ਪੁਰ ਜ਼ਿਲ੍ਹੇ ਦੇ ਹਲਕਾ ਗੁਰੂਹਰਸਹਾਏ ਦੇ ਵਾਰਡ ਨੰਬਰ 15 'ਚ ਵੀ ਇਹ ਤਿੰਨੇ ਪਾਰਟੀਆਂ ਦੇ ਉਮੀਦਵਾਰ ਜ਼ਿਮਨੀ ਚੋਣ ਲੜ ਰਹੇ ਹਨ ਤੇ ਅਕਾਲੀ ਦਲ ਨੇ ਪੰਜਾਬ 'ਚ ਆਪਣੀ ਸਥਿਤੀ ਨੂੰ ਵੇਖਦਿਆਂ ਓਥੇ ਵੀ ਚੋਣਾਂ 'ਚ ਹਿੱਸਾ ਲੈਣ ਦੀ ਬਜਾਏ ਚੁੱਪ ਰਹਿਣਾ ਹੀ ਬੇਹਤਰ ਸਮਝਿਆ ਹੈ।

'ਆਪ' ਆਗੂ ਬਰਿੰਦਰ ਮਧੇਕੇ ਨੂੰ ਗਹਿਰਾ ਸਦਮਾ, ਮਾਤਾ ਦਾ ਦੇਹਾਂਤ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਆਮ ਆਦਮੀ ਪਾਰਟੀ ਦੇ ਆਗੂ ਬਰਿੰਦਰ ਮਧੇਕੇ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਨਿਰਮਲਾ ਰਾਣੀ (62) ਪਤਨੀ ਬਾਲ ਮੁਕੁੰਦ ਸ਼ਰਮਾ ਦਾ ਸੰਖੇਪ ਬਿਮਾਰੀ ਨਾਲ ਦੇਹਾਂਤ ਹੋ ਗਿਆ। ਸ਼ਰਮਾ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਪਹੁੰਚੇ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮਾਤਾ ਦੇ ਅਕਾਲ ਚਲਾਣਾ ਕਰ ਜਾਣ ਕਾਰਨ ਸ਼ਰਮਾ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ 'ਚ ਪਰਵਾਰ ਨਾਲ ਅਮਨਦੀਪ ਸਿੰਘ ਮੋਹੀ ਚੇਅਰਮੈਨ, ਮਾਰਕਫੈੱਡ ਅਕਾਲੀ ਆਗੂ ਖਣਮੁੱਖ ਭਾਰਤੀ ਪੱਤੋ, ਪ੍ਰਧਾਨ ਜਗਦੀਪ ਸਿੰਘ ਗਟਰਾ, ਸਾਬਕਾ ਪ੍ਰਧਾਨ ਇੰਦਰਜੀਤ ਸਿੰਘ ਜੌਲੀ, ਸੁਰੇਸ਼ ਬਾਸ਼ਲ, ਜਗਜੀਤ ਸਿੰਘ ਮਾਨੂੰਕੇ ਵਿਕਰਾਜ ਪੈਲੇਸ, ਕੁਲਦੀਪ ਸਿੰਘ ਸਰਪੰਚ ਮਧੇਕੇ, ਪਿੰਦਰ ਸ਼ਰਮਾ ਮਧੇਕੇ, ਪ੍ਰਧਾਨ ਜੀਵਨ ਸਿੰਘ ਸੈਦੋਕੇ, ਬਿੱਟੂ ਸੈਦੋਕੇ, ਗੱਗੀ ਸੈਦੋਕੇ, ਸਰਪੰਚ ਜਸਮੇਰ ਸਿੰਘ ਰਣਸੀਂਹ, ਪਰਮਜੀਤ ਸਿੰਘ ਮਧੇਕੇ, ਮੁਕੰਦ ਸਿੰਘ, ਜਸਵੰਤ ਸਿੰਘ ਮਧੇਕੇ, ਮਾਸਟਰ ਸੋਹਣ ਭਦੌੜ, ਡਾ. ਨਵਦੀਪ ਸਿੰਘ ਜੱੜਾ ਹਰਸਿਮਰਨਜੀਤ ਸਿੰਘ ਸ਼ਰਾ ਇੰਮੀਗਰੇਸ਼ਨ ਵਾਲੇ, ਬਲਵੀਰ ਸਿੰਘ, ਰੂਪ ਸਿੰਘ ਮਧੇਕੇ, ਕੁਲਦੀਪ ਸਿੰਘ ਮਧੇਕੇ, ਡਾਕਟਰ ਗੋਰਾ ਮਧੇਕੇ ਡਾਕਟਰ ਬਲਵਿੰਦਰ ਸਿੰਘ ਦੀਨਾ ਜੋਇਟ ਸੈਕਟਰੀ ਪੰਜਾਬ ਸਾਹਿਬ, ਅੰਮ੍ਰਿਤਪਾਲ ਸਿੰਘ ਦੀਨਾ ਸਾਹਿਬ ਤੋਂ ਇਲਾਵਾ ਰਾਜਸੀ ਧਾਰਮਿਕ ਅਤੇ ਸਮਾਜਸੇਵੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਪ੍ਰਭੂ ਨੂੰ ਪ੍ਰਾਪਤ ਕਰਨ ਲਈ ਤਿੱਖੀ ਬੁੱਧੀ ਦੀ ਬਜਾਏ ਕੇਵਟ ਵਰਗੀ ਭਾਵਨਾ ਦੀ ਲੋੜ : ਸਾਧਵੀ ਸ਼੍ਰੇਆ ਭਾਰਤੀ

ਸੁਨਾਮ ਊਧਮ ਸਿੰਘ ਵਾਲਾ, (ਅਸ਼ੋਕ ਬਾਂਸਲ ਹਾਕਮ ਭੱਟੀ)- ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਥਾਨਕ ਨਿਊ ਦੁਸਹਿਰਾ ਗਰਾਊਂਡ ਵਿਖੇ ਸ੍ਰੀ ਰਾਮ ਕਥਾ ਦੇ ਚੌਥੇ ਦਿਨ ਕਥਾ ਤੋਂ ਪਹਿਲਾਂ ਵਿਪਨ ਗਣਪਤੀ, ਅਸ਼ਵਨੀ ਕਾਂਸਲ, ਪਰਵੀਨ ਗਰਗ, ਰਜਿੰਦਰ ਗੋਇਲ, ਵਿਕਾਸ ਸਿੰਗਲ, ਵਰਿੰਦਰ ਬਾਂਸਲ ਨੇ ਪੂਜਨ ਕੀਤ ਅਤੇ ਗੁਰਸ਼ਰਨ ਕੌਰ ਰੰਧਾਵਾ ਪ੍ਰਧਾਨ ਮਹਿਲਾ ਕਾਂਗਰਸ ਪੰਜਾਬ, ਸ੍ਰੀ ਪ੍ਰਗਤੀਸ਼ੀਲ ਬ੍ਰਾਹਮਣ ਸਭਾ ਦੇ ਰੁਪਿੰਦਰ ਭਾਰਦਵਾਜ, ਮਾ. ਭੂਸ਼ਨ ਸ਼

19-Dec-PAGE---8.qxd 12/18/2024 11:11 PM Page 1

ਮੁਲਾਜ਼ਮ ਤੇ ਪੈਨਸ਼ਨਰ ਮਾਰੂ ਨੀਤੀਆਂ ਖਿਲਾਫ਼ ਸਾਂਝਾ ਫਰੰਟ ਵੱਲੋਂ 3 ਜਨਵਰੀ ਨੂੰ ਗਵਰਨਰ ਨੂੰ ਮਿਲਣ ਦਾ ਫੈਸਲਾ

ਜਲੰਧਰ (ਰਾਜੇਸ਼ ਬਾਪਾ)

ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਆਨਲਾਈਨ ਵਰਚੁਅਲ ਮੀਟਿੰਗ ਸਾਂਝਾ ਫਰੰਟ ਦੇ ਕਨਵੀਨਰ ਰਤਨ ਸਿੰਘ ਮਜਾਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ , ਸਵਿੰਦਰਪਾਲ ਸਿੰਘ ਮੋਲੋਵਾਲੀ, ਜਰਮਨਜੀਤ ਸਿੰਘ, ਰਣਜੀਤ ਸਿੰਘ ਰਾਣਵਾ, ਗਗਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗੰਡੀਵਿੰਡ , ਬਾਜ ਸਿੰਘ ਖਹਿਰਾ, ਸੁਖਦੇਵ ਸਿੰਘ ਸੈਣੀ, ਐਨ. ਕੇ. ਕਲਸੀ, ਸੁਰਿੰਦਰ ਰਾਮ ਕੁੱਸਾ, ਕੁਲਵਰਨ ਸਿੰਘ, ਰਾਧੇ ਸ਼ਾਮ , ਜਸਵੀਰ ਸਿੰਘ ਤਲਵਾੜਾ, ਜਗਦੀਸ਼ ਸਿੰਘ ਚਾਹਲ, ਬੋਬਿੰਦਰ ਸਿੰਘ ਨੇ ਆਖਿਆ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਦਾ ਪੰਜਾਬ ਸਰਕਾਰ ਵੱਲੋਂ ਕੋਈ ਹੱਲ ਨਹੀਂ ਕੀਤਾ ਜਾ ਰਿਹਾ ਸਗੋਂ ਸਾਂਝਾ ਫਰੰਟ ਨੂੰ ਵਾਰ-ਵਾਰ ਮੁੱਖ ਮੰਤਰੀ ਵੱਲੋਂ ਮੀਟਿੰਗ ਦੇ ਕੇ ਮੁਲਤਵੀ ਕੀਤਾ ਜਾ ਰਿਹਾ ਹੈ, ਜਿਸ ਕਰਕੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਾਂ ਅੰਦਰ ਪੰਜਾਬ ਸਰਕਾਰ ਪ੍ਰਤੀ ਭਾਰੀ ਗੁੱਸਾ ਹੈ। ਆਗੂਆਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਅਪਣਾਈ ਜਾ ਰਹੀ ਨੀਤੀ ਅੱਜ ਤੱਕ ਬਣੀਆਂ ਨੀਤੀਆਂ ਨਾਲੋਂ ਬਹੁਤ ਘਟੀਆ ਨੀਤੀ ਹੈ , ਇਹ

ਨੀਤੀ ਸਿਰਫ ਤੇ ਸਿਰਫ 58 ਸਾਲ ਤੱਕ ਸੇਵਾ ਕਰਨ ਦੀ ਹੀ ਗਰੰਟੀ ਦਿੰਦੀ ਹੈ ਅਤੇ ਹੋਰ ਕੋਈ ਵੀ ਪੱਕੇ ਮੁਲਾਜ਼ਮਾਂ ਵਾਲਾ ਲਾਭ ਨਹੀਂ । ਆਗੂਆਂ ਪੰਜਾਬ ਸਰਕਾਰ 'ਤੇ ਇਹ ਵੀ ਦੋਸ਼ ਲਾਇਆ ਕਿ ਸਰਕਾਰ ਸ਼ਾਂਤਮਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਤੇ ਨਜਾਇਜ਼ ਪਰਚੇ ਦਰਜ ਕਰ ਰਹੀ ਹੈ।ਸਾਂਝਾ ਫਰੰਟ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮਜ਼ਦੂਰ, ਕਿਸਾਨ, ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਸਰਕਾਰ ਨੂੰ 21 ਦਸੰਬਰ ਨੂੰ ਲੋਕਲ ਬਾਡੀ ਵਿਭਾਗ ਅਧੀਨ ਨਗਰ ਨਿਗਮ ਅਤੇ ਨਗਰ ਪੰਚਾਇਤਾਂ ਦੀਆਂ ਹੋ ਰਹੀਆਂ ਚੋਣਾਂ ਵਿੱਚ ਸਬਕ ਸਿਖਾਇਆ ਜਾਵੇ। ਆਗੂਆਂ ਐਲਾਨ ਕੀਤਾ ਕਿ ਸਾਂਝਾ ਫਰੰਟ ਤੋਂ ਬਾਹਰ ਰਹਿ ਰਹੀਆਂ ਧਿਰਾਂ ਵਿਸ਼ੇਸ਼ ਤੌਰ 'ਤੇ ਸਿਵਲ ਸਕੱਤਰੇਤ , ਸਾਂਝਾ ਮੰਚ, ਪੀਐਸਐਮਐਸਯੂ, ਡੀ.ਸੀ.ਦਫਤਰ ਯੂਨੀਅਨ, ਸਮੁੱਚੇ ਡਾਇਰੈਕਟੋਰੇਟ , ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਜਥੇਬੰਦੀਆਂ, ਆਂਗਣਵਾੜੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ , ਰੈਵਿਨਿਊ ਪਟਵਾਰ ਤੇ ਕਾਨੂੰਗੋ ਅਸੋਸੀਏਸ਼ਨ ਅਤੇ ਹੋਰ ਸਮੁੱਚੀਆਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੜਨ ਵਾਲੀਆਂ ਧਿਰਾਂ ਨੂੰ ਨਾਲ ਲੈ ਕੇ 18 ਜਨਵਰੀ ਨੂੰ ਲੁਧਿਆਣਾ ਵਿਖੇ ਇੱਕ ਵੱਡੀ ਮੀਟਿੰਗ ਕਰਕੇ ਵੱਡੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਹਰਦੀਪ ਸਿੰਘ ਟੋਡਰਪੁਰ ,ਤੀਰਥ ਸਿੰਘ ਬਾਸੀ, ਐਨ.ਡੀ.ਤਿਵਾੜੀ , ਸੁਖਵਿੰਦਰ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਗੁਰਦੀਪ ਸਿੰਘ ਬਾਜਵਾ ਅਤੇ ਧਨਵੰਤ ਸਿੰਘ ਭੱਠਲ ਆਦਿ ਹਾਜ਼ਰ ਸਨ।

ਸੜਕ ਬਣਾਉਣ ਦੀ ਮੰਗ

ਅੱਡਾ ਸਰਾਂ (ਜਸਵੀਰ ਕਾਜਲ)-ਅੱਡਾ ਸਰਾਂ ਤੋਂ ਪਿੰਡ ਢੱਟ, ਭਾਗੀਆਂ, ਕੰਧਾਲੀ ਨੋਰੰਗਪੁਰ,ਕੰਧਾਲਾ ਸ਼ੇਖਾਂ,ਮੀਸੀਤਪਾਲ ਕੋਟ ਵਿਚੋਂ ਗੁਜ਼ਰਦੀ ਹੋਈ ਲਿੰਕ ਸੜਕ ਦਸੂਹਾ ਨਾਲ ਜਾ ਮਿਲਦੀ ਹੈ ।ਇਸ ਸੜਕ ਦੀ ਬਹੁਤ ਹਾਲਤ ਮਾੜੀ ਹੈ। ਇਸ ਸੜਕ ਡੂੰਘੇ ਟੋਏ ਪਏ ਹੋਏ ਹਨ ਅਤੇ ਮੀਹਾਂ ਦਿਨਾਂ ਵਿਚ ਇਸ ਸੜਕ ਤੇ ਪਏ ਟੋਇਆਂ ਵਿੱਚ ਪਾਣੀ ਭਰ ਜਾਂਦਾ ਹੈ ਅਤੇ ਰਾਹਗੀਰਾਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇਸ ਸੜਕ ਤੋਂ ਇਲਾਕੇ ਦੇ ਲੋਕਾਂ ਦੀ ਆਵਾਜਾਈ ਵੀ ਵਧੇਰੇ ਹੈ ਅਤੇ ਇਨਾਂ ਟੋਇਆਂ ਕਰਕੇ ਕਈ ਰਾਹਗੀਰ ਡਿਗਦੇ ਦੇਖਣ ਨੂੰ ਮਿਲਦੇ ਹਨ ਅਤੇ ਇਸ ਸਮੱਸਿਆ ਨੂੰ ਦੇਖਦੇ ਹੋਏ ਇਲਾਕੇ ਦੇ ਲੋਕਾਂ, ਰਾਹਗੀਰਾਂ ਦੀ ਸਰਕਾਰ ਤੋਂ ਮੰਗ ਹੈ ਇਸ ਸੜਕ ਦੀ ਮੁਰੰਮਤ ਕੀਤੀ ਜਾਵੇ ਤਾਂ ਜੋ ਇਸ ਸਮੱਸਿਆ ਤੋਂ ਰਾਹਗੀਰਾਂ ਨੂੰ ਨਿਯਾਤ ਮਿਲ ਸਕੇ।

ਦਿਹਾਤੀ ਮਜ਼ਦੂਰ ਸਭਾ ਨੇ ਆਪਣੀਆਂ ਮੰਗਾਂ ਸੰਬੰਧੀ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਦਿਹਾਤੀ ਮਜ਼ਦੂਰ ਸਭਾ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਐਸ ਡੀ ਐਮ ਸੁਲਤਾਨਪੁਰ ਲੋਧੀ ਦੇ ਸਟੈਨੋ ਜਗਦੀਸ਼ ਲਾਲ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ 'ਤੇ ਮੰਗ ਪੱਤਰ ਸੌਂਪਿਆ। ਇਸ ਤੋਂ ਪਹਿਲਾਂ ਐਸ ਡੀ ਐਮ ਦਫਤਰ ਦੇ ਮੂਹਰੇ ਦਿੱਤੇ ਰੋਸ ਧਰਨੇ ਨੂੰ ਸੰਬੋਧਨ ਕਰਦੇ ਵੱਖ ਵੱਖ ਬੁਲਾਰਿਆਂ ਨੇ ਮੰਗ ਕੀਤੀ ਕਿ ਮਗਨਰੇਗਾ ਕਾਨੂੰਨ ਤਹਿਤ ਦਿਹਾਤੀ ਮਜ਼ਦੂਰਾਂ ਦੇ ਸਾਰੇ ਪਰਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਦਿਹਾੜੀ ਘੱਟੋ ਘੱਟ 700 ਦਿੱਤੀ ਜਾਵੇ, ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਕਾਨੂੰਨ ਅਨੁਸਾਰ ਸਾਰੀਆਂ ਸਕੀਮਾਂ ਅਧੀਨ ਮਿਲਦੀਆਂ ਸਹੂਲਤਾਂ ਚਾਲੂ ਕੀਤੀਆਂ ਜਾਣ, ਚੋਣਾਂ ਸਮੇਂ ਕੀਤੇ ਵਾਅਦੇ ਅਤੇ ਗਰੰਟੀਆਂ ਦੀ ਪੂਰਤੀ ਲਈ ਹਰ ਔਰਤ ਨੂੰ ਪ੍ਰਤੀ ਮਹੀਨਾ 1100 ਰੁਪਏ ਤੁਰੰਤ ਦੇਣ ਦਾ ਪ੍ਰਬੰਧ ਕੀਤਾ ਜਾਵੇ ਅਤੇ ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਦਾ ਸਾਰਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ ਅਤੇ ਹੋਰ ਮੰਗਾਂ ਵੀ ਮੰਨੀਆਂ ਜਾਣ।ਧਰਨੇ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਸਕੱਤਰ ਐਡਵੋਕੇਟ ਰਜਿੰਦਰ ਸਿੰਘ ਰਾਣਾ ਨੇ ਦਿਹਾਤੀ ਮਜ਼ਦੂਰ ਸਭਾ ਦੀਆਂ ਮੰਗਾਂ ਲਈ ਉਹਨਾਂ ਦਾ ਸਮਰਥਨ ਕੀਤਾ। ਉਹਨਾਂ ਕੇਂਦਰ ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸੰਘਰਸ਼ ਕਰਦੇ ਹੋਏ ਡੱਲੇਵਾਲ ਦਾ ਮਸਲਾ ਵੀ ਕਿਸਾਨਾਂ ਦੀਆਂ ਮੰਗਾਂ

ਮੰਨ ਕੇ ਤੁਰੰਤ ਹੱਲ ਕੀਤਾ ਜਾਵੇ।ਧਰਨੇ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਹਰਬੰਸ ਮੱਟੂ, ਨਿਰਮਲ ਸਿੰਘ ਮਲਸੀਆਂ, ਰਣਜੀਤ ਸਿੰਘ ਰਾਣਾ, ਸਾਬਕਾ ਸਰਪੰਚ ਬਲਕਾਰ ਸਿੰਘ, ਬਿਕਰਮ ਸਿੰਘ, ਸੀਪੀਆਈ ਦੇ ਸਾਥੀ ਮੁਕੰਦ ਸਿੰਘ, ਸੰਯੁਕਤ ਕਿਸਾਨ ਮੋਰਚੇ ਦੇ ਕਨਵੀਨਰ ਰਜਿੰਦਰ ਸਿੰਘ ਰਾਣਾ ਐਡਵੋਕੇਟ, ਸਰਵਨ ਸਿੰਘ, ਰਿੰਕੀ, ਲਖਵਿੰਦਰ ਕੌਰ, ਓਮ ਪ੍ਰਕਾਸ਼ ਆਦਿ ਵੀ ਹਾਜਰ ਸਨ।

ਗੁਰੂਗ੍ਰਾਮ ਵਿਚ ਹੋਵੇਗਾ ਸੁਸ਼ਾਸਨ ਦਿਵਸ 'ਤੇ ਰਾਜ ਪੱਧਰੀ ਸਮਾਰੋਹ

ਚੰਡੀਗੜ੍ਹ, (ਕ੍ਰਿਸ਼ਨ ਗਰਗ)

ਹਰਿਆਣਾ ਵਿਚ 25 ਦਸੰਬਰ ਨੂੰ ਸੁਸ਼ਾਸ਼ਨ ਦਿਵਸ ਦੇ ਮੌਕੇ 'ਤੇ ਰਾਜ ਪੱਧਰੀ ਸਮਾਰੋਹ ਗੁਰੂਗ੍ਰਾਮ ਵਿਚ ਪ੍ਰਬੰਧਿਤ ਕੀਤਾ ਜਾਵੇਗਾ, ਜਿਸ ਵਿਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਣਗੇ। ਮੁੱਖ ਸਕੱਤਰ ਦਫਤਰ ਵੱਲੋਂ ਜਾਰੀ ਇਕ ਪੱਤਰ ਅਨੁਸਾਰ ਕੇਂਦਰੀ ਸਹਿਕਾਰਤਾ ਰਾਜ ਮੰਤਰੀ ਕ੍ਰਿਸ਼ਣ ਪਾਲ ਗੁਰਜਰ ਫਰੀਦਾਬਾਦ ਵਿਚ ਜਦੋਂ ਕਿ ਹਰਿਆਣਾ ਵਿਧਾਨਸਭਾ ਸਪੀਕਰ ਹਰਵਿੰਦਰ ਕਲਿਆਣ ਕੈਥਲ ਵਿਚ ਜਿਲ੍ਹਾ ਪੱਧਰੀ ਸਮਾਰੋਹ ਵਿਚ ਮੁੱਖ ਮਹਿਮਾਨ ਹੋਣਗੇ। ਊਰਜਾ ਮੰਤਰੀ ਅਨਿਲ ਵਿਜ ਸਿਰਸਾ, ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਣ ਲਾਲ ਪੰਵਾਰ ਹਿਸਾਰ, ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ ਨੂੰਹ ਅਤੇ ਸਕੂਲ ਸਿਖਿਆ ਮੰਤਰੀ ਮਹੀਪਾਲ ਢਾਂਡਾ ਭਿਵਾਨੀ ਵਿਚ ਪ੍ਰਬੰਧਿਤ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ।ਮਾਲ ਅਤੇ ਕੁਦਰਤੀ ਆਪਦਾ ਪ੍ਰਬੰਧਨ ਮੰਤਰੀ ਵਿਪੁਲ ਗੋਇਲ ਰਿਵਾੜੀ, ਸਹਿਕਾਰਤਾ ਮੰਤਰੀ ਅਰਵਿੰਦ ਕੁਮਾਰ ਸ਼ਰਮਾ ਮਹੇਂਦਰਗੜ੍ਹ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਾਮ ਸਿੰਘ ਰਾਣਾ ਝੱਜਰ , ਜਨ ਸਿਹਤ ਇੰਜਨੀਅਰਿੰਗ ਮੰਤਰੀ ਰਣਬੀਰ ਗੰਗਵਾ ਕਰਨਾਲ, ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਣ ਕੁਮਾਰ ਯਮੁਨਾਨਗਰ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਫਤਿਹਾਬਾਦ ਅਤੇ ਸਿਹਤ ਮੰਤਰੀ ਸੁਸ੍ਰੀ ਆਰਤੀ ਸਿੰਘ ਰਾਓ ਪਲਵਲ ਵਿਚ ਪ੍ਰਬੰਧਿਤ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਣਗੇ।ਹਰਿਆਣਾ ਵਿਧਾਨ ਸਭਾ ਡਿਪਟੀ ਸਪੀਕਰ ਡਾ. ਕ੍ਰਿਸ਼ਣ ਲਾਲ ਮਿੱਢਾ ਰੋਹਤਕ, ਖੁਰਾਕ ਅਤੇ ਸਪਲਾਈ ਰਾਜ ਮੰਤਰੀ ਕੁਰੂਕਸ਼ੇਤਰ ਅਤੇ ਯੁਵਾ, ਅਧਿਕਾਰਤਾ ਅਤੇ ਉੱਦਮਤਾ ਮੰਤਰੀ ਗੌਰਵ ਗੌਤਮ ਸੋਨੀਪਤ ਵਿਚ ਪ੍ਰਬੰਧਿਤ ਸਮਾਰੋਹ ਵਿਚ ਮੁੱਖ ਮਹਿਮਾਨ ਹੋਣਗੇ।ਰਾਜ ਸਭਾ ਸਾਂਸਦ ਰਮਚੰਦਰ ਜਾਂਗੜਾ ਪਾਣੀਪਤ, ਸੁਭਾਸ਼ ਬਰਾਲਾ ਜੀਂਦ ਅਤੇ ਕਾਰਤੀਕੇਯ ਸ਼ਰਮਾ ਅੰਬਾਲਾ ਵਿਚ ਜਦੋਂ ਕਿ ਕੁਰੂਕਸ਼ੇਤਰ ਤੋਂ ਸਾਂਸਦ ਨਵੀਨ ਜਿੰਦਲ ਪੰਚਕੂਲਾ ਅਤੇ ਭਿਵਾਨੀ-ਮਹੇਂਦਰਗੜ੍ਹ ਤੋਂ ਸਾਂਸਦ ਧਰਮਬੀਰ ਸਿੰਘ ਚਰਖੀ ਦਾਦਰੀ ਵਿਚ ਪ੍ਰਬੰਧਿਤ ਜ਼ਿਲ੍ਹਾ ਪੱਧਰੀ ਸੁਸ਼ਾਸ਼ਨ ਦਿਵਸ ਸਮਾਰੋਹ ਵਿਚ ਮੁੱਖ ਮਹਿਮਾਨ ਹੋਣਗੇ।

ਬਿਹਤਰੀਨ ਸਰਕਾਰੀ ਸਕੂਲਾਂ ਲਈ ਜਾਣਿਆ ਜਾਵੇਗਾ ਚੱਬੇਵਾਲ : ਡਾ. ਇਸ਼ਾਂਕ ਕੁਮਾਰ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)

ਚੱਬੇਵਾਲ ਵਿਧਾਨ ਸਭਾ ਹਲਕੇ ਲਈ ਸਿੱਖਿਆ ਖੇਤਰ 'ਚ ਹਲਕਾ ਵਿਧਾਇਕ ਡਾ. ਇਸ਼ਾਂਕ ਕੁਮਾਰ ਦੁਆਰਾ ਵੱਡੇ ਉਪਰਾਲਿਆਂ ਦੀ ਸ਼ੁਰੂਆਤ ਕੀਤੀ ਗਈ ਹੈ। ਪਹਿਲਾਂ ਚੱਬੇਵਾਲ ਹਲਕੇ ਦੇ ਸਰਕਾਰੀ ਸਕੂਲਾਂ ਲਈ 2ਕਰੋੜ 23

ਲੱਖ ਦੀ ਗ੍ਰਾਂਟ ਨਾਲ ਕੀ ਪ੍ਰੋਜੈਕਟ ਸ਼ੁਰੂ ਕਰਵਾਉਣ ਦੇ ਨੀਂਹ ਪੱਥਰ ਰੱਖਣ ਦੇ ਨਾਲ ਹੀ ਉਹਨਾਂ ਨੇ ਹੁਣ ਫਿਰ ਪੰਜਾਬ ਸਰਕਾਰ ਵੱਲੋਂ ਆਪਣੇ ਹਲਕੇ ਦੇ ਸਕੂਲਾਂ ਨੂੰ ਬਿਹਤਰ ਬਣਾਉਣ ਲਈ 43 ਲੱਖ 82 ਹਜ਼ਾਰ ਰੁਪਏ ਦੀ ਗ੍ਰਾਂਟ ਜਾਰੀ ਕਰਵਾਈ ਹੈ।ਇਸ ਗ੍ਰਾਂਟ ਦੀ ਪਹਿਲੀ ਕਿਸ਼ਤ ਸਕੂਲਾਂ ਵਿੱਚ ਕਲਾਸਰੂਮ ਤਿਆਰ ਕਰਨ, ਇੰਟਰੈਕਟਿਵ ਪੈਨਲਾਂ ਦੀ ਖਰੀਦ, ਫਰਨੀਚਰ ਅਤੇ ਹੋਰ ਸੁਧਾਰਾਂ ਲਈ ਵਰਤੀ ਜਾਵੇਗੀ। ਡਾ. ਇਸ਼ਾਂਕ ਨੇ ਕਿਹਾ ਕਿ ਇਹ ਗ੍ਰਾਂਟ ਪੰਜਾਬ ਸਰਕਾਰ ਦੀ ਸਿਖਿਅਕ ਪੱਧਰ ਨੂੰ ਉਚਾ ਚੁੱਕਣ ਪ੍ਰਤੀ ਸਕਾਰਾਤਮਕ ਸੋਚ ਅਤੇ ਰਵੱਈਏ ਦਾ ਸਾਫ਼ ਦਰਸਾਹ ਹੈ।ਵਿਧਾਇਕ ਨੇ ਕਿਹਾ, 'ਸਿੱਖਿਆ ਹਰੇਕ ਬੱਚੇ ਦਾ ਮੂਲ ਅਧਿਕਾਰ ਹੈ। ਹਲਕੇ ਦੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਗੁਣਵੱਤਾ ਪੂਰਨ ਸਿੱਖਿਆ ਮੁਹੱਈਆ ਕਰਵਾਉਣ ਲਈ ਇਹ ਪਹਿਲ ਕੀਤੀ ਗਈ ਹੈ। ਨਵੇਂ ਕਲਾਸਰੂਮਾਂ ਅਤੇ ਆਧੁਨਿਕ ਤਕਨਾਲੋਜੀ ਨਾਲ ਸਕੂਲਾਂ ਅਤੇ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।' ਇਸ ਗ੍ਰਾਂਟ ਨਾਲ ਚੱਬੇਵਾਲ ਹਲਕੇ ਦੇ ਸਿੱਖਿਆ ਪੱਧਰ ਨੂੰ ਨਵਾਂ ਰੁੱਖ ਮਿਲੇਗਾ। ਇੰਟਰੈਕਟਿਵ ਪੈਨਲਾਂ ਦੀ ਸਥਾਪਨਾ ਨਾਲ ਵਿਦਿਆਰਥੀਆਂ ਨੂੰ ਆਧੁਨਿਕ ਢੰਗ ਨਾਲ ਪੜ੍ਹਨ-ਲਿਖਣ ਦੀ ਸਹੂਲਤ ਮਿਲੇਗੀ, ਜਦਕਿ ਫਰਨੀਚਰ ਦੀ ਸੁਵਿਧਾ ਨਾਲ ਬੱਚਿਆਂ ਦਾ ਉਤਸ਼ਾਹ ਵਧੇਗਾ ਅਤੇ ਸਕੂਲ ਦਾ ਵਾਤਾਵਰਣ ਹੋਰ ਬਿਹਤਰ ਹੋਵੇਗਾ। ਚੱਬੇਵਾਲ ਨੂੰ ਆਪਣੇ ਸਕੂਲਾਂ ਅਤੇ ਸਿੱਖਿਆ ਲਈ ਜਾਣਿਆ ਜਾਵੇਗਾ, ਇਸ ਸਬੰਧੀ ਡਾ. ਇਸ਼ਾਂਕ ਨੇ ਭਵਿੱਖ ਵਿਚ ਵੀ ਸਿੱਖਿਆ ਦੇ ਖੇਤਰ ਵਿਚ ਹੋਰ ਵਧੇਰੇ ਉਪਰਾਲੇ ਕਰਨ ਦਾ ਵਾਅਦਾ ਆਪਣੇ ਹਲਕਾ ਵਾਸੀਆਂ ਨਾਲ ਕੀਤਾ।

ਰਾਹ 'ਚੋਂ ਖੰਭੇ ਹਟਾਏ ਜਾਣ ਨਾਲ ਲੋਕਾਂ ਨੂੰ ਮਿਲੀ ਰਾਹਤ

ਲੋਕਾਂ ਨੇ ਡਾ. ਰਵਜੋਤ ਸਿੰਘ ਅਤੇ ਹਰਿੰਦਰ ਸਿੰਘ ਦਾ ਕੀਤਾ ਧੰਨਵਾਦ

ਆਦਮਪੁਰ (ਪਰਮਜੀਤ ਸਿੰਘ)- ਆਦਮਪੁਰ ਬੱਸ ਅੱਡੇ ਤੋਂ ਖੇਡ ਮੈਦਾਨ (ਦੁਸਹਿਰਾ ਸਥਾਨ) ਵੱਲ ਜਾਂਦੀ ਸੜਕ 'ਤੇ ਸ਼ਮਸ਼ਾਨ ਘਾਟ (ਸ਼ਿਵਪੁਰੀ) ਦੇ ਨਜ਼ਦੀਕ ਨਾਲ ਨਾਲ ਹੀ ਦੋ ਖੰਬੇ ਕਈ ਵਰ੍ਹਿਆਂ ਤੋਂ ਲੱਗੇ ਹੋਏ ਸਨ । ਇਹ ਦੋਨੋਂ ਖੰਬੇ ਸੜਕ ਦੇ ਵਿਚਕਾਰ ਤਕਰੀਬਨ 5 ਫੁੱਟ ਸੜਕ ਦੇ ਕਿਨਾਰੇ ਦੇ ਅੰਦਰਲੇ ਪਾਸੇ ਲੱਗੇ ਹੋਏ ਸਨ । ਇਹ ਦੋਨੋਂ ਖੰਬੇ ਵੱਖ-ਵੱਖ ਮਹਿਕਮਿਆਂ ਵੱਲੋਂ ਲਗਾਏ ਗਏ ਸਨ । ਇਕ ਖੰਬਾ ਬੀਐੱਸਐਨਐਲ ਅਤੇ ਦੂਸਰਾ ਕਨੈਕਟ ਸੰਚਾਰ ਵਾਲੀ ਕੰਪਨੀ ਦਾ ਸੀ ਜੋ ਆਮ ਆਵਾਜਾਈ ਵਿੱਚ ਰੁਕਾਵਟ ਪੈਦਾ ਕਰਦੇ ਸਨ ਨਾਲ ਹੀ ਰਾਤ ਵੇਲੇ ਦੁਰਘਟਨਾ ਦਾ ਖਤਰਾ ਵੀ ਬਣਾਇਆ ਰਹਿੰਦਾ ਸੀ । ਖਾਸ ਕਰਕੇ ਜਦ ਵੀ ਸ਼ਹਿਰ ਵਿੱਚ ਕਿਸੇ ਦੀ ਫੋਤ ਤੋਂ ਬਾਅਦ ਦੇਹ ਸੰਸਕਾਰ ਵੇਲੇ ਵਾਹਨਾਂ ਦੀ ਗਿਣਤੀ ਵੱਧ ਜਾਂਦੀ ਹੈ । ਆਦਮਪੁਰ ਦੇ ਉਘੇ ਸਮਾਜ ਸੇਵੀ ਅਤੇ ਆਪ ਆਗੂ ਹਰਿਦਰ ਸਿੰਘ ਨੇ ਇਹ ਮਸਲਾ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਦੇ ਧਿਆਨ ਵਿੱਚ ਲਿਆਂਦਾ , ਪਰੰਤੂ ਕੋਈ ਖਾਸ ਕਾਰਵਾਈ ਨਹੀਂ ਹੋਈ । ਫਿਰ ਹਰਿੰਦਰ ਸਿੰਘ ਨੇ ਐਸਡੀਓ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਆਪਣੇ ਮਹਿਕਮੇ ਦੇ ਖੰਬੇ ਨੂੰ ਸੜਕ ਦੇ ਕਿਨਾਰੇ 'ਤੇ ਲਗਾਉ । ਇੰਝ ਹੀ ਕਨੈਕਟ ਕੰਪਨੀ ਦੇ ਅਧਿਕਾਰੀਆਂ ਨਾਲ ਸੰਪਰਕ ਸਾਧ ਕੇ ਖੰਬੇ ਨੂੰ ਸੜਕ ਕਿਨਾਰੇ ਲਗਾਉਣ ਲਈ ਕਿਹਾ ।ਇਕ ਦੁਵਿਧਾ ਇਹ ਵੀ ਸੀ ਕਿ ਇਨ੍ਹਾਂ ਖੰਬਿਆਂ ਉਪਰ ਨਗਰ ਕੌਂਸਲ ਵੱਲੋਂ ਅਤੇ ਬਿਜਲੀ ਮਹਿਕਮੇ ਵੱਲੋਂ ਬਿਜ

19-Dec-PAGE-9.qxd 12/18/2024 11:10 PM Page 1

ਮੋਦੀ ਸਰਕਾਰ ਡੱਲੇਵਾਲ ਦੀ ਜ਼ਿੰਦਗੀ ਤੇ ਕਿਸਾਨੀ ਮੰਗਾਂ ਹੱਲ ਕਰਨ ਲਈ ਗੰਭੀਰ ਨਹੀਂ : ਖੁਣ ਖੁਣ

ਹੁਸ਼ਿਆਰਪੁਰ,ਮੇਹਟੀਆਣਾ (ਬਲਵੀਰ ਸਿੰਘ ਸੈਣੀ, ਜਗਤਾਰ ਸਿੰਘ ਭੁੰਗਰਨੀ)

ਜਗਜੀਤ ਸਿੰਘ ਡੱਲੇਵਾਲ ਕਿਸਾਨ ਆਗੂ ਜੋ ਬੀਤੇ 21 ਦਿਨਾਂ ਤੋਂ ਖਨੌਰੀ ਵਿਖੇ ਕਿਸਾਨੀ ਮੰਗਾਂ ਦੀ ਪੂਰਤੀ ਕਰਵਾਉਣ ਦੇ ਸੰਬੰਧ ਵਿਚ ਸੰਘਰਸ਼ ਕਰਦੇ ਹੋਏ ਮਰਨ ਵਰਤ 'ਤੇ ਹਨ,

ਉਨ੍ਹਾਂ ਦੀ ਕੀਮਤੀ ਜਿੰਦਗੀ ਅਤੇ ਕਿਸਾਨ ਮੰਗਾਂ ਹੱਲ ਕਰਨ ਲਈ ਕੇਂਦਰ ਸਰਕਾਰ ਦੇ ਮੌਜੂਦਾ ਹੁਕਮਰਾਨ ਗੰਭੀਰ ਨਹੀਂ ਤੇ ਇਸ ਸੰਬੰਧੀ ਜਿਥੇ ਪੰਜਾਬੀਆਂ, ਕਿਸਾਨਾਂ, ਮਜਦੂਰਾਂ ਨੂੰ ਸਮੀਖਿਆ ਕਰਨੀ ਪਵੇਗੀ, ਉਥੇ ਕੇਂਦਰ ਦੇ ਹੁਕਮਰਾਨਾਂ ਨੂੰ ਆਪਣੇ ਹੀ ਲੋਕਾਂ ਪ੍ਰਤੀ ਵਿਸ਼ੇਸ਼ ਤੌਰ 'ਤੇ ਮੁਲਕ ਦਾ ਢਿੱਡ ਭਰਨ ਵਾਲੇ ਅੰਨ ਦਾਤੇ ਨਾਲ ਕੀਤਾ ਜਾ ਰਹੇ ਦੁਰਵਿਵਹਾਰ ਨੂੰ ਗੰਭੀਰਤਾ ਨਾਲ ਵਿਚਾਰ ਕੇ ਹੱਲ ਕਰਨਾ ਹੋਵੇਗਾ ਨਹੀਂ ਤਾਂ ਇਸ ਦੇ ਨਿਕਲਣਗੇ ਗੰਭੀਰ ਸਿੱਟੇ ਸਰਕਾਰ ਨੂੰ ਭੁਗਤਣੇ ਪੈਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੀਪ ਸਿੰਘ ਖੁਣ ਖੁਣ ਸਰਪ੍ਰਸਤ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਨੇ ਜਥੇਬੰਦੀ ਦੀ ਮਹੀਨਾ ਵਾਰ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਵਰਕਰਾਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ। ਖੁਣ ਖੁਣ ਨੇ ਕਿਹਾ ਕਿ ਸ਼ੰਭੂ ਅਤੇ ਖਨੌਰੀ ਬਾਰਡਰ ਵਿਖੇ ਚੱਲ ਰਹੇ ਕਿਸਾਨੀ ਸੰਘਰਸ਼ ਵਿੱਚ ਜਥੇਬੰਦੀ ਵੱਡੇ ਜਥੇ ਨਾਲ ਜਲਦ ਸ਼ਮੂਲੀਅਤ ਕਰੇਗੀ। ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੇ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਵਿਦੇਸ਼ ਹੋਣ ਕਰਕੇ ਹਰਪ੍ਰੀਤ ਸਿੰਘ ਲਾਲੀ ਪੰਡੋਰੀ ਖਜੂਰ ਨੂੰ ਜਥੇਬੰਦੀ ਦਾ ਕਾਰਜਕਾਰੀ ਪ੍ਰਧਾਨ ਤੇ ਜਸਪਾਲ ਸਿੰਘ ਰਾਜਾ ਨੂੰ ਸਰਬ ਸੰਮਤੀ ਨਾਲ ਸੀਨੀਅਰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਸਮੇਂ ਰਣਧੀਰ ਸਿੰਘ ਅਸਲਪੁਰ, ਗੁਰਨਾਮ ਸਿੰਘ ਸਿੰਗੜੀਵਾਲਾ, ਬਿਕਰ ਸਿੰਘ ਸ਼ੇਰਪੁਰ, ਸਤਵੰਤ ਸਿੰਘ ਮਰਾਦਪੁਰ, ਬਲਵੀਰ ਸਿੰਘ ਬੱਗੇਵਾਲ, ਮਲਕੀਤ ਸਿੰਘ ਆਲੋਵਾਲ, ਕੁਲਦੀਪ ਸਿੰਘ ਦੇਹਰੀਵਾਲ, ਮਨਜੀਤ ਸਿੰਘ ਲੰਬੜਦਾਰ, ਕਰਨੈਲ ਸਿੰਘ ਢੱਡੇ, ਕਿਰਪਾਲ ਸਿੰਘ ਪਡੋਰੀ ਖਜੂਰ ਤੇ ਚੰਨਣ ਸਿੰਘ ਸੇਖੂਪੁਰ ਆਦਿ ਹਾਜ਼ਰ ਸਨ।

ਪੈਨਸ਼ਨ ਮੁਲਾਜ਼ਮਾਂ ਦਾ ਬੁਨਿਆਦੀ ਹੱਕ ਹੈ ਖੈਰਾਤ ਨਹੀਂ : ਕੁਲਵਰਨ ਸਿੰਘ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਸਾਲਾਨਾ ਪੈਨਸ਼ਨਰ ਦਿਵਸ ਭਾਰਤ ਪੈਲਸ ਹੁਸ਼ਿਆਰਪੁਰ ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਜਿਸ ਦੀ ਪ੍ਰਧਾਨਗੀ ਕਨਫੇਡਰੇਸ਼ਨ ਦੇ ਜਨਰਲ ਸਕੱਤਰ ਅਤੇ ਜ਼ਿਲ੍ਹਾ ਪ੍ਰਧਾਨ ਕੁਲਵਰਨ ਸਿੰਘ ਨੇ ਕੀਤੀ। ਇਹ ਸਮਾਗਮ ਪੈਨਸ਼ਨਰ ਜੱਥੇਬੰਦੀ ਦੇ ਬਾਬਾ ਬੋਹੜ ਮਰਹੂਮ ਮਹਿੰਦਰ ਸਿੰਘ ਪਰਵਾਨਾ ਨੂੰ ਸਮਰਪਿਤ ਕੀਤਾ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਅਲੋਕ ਕੁਮਾਰ ਗੁਪਤਾ, ਡਿਪਟੀ ਸਰਕਲ ਹੈਡ, ਪੰਜਾਬ ਨੈਸ਼ਨਲ ਬੈਂਕ ਹੁਸ਼ਿਆਰਪੁਰ, ਮੁੱਖ ਮਹਿਮਾਨ ਵਜੋਂ ਅਤੇ ਮਹਾਨ ਟ੍ਰੇਡ ਯੂਨੀਅਨ ਆਗੂ ਮਾਸਟਰ ਹਰਕੰਵਲ ਸਿੰਘ,ਜਵੰਦ ਸਿੰਘ

ਜਿਲ੍ਹਾ ਪ੍ਰਧਾਨ ਗੁਰਦਾਸਪੁਰ, ਸਤੀਸ਼ ਰਾਣਾ ਕੋ-ਆਰਡੀਨੇਟਰ ਪੰਜਾਬ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਵਿਸ਼ੇਸ਼ ਮਹਿਮਾਨ ਵਜੋਂ ਸਮਾਗਮ ਦੌਰਾਨ ਸ਼ਾਮਿਲ ਹੋਏ। ਸਮਾਗਮ ਦੇ ਸ਼ੁਰੂ ਵਿੱਚ ਮੌਜੂਦਾ ਸਾਲ ਦੌਰਾਨ ਸਵਰਗ ਸੁਧਾਰ ਗਏ ਪੈਨਸ਼ਨਰ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਰੱਖ ਸ਼ਰਧਾਂਜਲੀ ਭੇਟ ਕੀਤੀ ਗਈ। ਸਮਾਗਮ ਦੀ ਕਾਰਵਾਈ ਪ੍ਰੈਸ ਨੂੰ ਰਲੀਜ ਕਰਦਿਆਂ ਸੂਬਾ ਪ੍ਰੈਸ ਸਕੱਤਰ ਬਲਵੀਰ ਸਿੰਘ ਸੈਣੀ ਨੇ ਦਸਿਆ ਕਿ ਸਮਾਗਮ ਸ਼ੁਰੂ ਕਰਦਿਆਂ ਸੀਨੀਅਰ ਮੀਤ ਪ੍ਰਧਾਨ ਸੂਰਜ ਪ੍ਰਕਾਸ਼ ਨੇ ਸਟੇਜ ਸਕੱਤਰ ਦੀ ਜਿੰਮੇਵਾਰੀ ਨਿਭਾਉਂਦਿਆਂ ਜਥੇਬੰਦੀ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਸੰਘਰਸ਼ਾਂ ਅਤੇ ਜੱਥੇਬੰਦਕ ਗਤੀਵਿਧੀਆਂ 'ਤੇ ਵਿਸਥਾਰ ਸਹਿਤ ਚਾਨਣਾ ਪਾਇਆ। ਵੱਖ ਵੱਖ ਬੁਲਾਰਿਆਂ ਨੇ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਦੀਆਂ ਮੁਲਾਜ਼ਮਾਂ/ਪੈਨਸ਼ਨਰਾਂ ਪ੍ਰਤੀ ਮਾਰੂ ਨੀਤੀਆਂ ਦੀ ਸਖਤ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸ ਸਮੇਂ ਜੀਵਨ ਦੀਆਂ 80 ਬਹਾਰਾਂ ਪਾਰ ਕਰ ਚੁੱਕੇ ਆਏ ਹੋਏ ਪੈਨਸ਼ਨਰ ਮਹਿਮਾਨਾਂ ਨੂੰ ਦੁਸ਼ਾਲੇ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੁਲਾਜ਼ਮਾਂ ਦੇ ਸਿਰਮੌਰ ਆਗੂ ਰਹੇ ਮਾਸਟਰ ਹਰਕਮਲ ਸਿੰਘ, ਜਵੰਦ ਸਿੰਘ ਪ੍ਰਧਾਨ ਗੁਰਦਾਸਪੁਰ, ਪ੍ਰਿੰਸੀਪਲ ਪਿਆਰਾ ਸਿੰਘ ਪ੍ਰਧਾਨ ਤਹਿਸੀਲ ਗੜ੍ਹਸ਼ੰਕਰ, ਸੁਰਿੰਦਰ ਕੁਮਾਰ ਪ੍ਰਧਾਨ ਮੁਕੇਰੀਆਂ, ਅਜੀਤ ਸਿੰਘ ਗੁਰਾਇਆ ਪ੍ਰਧਾਨ ਟਾਂਡਾ, ਸਵਰਨ ਸਿੰਘ ਸੈਣੀ ਪ੍ਰਧਾਨ ਪੰਜਾਬ ਪੁਲਿਸ ਐਸੋਸੀਏਸ਼ਨ ਹੁਸ਼ਿਆਰਪੁਰ, ਮਨਜੀਤ ਸਿੰਘ ਸੈਣੀ ਮੀਤ ਪ੍ਰਧਾਨ ਆਲ ਇੰਡੀਆ ਸਟੇਟ ਗੌਰਮੈਂਟ ਪੈਨਸ਼ਨਰਜ਼ ਫੈਡਰੇਸ਼ਨ, ਸ਼ਮਸ਼ੇਰ ਸਿੰਘ ਧਾਮੀ ਪ੍ਰਧਾਨ ਤਹਿਸੀਲ ਹੁਸ਼ਿਆਰਪੁਰ, ਸਤੀਸ਼ ਰਾਣਾ ਸੂਬਾ ਪ੍ਰਧਾਨ ਪ.ਸ.ਸ.ਫ. ਅਤੇ ਕਨਵੀਨਰ ਸਾਂਝਾ ਮੋਰਚਾ, ਡਾਕਟਰ ਸੁਖਦੇਵ ਸਿੰਘ ਢਿੱਲੋਂ, ਗਿਆਨ ਸਿੰਘ ਗੁਪਤਾ ਤਲਵਾੜਾ, ਦਲਵੀਰ ਸਿੰਘ ਭੁੱਲਰ ਦਸੂਹਾ, ਕੁਲਵੰਤ ਸਿੰਘ ਸੈਣੀ ਸੂਬਾ ਆਗੂ ਮਿਊਂਸਪਲ ਮੁਲਾਜ਼ਮ ਯੂਨੀਅਨ, ਓਂਕਾਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਜਾਬ ਪੈਨਸ਼ਨ ਯੂਨੀਅਨ, ਡੀ ਕੇ ਮਹਿਤਾ ਪੀ.ਐਸ.ਪੀ.ਸੀ.ਐਲ. ਗਿਆਨ ਸਿੰਘ ਭੁਲੇਠੂ ਪੰਜਾਬ ਰੋਡਵੇਜ਼, ਭੁਪਿੰਦਰ ਸਿੰਘ ਅਤੇ ਬਲਵੀਰ ਸਿੰਘ ਸੈਣੀ ਸੂਬਾ ਪ੍ਰੈਸ ਸਕੱਤਰ ਅਤੇ ਸੂਬਾ ਪ੍ਰਧਾਨ ਦੀ ਵਰਕਿੰਗ ਰਿਪੋਰਟਜ਼ ਐਸੋਸੀਏਸ਼ਨ ਪੰਜਾਬ, ਇੰਡੀਆ ਆਦਿ ਨੇ ਸੰਬੋਧਨ ਕੀਤਾ।

ਨਸ਼ੀਲੀਆ ਗੋਲੀਆਂ ਸਮੇਤ ਕਾਬੂ

ਫਿਲੌਰ, (ਨਿਰਮਲ)- ਸਰਵਣ ਸਿੰਘ ਬੱਲ, ਪੀਪੀਐਸ ਉਪ ਪੁਲਸ ਕਪਤਾਨ ਸਬ ਡਵੀਜ਼ਨ ਫਿਲੌਰ ਨੇ ਦੱਸਿਆ ਕਿ ਇੰਸਪੈਕਟਰ ਸੰਜੀਵ ਕਪੂਰ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਵੱਲੋਂ ਨਸ਼ਾ ਤਸਕਰਾਂ ਖਿਲਾਫ ਚਲਾਏ ਸਪੈਸ਼ਲ ਆਪ੍ਰੇਸ਼ਨ ਦੌਰਾਨ ਨਵਦੀਪ ਕੁਮਾਰ ਪੁੱਤਰ ਸੰਤੋਖ ਸਿੰਘ ਵਾਸੀ ਗੋਹਾਵਰ ਫਿਲੌਰ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਅਤੇ ਮਨਪ੍ਰੀਤ ਚੌਕੜੀਆ ਪੁੱਤਰ ਸੁਰਜੀਤ ਲਾਲ ਵਾਸੀ ਜੀ.ਟੀ ਰੋਡ ਗੰਹਾਵਰ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਗ੍ਰਿਫਤਾਰ ਕਰਕੇ ਇਹਨਾਂ ਦੇ ਕਬਜ਼ੇ ਵਿੱਚੋਂ 135 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਇਹ ਨਸ਼ਾ ਤਸਕਰਾ ਲੁਕ-ਛਿਪ ਕੇ ਕਾਫੀ ਲੰਬੇ ਸਮੇਂ ਤੋਂ ਨਸ਼ਾ ਲਿਆ ਕੇ ਆਸ ਪਾਸ ਦੇ ਪਿੰਡਾਂ ਵਿੱਚ ਸਪਲਾਈ ਕਰ ਰਹੇ ਸੀ। ਇਹਨਾਂ ਨਸ਼ਾ ਤਸਕਰਾਂ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

ਉਰਦੂ ਆਮੋਜ਼ ਦੀ ਸਿਖਲਾਈ ਪਹਿਲੀ ਤੋਂ

ਮੋਹਾਲੀ (ਗੁਰਜੀਤ ਬਿੱਲਾ)- ਭਾਸ਼ਾ ਵਿਭਾਗ, ਪੰਜਾਬ ਮਾਂ-ਬੋਲੀ ਪੰਜਾਬੀ ਦੇ ਨਾਲ਼-ਨਾਲ਼ ਹੋਰਨਾਂ ਜ਼ੁਬਾਨਾਂ ਦੇ ਵਿਕਾਸ ਲਈ ਵੀ ਸਰਗਰਮ ਰਹਿੰਦਾ ਹੈ। ਇਸੇ ਕੜੀ ਵਿੱਚ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਵਿਖੇ ਉਰਦੂ ਆਮੋਜ਼ ਸਿਖਲਾਈ 01 ਜਨਵਰੀ 2025 ਤੋਂ ਸ਼ੁਰੂ ਕੀਤੀ ਜਾ ਰਹੀ ਹੈ। ਇਸ ਸਬੰਧੀ ਡਾ. ਦਰਸ਼ਨ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ, ਮੋਹਾਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 01 ਜਨਵਰੀ 2025 ਤੋਂ ਸ਼ੁਰੂ ਹੋਣ ਵਾਲ਼ੇ ਉਰਦੂ ਆਮੋਜ਼ ਦੇ ਕੋਰਸ ਦੀ ਦਾਖਲਾ ਅਤੇ ਪ੍ਰੀਖਿਆ ਫੀਸ, ਯਕਮੁਸ਼ਤ 500 ਰੁਪਏ ਨਿਸ਼ਚਿਤ ਕੀਤੀ ਗਈ ਹੈ। ਇਸ ਕੋਰਸ ਦੀ ਮਿਆਦ 6 ਮਹੀਨੇ ਅਤੇ ਜਮਾਤ ਦਾ ਸਮਾਂ ਰੋਜ਼ਾਨਾ ਇੰਕ ਘੰਟਾ ਹੋਵੇਗਾ। ਕਿਸੇ ਵੀ ਉਮਰ ਦਾ ਵਿਅਕਤੀ ਇਸ ਕੋਰਸ ਵਿੱਚ ਦਾਖਲਾ ਲੈ ਸਕਦਾ ਹੈ। ਸਰਕਾਰੀ ਅਧਿਕਾਰੀ ਅਤੇ ਕਰਮਚਾਰੀ ਵੀ ਉਰਦੂ ਆਮੋਜ਼ ਦੀ ਸਿਖਲਾਈ ਲੈ ਸਕਦੇ ਹਨ। ਉਰਦੂ ਆਮੋਜ਼ ਦੀ ਸਿਖਲਾਈ ਲਈ ਫਾਰਮ ਭਰਨ ਲਈ ਆਖਰੀ ਮਿਤੀ 31 ਦਸੰਬਰ 2024 ਰੱਖੀ ਗਈ ਹੈ। ਦਾਖਲਾ ਲੈਣ ਦੇ ਚਾਹਵਾਨ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ. 518 (ਏ), ਚੌਥੀ ਮੰਜ਼ਿਲ, ਮੋਹਾਲੀ ਤੋਂ ਦਾਖਲਾ ਫਾਰਮ ਕਿਸੇ ਵੀ ਕੰਮਕਾਜ ਵਾਲ਼ੇ ਦਿਨ (ਦਫ਼ਤਰੀ ਸਮੇਂ ਦੌਰਾਨ) ਮੁਫ਼ਤ ਪ੍ਰਾਪਤ ਕਰ ਸਕਦੇ ਹਨ। ਦਾਖ਼ਲਾ ਫਾਰਮ ਭਰਨ ਉਪਰੰਤ ਦਫ਼ਤਰ ਵਿਖੇ 31 ਦਸੰਬਰ 2024 ਤੱਕ ਦਸਤੀ ਜਮ੍ਹਾਂ ਕਰਵਾਏ ਜਾ ਸਕਦੇ ਹਨ।

ਸਫਾਈ ਕਰਮਚਾਰੀ ਯੂਨੀਅਨ ਨੇ ਜੁਆਇੰਟ ਕਮਿਸ਼ਨਰ ਨਾਲ ਕੀਤੀ ਮੀਟਿੰਗ

ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)—ਸਫਾਈ ਕਰਮਚਾਰੀ ਯੂਨੀਅਨ ਦੀ ਇੱਕ ਵਿਸ਼ੇਸ਼ ਮੀਟਿੰਗ ਜੁਆਇੰਟ ਕਮਿਸ਼ਨਰ ਸੰਦੀਪ ਤਿਵਾੜੀ ਨਾਲ ਨਗਰ ਨਿਗਮ ਦਫਤਰ ਵਿਖੇ ਹੋਈ,

ਜਿਸ ਦੀ ਪ੍ਰਧਾਨਗੀ ਉਪ ਪ੍ਰਧਾਨ ਸੋਮਨਾਥ ਆਦੀਆ ਵੱਲੋਂ ਕੀਤੀ ਗਈ। ਮੀਟਿੰਗ ਵਿੱਚ ਸਫਾਈ ਕਰਮਚਾਰੀ ਦੀਆਂ ਲੋਕਲ ਮੰਗਾਂ ਨੂੰ ਲੈ ਕੇ ਚਰਚਾ ਕੀਤੀ ਗਈ ਅਤੇ ਯੂਨੀਅਨ ਦੇ ਉਪ ਪ੍ਰਧਾਨ ਵੱਲੋਂ ਕਿਹਾ ਗਿਆ ਕਿ ਜੋ ਆਰਜੀਮੇਟ ਪਿਛਲੇ ਲੰਬੇ ਸਮੇਂ ਤੋਂ ਆਪਣੀ ਸੇਵਾ ਨਿਭਾ ਰਹੇ ਹਨ ਉਨ੍ਹਾਂ ਆਰਜੀਮੇਟਾਂ ਨੂੰ ਜਲਦ ਤੋਂ ਜਲਦ ਰੈਗੂਲਰ ਮੋਟ ਕਰਕੇ ਉਨ੍ਹਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦਿੱਤਾ ਜਾਵੇ ਅਤੇ ਜੋ ਖਾਲੀ ਪਈਆਂ ਅਸਾਮੀਆਂ ਸਫਾਈ ਸੇਵਕ ਅਤੇ ਸੀਵਰਮੈਨਾਂ ਦੀਆਂ ਹਨ ਉਨਾਂ ਨੂੰ ਜਲਦ ਯੋਗ ਉਮੀਦਵਾਰਾਂ ਨਾਲ ਭਰਿਆ ਜਾਵੇ ਅਤੇ ਆਊਟਸੋਰਸ ਤੇ ਸੀਵਰਮੈਨਾਂ ਦੀ ਗੁੜ-ਤੋਲ, ਸਾਬਣ ਦਾ ਭੁਗਤਾਨ ਜਲਦ ਤੋਂ ਜਲਦ ਕੀਤਾ ਜਾਵੇ। ਤਿਵਾੜੀ ਵੱਲੋਂ ਯੂਨੀਅਨ ਨੂੰ ਭਰੋਸਾ ਦਿੱਤਾ ਗਿਆ ਕਿ ਇਨ੍ਹਾਂ ਮੰਗਾਂ ਨੂੰ ਜਲਦ ਤੋਂ ਜਲਦ ਅਮਲੀ ਜਾਮਾ ਪਹਿਨਾਇਆ ਜਾਵੇਗਾ।ਇਸ ਮੌਕੇ 'ਤੇ ਚੇਅਰਮੈਨ ਬਲਰਾਮ ਭੱਟੀ, ਉਪ ਚੇਅਰਮੈਨ ਜੈ ਗੋਪਾਲ ਬਾਬਾ, ਸੀਨੀਅਰ ਉਪ ਪ੍ਰਧਾਨ ਵਿਕਰਮਜੀਤ ਬੰਟੀ, ਜਨਰਲ ਸਕੱਤਰ ਹੀਰਾ ਲਾਲ ਹੰਸ, ਹਰਬਿਲਾਸ, ਦੇਵ ਕੁਮਾਰ, ਆਸ਼ੂ ਬੜੈਚ, ਪਰਦੀਪ ਕੁਮਾਰ ਆਦਿ ਹਾਜਰ ਸਨ।

ਸ਼ਿਵ ਮੰਦਰ ਕਮੇਟੀ ਮਹਿੰਦੀਪੁਰ ਦੀ ਹੋਈ ਸਰਬਸੰਮਤੀ ਨਾਲ ਚੋਣ

ਬਲਾਚੌਰ (ਜਸਵਿੰਦਰ ਬੈਂਸ)-ਸ਼ਿਵ ਮੰਦਿਰ ਕਮੇਟੀ ਮਹਿੰਦੀਪੁਰ ਦੀ ਇਕ ਵਿਸ਼ੇਸ਼ ਮੀਟਿੰਗ ਸ਼ਿਵ ਮੰਡਿਤ ਮਹਿੰਦੀਪੁਰ ਵਿਖੇ ਹੋਈ, ਜਿਸ ਵਿਚ ਸਰਬਸੰਮਤੀ ਨਾਲ ਮੰਦਿਰ ਕਮੇਟੀ ਦੀ ਚੋਣ ਕੀਤੀ ਗਈ।ਲੇਖ ਰਾਜ ਭਾਰਦਵਾਜ ਨੂੰ ਪ੍ਰਧਾਨ ਚੁਣਿਆ ਗਿਆ, ਅਸ਼ੋਕ ਕੁਮਾਰ ਨੂੰ ਸੀਨੀਅਰ ਵਾਈਸ ਪ੍ਰਧਾਨ, ਪ੍ਰਵੀਨ ਕੁਮਾਰ ਨੂੰ ਖਜਾਨਚੀ, ਵਰਿੰਦਰ ਕੁਮਾਰ ਸ਼ਰਮਾ ਨੂੰ ਉਪ ਖਜਾਨਚੀ, ਪਵਨ ਕੁਮਾਰ ਅਤੇ ਸੁਰਿੰਦਰ ਕੁਮਾਰ ਨੂੰ ਪ੍ਰੈਸ ਸਕੱਤਰ, ਰਾਣਾ ਅਸ਼ੋਕ ਕੁਮਾਰ ਨੂੰ ਜਨਰਲ ਸਕੱਤਰ ਅਤੇ ਪਵਨ ਸ਼ਰਮਾ ਨੂੰ ਉਪ ਸਕੱਤਰ ਚੁਣਿਆ ਗਿਆ। ਸਾਰੇ ਚੁਣੇ ਹੋਏ ਮੈਂਬਰਾਂ ਦੀ ਸਹਿਮਤੀ ਨਾਲ ਇਹ ਕਮੇਟੀ 2026 ਦੀ ਸ਼ਿਵਰਾਤਰੀ ਤਕ ਸੇਵਾ ਕਰੇਗੀ ਅਤੇ ਉਸ ਤੋਂ ਬਾਅਦ ਫਿਰ ਤੋਂ ਦੁਬਾਰਾ ਨਵੀਂ ਕਮੇਟੀ ਦੀ ਚੋਣ ਕੀਤੀ ਜਾਵੇਗੀ।

ਕੇਂਦਰ ਸਰਕਾਰ ਕਿਸਾਨੀ ਮੰਗਾਂ ਬਾਰੇ ਡੱਲੇਵਾਲ ਨਾਲ਼ ਕਰੇ ਗੱਲਬਾਤ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਲਾਹੀ, ਜਨਰਲ ਸਕੱਤਰ ਗੁਰਚਰਨ ਸਿੰਘ ਨੂਰਪੁਰ, ਮੀਤ ਪ੍ਰਧਾਨ ਗਿਆਨ ਸਿੰਘ,ਸਾਬਕਾ ਡੀਪੀਆਰਓ ਸਲਾਹਕਾਰ ਡਾਕਟਰ ਚਰਨਜੀਤ ਸਿੰਘ ਗੁੰਮਟਾਲਾ ਨੇ ਇੱਕ ਸਾਂਝੇ ਬਿਆਨ ਵਿੱਚ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਲੰਮੇ ਸਮੇਂ ਤੋਂ ਲਟਕਦੀਆਂ ਕਿਸਾਨਾਂ ਦੀਆਂ ਮੰਗਾਂ ਬਾਰੇ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਨਾਲ਼ ਗੱਲਬਾਤ ਕਰੇ ਅਤੇ ਉਹਨਾਂ ਦਾ ਮਰਨ ਵਰਤ ਖੁੱਲ੍ਹਵਾਏ।ਪੰਜਾਬੀ ਕਾਲਮਨਵੀਸ ਮੰਚ ਨੇ ਕਿਸਾਨਾਂ ਨੂੰ ਫਸਲਾਂ ਦੀ ਐਮਐਸਪੀ ਦੀ ਕਾਨੂੰਨੀ ਗਰੰਟੀ ਦੇਣ ਦੀ ਵਕਾਲਤ ਕੀਤੀ ਹੈ।ਮੰਚ ਦੇ ਕਾਰਕੁੰਨਾਂ ਨੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਖ਼ੁਦਕੁਸ਼ੀਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਇਹ ਵੀ ਸਲਾਹ ਦਿੱਤੀ ਕਿ ਕਿਸਾਨਾਂ, ਮਜ਼ਦੂਰਾਂ ਦੇ ਕਰਜ਼ੇ ਸਰਕਾਰ ਮੁਆਫ਼ ਕਰੇ ਤਾਂ ਕਿ ਕਿਸਾਨ ਅਤੇ ਮਜ਼ਦੂਰ ਤੰਗੀ ਤੁਰਸ਼ੀ ਅਤੇ ਮਾਨਸਿਕ ਤਣਾਅ ਦੇ ਜੀਵਨ ਵਿੱਚੋਂ ਬਾਹਰ ਨਿਕਲ਼ ਸਕਣ।

ਪੱਤਰਕਾਰ ਮਨਦੀਪ ਸਿੰਘ ਸੰਧੂ ਨੂੰ ਸਦਮਾ, ਸਹੁਰਾ ਸਾਹਿਬ ਦਾ ਦੇਹਾਂਤ

ਫਗਵਾੜਾ, (ਜਸਵਿੰਦਰ ਢੱਡਾ)- ਫਗਵਾੜਾ ਵਿਧਾਨ ਸਭਾ ਹਲਕੇ ਤੋਂ ਸੀਨੀਅਰ ਪੱਤਰਕਾਰ ਮਨਦੀਪ ਸਿੰਘ ਸੰਧੂ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ

ਉਨ੍ਹਾਂ ਦੇ ਸਹੁਰਾ ਸਾਹਿਬ ਅਜੀਤ ਸਿੰਘ ਵਾਸੀ ਪਿੰਡ ਬਘਾਣਾ ਅਚਾਨਕ ਬੇਵਕਤੀ ਮੌਤ ਹੋ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਹਲਕਾ

19-Dec-PAG-10.qxd 12/18/2024 10:43 PM Page 1

ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਪੁਲਸ ਐਲਡਰਜ਼ ਡੇ ਮਨਾਇਆ

ਸ੍ਰੀ ਮੁਕਤਸਰ ਸਾਹਿਬ-(ਸ਼ਮਿੰਦਰਪਾਲ/ਪੂਜਾ, ਕੁਲਭੂਸ਼ਨ ਚਾਵਲਾ)-ਜ਼ਿਲ੍ਹਾ ਪੁਲਸ ਮੁਖੀ ਤੁਸ਼ਾਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਸ ਦਫਤਰ ਸ੍ਰੀ ਮੁਕਤਸਰ ਸਾਹਿਬ ਵਿਖੇ ਪੁਲਸ ਐਲਡਰਜ਼ ਡੇ (ਬਜ਼ੁਰਗ ਦਿਵਸ) ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਵਿੱਚ ਮਨਵਿੰਦਰ ਬੀਰ ਸਿੰਘ ਐਸ.ਪੀ (ਪੀ.ਬੀ.ਆਈ), ਅਮਨਦੀਪ ਸਿੰਘ ਡੀ.ਐਸ.ਪੀ (ਐਚ) ਅਤੇ ਸ੍ਰੀ ਮੁਕਤਸਰ ਸਾਹਿਬ, ਸਮੂਹ ਦਫਤਰ ਸਟਾਫ ਅਤੇ ਰਿਟਾਇਰਡ ਪੁਲਸ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਸ ਵੱਲੋਂ ਸਮਾਗਮ ਵਿੱਚ ਆਏ ਰਿਟਾਇਰਡ ਪੁਲਸ ਅਧਿਕਾਰੀਆਂ/ਕਰਮਚਾਰੀਆਂ ਨੂੰ ਜੀ ਆਇਆਂ ਆਖਿਆ ਗਿਆ।ਉਹਨਾਂ ਰਿਟਾਰਿਡ ਪੁਲਸ ਅਧਿਕਾਰੀਆਂ/ਕਰਮਚਾਰੀਆਂ ਅਤੇ ਸਰਵਿਸ ਕਰ ਰਹੇ ਪੁਲਸ ਅਧਿਕਾਰੀਆਂ/ਕਰਮਚਾਰੀਆਂ ਵਿੱਚ ਸਦਭਾਵਨਾ ਭਰਿਆ ਮਾਹੌਲ ਬਣਾਈ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਪੁਲਸ ਵਿਭਾਗ ਹਰ ਸਮੇਂ ਉਨ੍ਹਾਂ ਦੀ ਕਿਸੇ ਵੀ ਤਰ੍ਹਾਂ ਦੀ ਦੁੱਖ ਤਕਲੀਫ਼/ਸਮੱਸਿਆ ਦੇ ਹੱਲ ਲਈ ਯਤਨਸ਼ੀਲ ਰਹੇਗਾ। ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਵੱਲੋਂ ਪੰਜ ਸਭ ਤੋਂ ਵੱਡੀ ਉਮਰ ਦੇ ਰਿਟਾਇਰਡ ਪੁਲਿਸ ਕਰਮਚਾਰੀਆਂ, ਰਿਟਾ: ਹੌਲਦਾਰ ਪ੍ਰਗਟ ਸਿੰਘ ਵਾਸੀ ਪਿੰਡ ਸਰਾਵਾਂ ਬੋਦਲਾ, ਰਿਟਾ: ਹੌਲਦਾਰ ਹੰਸਰਾਜ ਪਿੰਡ ਥਾਂਦੇਵਾਲਾ, ਰਿਟਾ: ਰਿਟਾਇਰ ਹੌਲਦਾਰ ਬਲਤੇਜ ਸਿੰਘ ਪਿੰਡ ਥਾਂਦੇਵਾਲਾ ਰਿਟਾ: ਇੰਸਪੈਕਟਰ ਗੁਰਮੇਲ ਸਿੰਘ ਸ੍ਰੀ ਮੁਕਤਸਰ ਸਾਹਿਬ ਰਿਟਾ: ਏ.ਐਸ.ਆਈ ਗੁਰਰਾਜ ਸਿੰਘ ਵਾਸੀ ਸ੍ਰੀ ਮੁਕਤਸਰ ਸਾਹਿਬ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸਮੂਹ ਰਿਟਾਇਰਡ ਪੁਲਸ ਅਧਿਕਾਰੀਆਂ/ਕਰਮਚਾਰੀਆਂ ਅਤੇ ਸਰਵਿਸ ਕਰ ਰਹੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਪਿਛਲੇ ਇੱਕ ਸਾਲ ਦੌਰਾਨ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖਿਆ ਗਿਆ। ਇਸ ਮੌਕੇ ਸ੍ਰੀ ਮਨਵਿੰਦਰ ਬੀਰ ਸਿੰਘ ਐਸ.ਪੀ (ਪੀ.ਬੀ.ਆਈ) ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਰਿਟਾਇਰਡ ਹੋਏ ਪੁਲਸ ਅਧਿਕਾਰੀਆਂ/ਕਰਮਚਾਰੀਆਂ ਦੇ ਤਸਰਬੇ ਦੀ ਥਾਣਿਆਂ ਅੰਦਰ ਮੁਕੱਦਿਆਂ ਦੀ ਤਫਤੀਸ਼ ਲਈ ਜ਼ਰੂਰਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮੈਂ ਆਸ ਕਰਦਾ ਹਾਂ ਕਿ ਰਿਟਾਇਰਡ ਪੁਲਸ ਅਫਸਰ ਹਮੇਸ਼ਾ ਦੀ ਤਰ੍ਹਾਂ ਪੁਲਸ ਨੂੰ ਜ਼ਰੂਰਤ ਸਮੇਂ ਸਹਿਯੋਗ ਦਿੰਦੇ ਰਹਿਣਗੇ। ਇਸ ਸਮਾਗਮ ਵਿੱਚ ਏ.ਐਸ.ਆਈ ਗੁਰਦੇਵ ਸਿੰਘ ਨੇ ਸਟੇਜ ਸੈਕਟਰੀ ਦੀ ਡਿਊਟੀ ਨਿਭਾਈ। ਈ.ਐਸ.ਆਈ ਨਾਇਬ ਸਿੰਘ ਅਤੇ ਰਿਟਾਇਰਡ ਏ.ਐਸ.ਆਈ ਗੁਰਦੇਵ ਸਿੰਘ ਰੁਮਾਣਾ ਨੇ ਤੂੰਬੀ 'ਤੇ ਧਾਰਮਿਕ ਅਤੇ ਨਸ਼ਿਆਂ ਦੇ ਖਿਲਾਫ ਗੀਤ ਗਾਏ। ਰਿਟਾਇਰਡ ਪੁਲਸ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਰਿਟਾ: ਡੀ.ਐਸ.ਪੀ ਦਰਸ਼ਨ ਸਿੰਘ ਧਾਰਮਿਕ ਕਵਿਤਾ ਗਾ ਕੇ ਇਸ ਸਮਾਗਮ ਦੀ ਸ਼ੁਰੂਆਤ ਕੀਤੀ ਗਈ। ਇਸ ਸਮਾਗਮ ਵਿੱਚ ਰਿਟਾਇਡ ਡੀ.ਐਸ.ਪੀ ਦਰਸ਼ਨ ਸਿੰਘ ਸ਼ਾਮਖੇੜਾ, ਇੰਸਪੈਕਟਰ ਗੁਰਮੀਤ ਸਿੰਘ ਇੰਸਪੈਕਟਰ ਧਰਮਪਾਲ ਸ਼ਰਮਾ ਇੰਸਪੈਕਟਰ ਨਿਰਮਲ ਸਿੰਘ, ਏ.ਐਸ.ਆਈ ਗੁਰਨਾਮ ਸਿੰਘ, ਏ.ਐਸ.ਆਈ ਗੁਰਮੀਤ ਸਿੰਘ, ਏ.ਐਸ.ਆਈ ਗੁਰਦੇਵ ਸਿੰਘ, ਏ.ਐਸ.ਆਈ ਬਲਵਿੰਦਰ ਸਿੰਘ, ਏ.ਐਸ.ਆਈ ਬਲਜਿੰਦਰਪਾਲ ਸਿੰਘ, ਏ.ਐਸ.ਆਈ ਰੋਸ਼ਨ ਲਾਲ ਤੋਂ ਇਲਾਵਾ 75ਦੇ ਕਰੀਬ ਰਿਟਾਇਰਡ ਪੁਲਸ ਅਧਿਕਾਰੀਆਂ/ਕਰਮਚਾਰੀਆਂ ਨੇ ਹਿੱਸਾ ਲਿਆ ।

ਪਿੰਡ ਪੇਧਨੀ 'ਚ ਸੀਵਰੇਜ ਪਾਉਣ ਦਾ ਕੰਮ ਸ਼ੁਰ

ਸੀਵਰੇਜ ਪਾਉਣ ਦੀ ਸ਼ੁਰੂਆਤ ਕਰਦੇ ਹੋਏ ਇੰਚਾਰਜ ਰਾਜਵੰਤ ਸਿੰਘ ਘੁੱਲੀ।

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਪਿੰਡਾਂ 'ਚ ਨਵੇਂ ਪ੍ਰਾਜੈਕਟਾਂ ਦਾ ਰਸਮੀ ਆਗਾਜ਼ ਕਰਨ ਦੀ ਲੜੀ ਵਜੋਂ ਦੂਜੇ ਦਿਨ ਪਿੰਡ ਪੇਧਨੀ 'ਚ 10 ਲੱਖ ਦੀ ਲਾਗਤ ਨਾਲ 300 ਮੀਟਰ ਸੀਵਰੇਜ ਪਾਈਪਲਾਈਨ ਪਾਉਣ ਦਾ ਆਗਾਜ਼ ਕੀਤਾ, ਜਦੋਂਕਿ ਟੀਮ ਸਮੇਤ 40 ਲੱਖ ਦੀ ਲਾਗਤ ਨਾਲ ਇਸੇ ਪਿੰਡ 'ਚ ਬਣਨ ਜਾ ਰਹੇ ਕਮਿਊਨਿਟੀ ਹਾਲ ਲਈ ਜਰ੍ਹਾ ਦਾ ਸਰਵੇ ਕੀਤਾ।ਇਸ ਮੌਕੇ ਬੀਡੀਪੀਓ ਧੂਰੀ ਪ੍ਰਦੀਪ ਸ਼ਾਰਦਾ, ਜੇਈ ਦੀਪਕ ਸੇਠੀ, 'ਆਪ' ਦੇ ਬਲਾਕ ਪ੍ਰਧਾਨ ਗੁਰਜੀਤ ਸਿੰਘ ਕਾਂਝਲਾ, 'ਆਪ' ਆਗੂ ਹਰਪ੍ਰੀਤ ਸਿੰਘ ਗਿੱਲ, ਸਰਪੰਚ ਮੱਖਣ ਸਿੰਘ, ਮੋਹਤਵਰ ਕੁਲਵਿੰਦਰ ਸਿੰਘ, ਜਸਵਿੰਦਰ ਖੁਰਮੀ ਅਤੇ ਗਗਨ ਖੰਨਾ ਆਦਿ ਹਾਜ਼ਰ ਸਨ।ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕਾ ਧੂਰੀ ਅੰਦਰ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸੇ ਦੌਰਾਨ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੇ ਪਿੰਡ ਰਾਜੋਮਾਜਰਾ ਵਿਖੇ 1 ਕਰੋੜ ਦੀ ਲਾਗਤ ਨਾਲ ਬਣ ਰਹੇ ਸਟੇਡੀਅਮ ਦਾ ਜਾਇਜ਼ਾ ਲਿਆ।

ਭਾਕਿਯੂ ਰਾਜੇਵਾਲ ਬਲਾਕ ਧੂਰੀ ਤੇ ਸ਼ੇਰਪੁਰ ਦੀਆਂ ਨਵੀਆਂ ਕਮੇਟੀਆਂ ਦਾ ਐਲਾਨ

ਧੂਰੀ (ਸੁਖਦੇਵ ਧੂਰੀ)- ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਤੇ ਸ਼ੇਰਪੁਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਤੇ ਰਛਪਾਲ ਸਿੰਘ ਦੋਹਲਾ ਸੂਬਾ ਸਕੱਤਰ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ।ਪਿਛਲੀ ਬਲਾਕ ਕਮੇਟੀ ਭੰਗ ਕੀਤੀ ਤੇ ਨਵੀਂ ਬਲਾਕ ਕਮੇਟੀ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ। ਜ਼ਿਲ੍ਹਾ ਜਨਰਲ ਸਕੱਤਰ ਕਸ਼ਮੀਰ ਸਿੰਘ ਘਰਾਚੋਂ, ਜ਼ਿਲ੍ਹਾ ਪ੍ਰੈਸ ਸਕੱਤਰ ਜਸਪਾਲ ਸਿੰਘ ਘਰਾਚੋਂ, ਜ਼ਿਲ੍ਹਾ ਸੀ. ਮੀਤ ਪ੍ਰਧਾਨ ਗੁਰਜੀਤ ਸਿੰਘ ਭੜੀ ਮਾਨਸਾ, ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਕਾਂਝਲਾ, ਕੁਲਤਾਰ ਸਿੰਘ ਘਰਾਚੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸਾਬਕਾ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਜੱਖਲਾਂ ਨੇ ਦੱਸਿਆ ਕਿ ਬਲਾਕ ਧੂਰੀ ਦੀ ਕੀਤੀ ਗਈ ਚੋਣ ਵਿੱਚ ਸਰਪ੍ਰਸਤ ਜਗਰੂਪ ਸਿੰਘ ਦੋਹਲਾ, ਪ੍ਰਧਾਨ ਭੁਪਿੰਦਰ ਸਿੰਘ ਭੁਲਰਹੇੜੀ, ਸੀ. ਪ੍ਰਧਾਨ ਜੀਤ ਸਿੰਘ ਜਹਾਂਗੀਰ ਤੇ ਸੁਖਪਾਲ ਸਿੰਘ ਕਾਂਝਲਾ, ਖਜ਼ਾਨਚੀ ਕਿਰਪਾਲ ਸਿੰਘ ਬਟੂਹਾ, ਜਰਨਲ ਸਕੱਤਰ ਗੁਰਜੀਤ ਸਿੰਘ ਭੜੀ ਮਾਨਸਾ, ਪ੍ਰੈਸ ਸਕੱਤਰ ਮਲਕੀਤ ਸਿੰਘ ਜੱਖਲਾਂ ਤੇ ਜਸਵੀਰ ਸਿੰਘ ਕਾਂਝਲਾ, ਪ੍ਰਚਾਰ ਸਕੱਤਰ ਸੇਰ ਸਿੰਘ ਦੋਹਲਾ ਤੇ ਨਿਰਭੈ ਸਿੰਘ ਦੋਹਲਾ, ਸਕੱਤਰ ਦਿਦਾਰ ਸਿੰਘ ਬਰੜਵਾਲ, ਮਲਕੀਤ ਸਿੰਘ ਕੰਧਾਰਗੜ ਛੰਨਾਂ, ਮਾ: ਨਿਰਭੈ ਸਿੰਘ ਭੱਟੀਆਂ, ਅਵਤਾਰ ਸਿੰਘ ਭੱਟੀਆਂ, ਅਵਤਾਰ ਸਿੰਘ ਛੋਟਾ ਕਾਂਝਲਾ, ਕੋਰ ਸਿੰਘ ਕੱਕੜਵਾਲ, ਹਰਜਿੰਦਰ ਸਿੰਘ ਬਟੂਹਾ, ਲਖਵੀਰ ਸਿੰਘ ਭੁਲਰਹੇੜੀ, ਗੁਰਨਾਮ ਸਿੰਘ ਕੋਲਸੇੜੀ, ਗੁਰਮੁਖ ਸਿੰਘ ਜੱਖਲਾ, ਗੁਰਨਾਮ ਸਿੰਘ ਕਾਂਝਲਾ ਸ਼ੁਮਾਰ ਕੀਤੇ ਗਏ।ਜਦਕਿ ਬਲਾਕ ਸ਼ੇਰਪੁਰ ਦੇ ਅਹੁਦੇਦਾਰਾਂ ਵਿੱਚ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ, ਸੀ. ਮੀਤ ਪ੍ਰਧਾਨ ਸੁਰਜੀਤ ਸਿੰਘ ਘਨੌਰੀ, ਮੀਤ ਪ੍ਰਧਨ ਮਹਿੰਦਰ ਸਿੰਘ ਘਨੌਰੀ, ਜਨਰਲ ਸਕੰਤਰ ਰਾਜ ਸਿੰਘ ਮੂਲੋਵਾਲ, ਪ੍ਰੈਸ ਸਕੱਤਰ ਸੁਖਦੇਵ ਸਿੰਘ ਰਣੀਕੇ, ਖਜ਼ਾਨਚੀ ਜਗਤੇਜ ਸਿੰਘ ਬਮਾਲ, ਪ੍ਰਚਾਰ ਸਕੱਤਰ ਪਵਿੱਤਰ ਸਿੰਘ ਬਾਦਸ਼ਾਹਪੁਰ, ਸਕੱਤਰ ਕਰਮਜੀਤ ਸਿੰਘ ਅਲਾਲ, ਪਰਗਟ ਸਿੰਘ ਘਨੌਰੀ, ਭੀਮ ਸਿੰਘ ਅਤੇ ਜਗਤਾਰ ਸਿੰਘ ਬਾਦਸ਼ਾਹਪੁਰ ਨੂੰ ਨਾਮਜ਼ਦ ਕੀਤਾ ਗਿਆ।

ਕਿਰਤੀ ਕਿਸਾਨ ਯੂਨੀਅਨ ਪਿੰਡ ਡੋਡਾਂਵਾਲੀ ਦੀ ਚੋਣ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਮੰਗਲਵਾਰ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਡੋਡਾਂਵਾਲੀ ਬਲਾਕ ਬਰੀਵਾਲਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਕਿਰਤੀ ਕਿਸਾਨ ਯੂਨੀਅਨ ਦੀ 31 ਮੈਂਬਰੀ ਪਿੰਡ ਇਕਾਈ ਦੀ ਚੋਣ ਕੀਤੀ ਗਈ। ਜਿਸ ਵਿੱਚ ਸਰਬ ਸੰਮਤੀ ਨਾਲ ਜਸਵੰਤ ਸਿੰਘ ਨੂੰ ਪ੍ਰਧਾਨ, ਗੁਰਨਾਮ ਸਿੰਘ ਸਕੱਤਰ, ਸਿੰਦਰਪਾਲ ਸੀਨੀਅਰ ਮੀਤ ਪ੍ਰਧਾਨ, ਦਰਸ਼ਨ ਪਾਲ ਜਥੇਬੰਦਕ ਸਕੱਤਰ, ਰਜਿੰਦਰ ਸ਼ਰਮਾ ਖਜ਼ਾਨਚੀ, ਦਲਬੀਰ ਸਿੰਘ ਸਹਾਇਕ ਸਕੱਤਰ, ਜਗਤ ਸਿੰਘ ਸਹਾਇਕ ਖਜ਼ਾਨਚੀ, ਪ੍ਰਗਟ ਸਿੰਘ ਪ੍ਰੈਸ ਸਕੱਤਰ, ਬਚਿੱਤਰ ਸਿੰਘ ਸਹਾਇਕ ਜਥੇਬੰਦਕ ਸਕੱਤਰ, ਜਗਤਾਰ ਸਿੰਘ ਨੂੰ ਪ੍ਰਚਾਰਕ ਸਕੱਤਰ, ਜੀਵਨਪਾਲ ਸ਼ਰਮਾ ਅਤੇ ਮਨੋਜ ਕੁਮਾਰ ਸ਼ਰਮਾ ਅਤੇ ਕੁਲਵੰਤ ਰਾਏ ਸ਼ਰਮਾ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ, ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਮੋਦੀ ਸਰਕਾਰ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲੇ ਵੱਲੋਂ ਕੌਮੀ ਖੇਤੀ ਮਾਰਕੀਟਿੰਗ ਨੀਤੀ ਦਾ ਖਰੜਾ ਲਿਆ ਕੇ ਤਿੰਨ ਕਾਲੇ ਖੇਤੀ ਕਾਨੂੰਨ ਮੁੜ ਲਾਗੂ ਕਰਨ ਲਈ ਤਤਪਰ ਹੈ ਜੋ ਦੇਸ਼ ਦੇ ਕਰੋੜਾਂ ਕਿਸਾਨਾਂ ਮਜ਼ਦੂਰਾਂ ਦੁਕਾਨਦਾਰਾਂ ਵਪਾਰੀਆਂ ਛੋਟੇ ਕਾਰੋਬਾਰੀਆਂ ਦੇ ਭਵਿੱਖ ਲਈ ਖਤਰੇ ਦੀ ਘੰਟੀ ਹੈ। ਸਰਕਾਰ ਦੇ ਯਤਨਾਂ ਨੂੰ ਨਾ ਕਾਮਯਾਬ ਕਰਨ ਲਈ ਤੇ ਕਾਰਪੋਰੇਟ ਪੱਕੀ ਨੀਤੀਆਂ ਦੇ ਖਿਲਾਫ ਵੱਡੀ ਲੋਕ ਲਹਿਰ ਖੜ੍ਹੀ ਕਰਨ ਦੀ ਲੋੜ ਹੈ । ਅੰਤ ਵਿੱਚ ਕਿਸਾਨ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਾਨੂੰ ਆਪਣੀਆਂ ਮੰਗਾਂ ਮਸਲੇ ਹੱਲ ਕਰਨ ਲਈ ਸਰਕਾਰਾਂ 'ਤੇ ਝਾਕ ਰੱਖਣ ਦੀ ਬਜਾਏ ਆਪਣੀ ਜਥੇਬੰਦਕ ਤਾਕਤ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਮੌਕੇ ਪਿੰਡ ਬਲਾਕ ਆਗੂ ਸਰਬਜੀਤ ਸਿੰਘ ਝਬੇਲਵਾਲੀ, ਰਣਜੀਤ ਸਿੰਘ ਝਬੇਲਵਾਲੀ ਤੋਂ ਇਲਾਵਾ ਪਿੰਡ ਦੇ ਵੱਡੀ ਗਿਣਤੀ ਵਿੱਚ ਲੋਕ ਇਕੱਤਰ ਸਨ।

ਦੇਸ਼ ਭਗਤ ਗਲੋਬਲ ਸਕੂਲ 'ਚ ਛੇਵੀਂ ਜੂਨੀਅਰ ਐਥਲੈਟਿਕ ਮੀਟ ਕਰਵਾਈ

ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰ ਪਾਲ, ਪੂਜਾ)-ਦੇਸ਼ ਭਗਤ ਯੂਨਾਈਟਿਡ ਗਰੁੱਪ ਦੇ ਮਾਨਯੋਗ ਚਾਂਸਲਰ ਡਾ. ਜੋਰਾ ਸਿੰਘ ਅਤੇ ਪ੍ਰੋ. ਚਾਂਸਲਰ ਡਾ. ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿਖੇ ਛੇਵੀਂ ਜੂਨੀਅਰ ਅਥਲੈਟਿਕ ਮੀਟ ਕਰਵਾਈ ਗਈ। ਇਸ ਸਮਾਰੋਹ ਦਾ ਆਰੰਭ ਤਿਰੰਗਾ ਲਹਿਰਾਉਣ ਦੀ ਰਸਮ ਨਾਲ ਹੋਇਆ।

ਤਿਰੰਗਾ ਲਹਿਰਾਉਣ ਦੀ ਰਸਮ ਕੈਂਪਸ ਡਾਇਰੈਕਟਰ ਡਾ. ਦਿਲਬਾਗ ਸਿੰਘ, ਡਾ. ਮੁਨੀਸ਼ ਜੋਸ਼ੀ, ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ ਨੇ ਅਦਾ ਕੀਤੀ। ਇਸ ਮੌਕੇ ਮੇਜਰ ਚੰਦ, ਸੁਪ੍ਰਿੰਟੈਂਡੈਂਟ ਦੇਸ਼ ਭਗਤ ਕੈਂਪਸ, ਨਵਦੀਪ ਸਿੰਘ, ਅਕਾਊਂਟ ਅਫ਼ਸਰ ਦੇਸ਼ ਭਗਤ ਕੈਂਪਸ, ਦਿਲਬਾਗ਼ ਸਿੰਘ ਬਾਗੀ, ਸੁਪਰਵਾਈਜ਼ਰ ਦੇਸ਼ ਭਗਤ ਕੈਂਪਸ ਵੀ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਕਿੰਡਰਗਾਰਟਨ ਸੈਕਸ਼ਨ ਦੇ ਬੱਚਿਆਂ ਨੇ ਬਹੁਤ ਸਾਰੀਆਂ ਖੇਡਾਂ ਅਖ਼ਬਾਰ ਸਟੈਪਿੰਗ, ਅੰਬਰੇਲਾ ਰੇਸ, ਅੰਡਰ ਦਾ ਚੇਅਰ ਕਰਾਸ ਰਿਗ ਰੇਸ, ਸਪੂਨ ਐਂਡ ਲੈਮਨ ਰੇਸ, ਹਰਡਲ ਰੇਸ, ਟਨਲ ਰੇਸ, ਸਕੂਲ ਬੈਗ ਪੈਕਿੰਗ ਅਤੇ ਹੋਰ ਬਹੁਤ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਮੌਕੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਖੇਡਾਂ ਵਿੱਚ ਭਾਗ ਲੈਣ ਨਾਲ ਬੱਚਿਆਂ ਦਾ ਸਰਵ ਪੱਖੀ ਵਿਕਾਸ ਹੁੰਦਾ ਹੈ। ਬੱਚਿਆਂ ਵਿੱਚ ਅਨੁਸ਼ਾਸਨ, ਮਿਲਵਰਤਣ ਅਤੇ ਸਹਿਣਸ਼ੀਲਤਾ ਵਰਗੀਆਂ ਭਾਵਨਾਵਾਂ ਪੈਦਾ ਹੁੰਦੀਆਂ ਹਨ। ਖੇਡਾਂ ਨਾਲ ਬੱਚੇ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਬਣਦੇ ਹਨ। ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਖੇਡਾਂ ਹੀ ਬੱਚੇ ਨੂੰ ਨਵਾਂ ਜੀਵਨ ਪ੍ਰਦਾਨ ਕਰਦੀਆਂ ਹਨ।

ਜੇਤੂ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਵੰਡੇ ਗਏ। ਪ੍ਰਿੰਸੀਪਲ ਡਾ. ਸੰਜੀਵ ਜਿੰਦਲ, ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਅਤੇ ਸਮੂਹ ਸਟਾਫ ਨੇ ਜੇਤੂ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਬਹੁਤ ਬਹੁਤ ਵਧਾਈ ਦਿੱਤੀ।

ਪਰਾਲੀ ਨੂੰ ਅੱਗ ਲਗਾਉਣ ਦੇ ਦੋਸ਼ 'ਚ 21 ਨਾਮਜ਼ਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਜ਼ਿਲ੍ਹਾ ਫਿਰੋਜ਼ਪੁਰ ਵਿੱਚ ਵੱਖ ਵੱਖ ਥਾਵਾਂ 'ਤੇ ਪਰਾਲੀ ਨੂੰ ਅੱਗ ਲਗਾਉਣ ਦੇ ਦੋਸ਼ ਵਿੱਚ ਥਾਣਾ ਕੁੱਲਗੜ੍ਹੀ ਪੁਲਸ ਨੇ 21 ਅਣਪਛਾਤੇ ਵਿਅਕਤੀਆਂ ਖਿਲਾਫ 223 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ।ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਇਲਾਕੇ ਵਿੱਚ ਮੌਜੂਦ ਸੀ ਤਾਂ ਇਸ ਦੌਰਾਨ

19-Dec-PAGE-11.qxd 12/18/2024 11:09 PM Page 1

ਸ਼ਹੀਦ ਭਾਈ ਭਾਗ ਸਿੰਘ ਭਿੱਖੀਵਿੰਡ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਹੋਵੇਗੀ ਕਾਨਫਰੰਸ : ਮਾੜੀਮੇਘਾ, ਅਲਗੋਂ

ਭਿੱਖੀਵਿੰਡ (ਨ ਜ਼ ਸ)

ਸੀਪੀਆਈ ਇਲਾਕਾ ਭਿੱਖੀਵਿੰਡ ਦੇ ਸਾਥੀਆਂ ਦੀ ਮੀਟਿੰਗ ਜਸਵੰਤ ਸਿੰਘ ਸੂਰਵਿੰਡ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਸ਼ਾਮਲ ਹੋਏ ਤੇ ਉਨ੍ਹਾਂ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਗ਼ਦਰੀ ਤੇ ਕੈਨੇਡਾ ਦੀ ਧਰਤੀ ਦੇ ਪਹਿਲੇ ਸ਼ਹੀਦ ਭਾਈ ਭਾਗ ਸਿੰਘ ਭਿੱਖੀਵਿੰਡ, ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਸੀਪੀਆਈ ਬਲਾਕ ਭਿੱਖੀਵਿੰਡ ਵੱਲੋਂ ਜਨਵਰੀ 2025 ਦੇ ਅਖੀਰ 'ਤੇ ਵਿਸ਼ਾਲ ਸਮਾਗਮ ਕੀਤਾ ਜਾਵੇਗਾ ਜਿਸ ਨੂੰ ਸੰਬੋਧਨ ਕਰਨ ਲਈ ਸੀਪੀਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਪਹੁੰਚਣਗੇ।ਮਾੜੀਮੇਘਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਨਾਟਕ ਮੇਲਾ ਵੀ ਹੋਵੇਗਾ।ਸੀਪੀਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਕੋਠੀ ਨੇ ਕਿਹਾ ਕਿ ਗ਼ਦਰੀ ਬਾਬਿਆਂ ਤੇ ਭਗਤ ਸਰਾਭਿਆਂ ਦੀਆਂ ਕੁਰਬਾਨੀਆਂ ਦੀ ਬਦੌਲਤ ਦੇਸ਼ ਆਜ਼ਾਦ ਹੋਇਆ ਹੈ।ਦੇਸ਼ ਅੰਗਰੇਜ਼ਾਂ ਤੋਂ ਤਾਂ ਆਜ਼ਾਦ ਹੋ ਗਿਆ ਜਿਸ ਨਾਲ ਵਿਚਾਰਾਂ ਦੀ ਖੁੱਲ ਮਿਲ ਗਈ ਪਰ ਮੌਜੂਦਾ ਕੇਂਦਰੀ ਹਕੂਮਤ ਹੁਣ ਵਿਚਾਰਾਂ ਨੂੰ ਵੀ ਦਬਾਉਣ ਦੇ ਰਾਹ ਤੁਰ ਪਈ ਹੈ।ਜਿਹੜਾ ਵਿਅਕਤੀ ਕੇਂਦਰ ਸਰਕਾਰ ਦੇ ਪਾਜ਼ ਉਘੇੜਦਾ ਹੈ ਉਸ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ ਜਾਂਦਾ।ਮਾੜੀਮੇਘਾ ਤੇ ਅਲਗੋਂ ਨੇ ਕਿਹਾ ਕਿ ਅਸੀਂ ਹਾਲੇ ਆਰਥਿਕ ਆਜ਼ਾਦੀ ਪ੍ਰਾਪਤ ਕਰਨੀ ਹੈ। ਜਦੋਂ ਆਰਥਿਕ ਆਜ਼ਾਦੀ ਪ੍ਰਾਪਤ ਕਰ ਲਈ ਉਦੋਂ ਸਮਾਜ ਵਿੱਚ ਬਰਾਬਰੀ ਤੇ ਖੁਸ਼ਹਾਲੀ ਹੋਵੇਗੀ।ਇਹ ਹੀ ਗਦਰੀ ਇਨਕਲਾਬੀਆਂ ਦੀ ਇੱਛਾ ਸੀ।ਮੀਟਿੰਗ ਵਿੱਚ ਨਿਸ਼ਾਨ ਸਿੰਘ ਪੰਡਵਾਂ, ਸਰੋਜ ਮਲਹੋਤਰਾ, ਸਰਬਜੀਤ ਕੌਰ ਸੂਰਵਿੰਡ ਅਤੇ ਚਰਨਜੀਤ ਸਿੰਘ ਵਾਂ ਨੇ ਵੀ ਵਿਚਾਰ ਰੱਖੇ।

ਪੰਜਾਬ ਸਰਕਾਰ ਵੱਲੋਂ ਔਰਤਾਂ/ਲੜਕੀਆਂ ਲਈ ਵਿਸ਼ੇਸ਼ ਕੈਂਪ ਭਲਕੇ

ਫਰੀਦਕੋਟ (ਐਲਿਗਜੈਂਡਰ ਡਿਸੂਜਾ) -ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹੇ ਦੀਆਂ ਲੜਕੀਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਹੂਲਤਾਂ ਦਾ ਲਾਭ ਦੇਣ, ਉਨ੍ਹਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ, ਉਨ੍ਹਾਂ ਦੀ ਮੁਫਤ ਸਿਹਤ ਜਾਂਚ ਅਤੇ ਹੋਰ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਦੇਣ ਲਈ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ 19 ਦਸੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਣਗੇ ਅਤੇ ਉਨ੍ਹਾਂ ਨਾਲ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਣਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦਿੱਤੀ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹੇ ਦੀਆਂ ਲੜਕੀਆਂ/ ਔਰਤਾਂ ਨੂੰ ਰੁਜ਼ਗਾਰ ਦੇਣ ਦੇ ਮੰਤਵ, ਉਨ੍ਹਾਂ ਦੀ ਚੰਗੀ ਸਿਹਤ, ਹੋਰ ਔਰਤਾਂ ਲਈ ਜਾਰੀ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਦੇਣ, ਲੜਕੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਦੇ ਮਕਸਦ ਨਾਲ ਉਨ੍ਹਾਂ ਨੂੰ ਖੇਡ ਕਿੱਟਾਂ ਦੇਣ ਦੇ ਮੰਤਵ ਨਾਲ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫਸਰ ਰਤਨਦੀਪ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਲੜਕੀਆਂ ਨੂੰ ਬੇਟੀ ਬਚਾਓ-ਬੇਟੀ ਪੜ੍ਹਾਓ ਮੁਹਿੰਮ ਤਹਿਤ ਲਗਾਏ ਜਾ ਰਹੇ ਵਿਸ਼ੇਸ਼ ਕੈਂਪ ਵਿੱਚ 10 ਕੰਪਨੀਆਂ ਵੱਲੋਂ ਇੰਟਰਵਿਊ ਕੀਤੀ ਜਾਵੇਗੀ ਅਤੇ ਮੌਕੇ ਤੇ ਹੀ ਕੇਵਲ ਲੜਕੀਆਂ ਨੂੰ ਰੁਜਗਾਰ ਮੁੱਹਈਆ ਕਰਵਾਇਆ ਜਾਵੇਗਾ।

ਧਾਮੀ ਹਮਾਇਤੀ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਇੱਕ ਹੋਰ ਵਫਦ ਨੇ ਦਿੱਤਾ ਜਥੇਦਾਰ ਅਕਾਲ ਤਖਤ ਨੂੰ ਮੰਗ ਪੱਤਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਬਾਦਲ ਦਲੀਆਂ ਦੀਆਂ ਅੰਦਰ ਦੀਆਂ ਪੱਕੀਆਂ ਬਾਹਰ ਆ ਰਹੀਆਂ ਹਨ ਤੇ ਬਾਗੀ ਤੇ ਦਾਗੀ ਧੜੇ ਵੱਲੋਂ ਅਕਾਲ ਤਖਤ ਨੂੰ ਧਿਰ ਬਣਾ ਕੇ ਇੱਕ ਦੂਜੇ ਦੀਆਂ ਸ਼ਕਾਇਤਾਂ ਕੀਤੀਆਂ ਜਾ ਰਹੀਆਂ ਹਨ। ਬੀਤੇ ਕੱਲ ਬਕਾਇਦਾ ਤੌਰ 'ਤੇ ਬੀਬੀ ਜਗੀਰ ਕੌਰ ਦੀਆਂ ਸਮਰਥਕ ਬੀਬੀਆਂ ਦੇ ਇੱਕ ਵਫਦ ਨੇ ਜਥੇਦਾਰ ਨੂੰ ਪੱਤਰ ਦੇ ਕੇ ਮੰਗ ਕੀਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਿਰੁੱਧ ਬੀਬੀ ਜਗੀਰ ਕੌਰ ਦੇ ਖਿਲਾਫ ਕੀਤੀਆਂ ਟਿੱਪਣੀਆਂ ਨੂੰ ਲੈ ਕੇ ਮਰਿਆਦਾ ਅਨੁਸਾਰ ਤੁਰੰਤ ਕਾਰਵਾਈ ਕੀਤੀ ਜਾਵੇ ਤੇ ਉਸ ਨੂੰ ਸਿੱਖਾਂ ਦੀ ਪਾਰਲੀਮੈਂਟ ਦੀ ਪ੍ਰਧਾਨਗੀ ਤੋਂ ਤੁਰੰਤ ਲਾਂਭੇ ਕੀਤਾ ਜਾਵੇ। ਇਸ ਦੇ ਤੁਰੰਤ ਬਾਅਦ ਧਾਮੀ ਦੇ ਤਿੰਨ ਹਮਾਇਤੀ ਮੈਂਬਰਾਂ ਨੇ ਵੀ ਕਿਹਾ ਸੀ ਕਿ ਧਾਮੀ ਸੱਚ ਬੋਲਣ ਵਾਲੇ ਵਿਅਕਤੀ ਹਨ ਤੇ ਉਹਨਾਂ ਨੇ ਮੁਆਫੀ ਮੰਗ ਲਈ ਹੈ ਤੇ ਇਹ ਮਾਮਲਾ ਇਥੇ ਹੀ ਸਮਾਪਤ ਕੀਤਾ ਜਾਵੇ। ਇਸੇ ਤਰ੍ਹਾਂ ਅੱਜ ਵੀ ਸ਼੍ਰੋਮਣੀ ਕਮੇਟੀ ਦੇ ਕੁਝ ਮੈਂਬਰਾਂ ਜਿਹਨਾਂ ਵਿੱਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਭਾਈ ਰਾਮ ਸਿੰਘ ਨਾਮਜ਼ਦ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਤੇ ਹੋਰ ਮੈਂਬਰਾਂ ਨੇ ਬਾਗੀ ਧੜੇ ਦੇ ਆਗੂਆਂ ਦੀ ਸ਼ਿਕਾਇਤ ਅਕਾਲ ਤਖਤ ਨੂੰ ਕੀਤੀ ਹੈ। ਇਹਨਾਂ ਮੈਂਬਰਾਂ ਨੇ ਮੰਗ ਪੱਤਰ ਵਿੱਚ ਲਿਖਿਆ ਕਿ ਪਰਮਿੰਦਰ ਸਿੰਘ ਢੀਂਡਸਾ ਨੂੰ ਵੀ ਪਹਿਲੀ ਕੈਟਾਗਰੀ ਦੇ ਦੋਸ਼ੀਆਂ ਵਿੱਚ ਜਥੇਦਾਰਾਂ ਨੇ ਖੜਾ ਕੀਤਾ ਸੀ ਪਰ ਉਸ ਨੂੰ ਤਨਖਾਹ ਨਹੀਂ ਲਗਾਈ ਗਈ। ਪਰਮਿੰਦਰ ਸਿੰਘ ਢੀਂਡਸਾ 'ਤੇ ਦੋਸ਼ ਹੈ ਕਿ ਉਸਨੇ ਇਜ਼ਹਾਰ ਆਲਮ ਵਰਗੇ ਜਲਾਦ ਪੁਲਸ ਅਫਸਰਾਂ ਦੀ ਪੁਸ਼ਤਪਨਾਹੀ ਕੀਤੀ ਤੇ ਉਹਨਾਂ ਨੂੰ ਵਿਧਾਨ ਸਭਾ ਦੀ ਟਿਕਟ ਦਿਵਾਉਣ ਲਈ ਅਕਾਲੀ ਲੀਡਰਸ਼ਿਪ ਤੇ ਦਬਾ ਪਾਇਆ ਸੀ ਅਤੇ ਇਸ ਬੱਜਰ ਗੁਨਾਹ ਨੂੰ ਲੈ ਪਰਮਿੰਦਰ ਸਿੰਘ ਢੀਂਡਸਾ ਨੂੰ ਤਨਖਾਹ ਲਗਾਈ ਜਾਵੇ। ਇਸੇ ਤਰ੍ਹਾਂ ਪ੍ਰੇਮ ਸਿੰਘ ਚੰਦੂਮਾਜਰਾ ਬਾਰੇ ਵੀ ਉਹਨਾਂ ਕਿਹਾ ਕਿ ਉਸ ਨੇ ਵੀ ਅਕਾਲ ਤਖਤ 'ਤੇ ਝੂਠ ਬੋਲਿਆ ਕਿ ਉਸ ਨੇ ਸੌਦਾ ਸਾਧ ਦੀ ਮੁਆਫੀ ਦੇ ਹੱਕ ਵਿੱਚ ਕੋਈ ਬਿਆਨ ਨਹੀਂ ਦਿੱਤਾ ਜੋ ਕਿ ਸਰਾਸਰ ਝੂਠ ਹੈ। ਉਸ ਦੀ ਵੀਡੀਓ ਅਕਾਲ ਤਖਤ ਨੂੰ ਦਿੱਤੀ ਜਾ ਰਹੀ ਹੈ ਜਿਸ ਵਿੱਚ ਉਸ ਨੇ ਸੌਦਾ ਸਾਧ ਦੀ ਮੁਆਫੀ ਦਾ ਸੁਆਗਤ ਕੀਤਾ ਸੀ। ਬੀਬੀ ਜਗੀਰ ਕੌਰ ਨੇ ਵੀ ਝੂਠ ਬੋਲਿਆ ਹੈ ਤੇ ਉਸ ਨੇ ਵੀ ਸੌਦਾ ਸਾਧ ਦੀ ਮੁਆਫੀ ਤੋਂ ਅਗਿਆਨਤਾ ਪ੍ਰਗਟਾਈ ਸੀ ਪਰ ਉਸ ਦੀ ਵੀਡੀਓ ਵੀ ਅਕਾਲ ਤਖਤ ਨੂੰ ਦਿੱਤੀ ਜਾਂਦੀ ਹੈ ਜਿਸ ਨੂੰ ਲੈ ਕੇ ਕਾਰਵਾਈ ਕੀਤੀ ਜਾਵੇ। ਇਸੇ ਤਰ੍ਹਾਂ ਸੁਰਜੀਤ ਸਿੰਘ ਰੱਖੜਾ ਨੇ ਵੀ ਸੌਦਾ ਸਾਧ ਦੇ ਡੇਰੇ ਵਿੱਚ ਜਾਣ ਦਾ ਆਪਣਾ ਜੁਰਮ ਕਬੂਲਿਆ ਹੈ ਤੇ ਉਸ ਨੇ ਇਸ ਪੱਖ ਨੂੰ ਅਕਾਲ ਤਖਤ ਤੋਂ ਛੁਪਾ ਕੇ ਰੱਖਿਆ ਜਿਸ ਕਰਕੇ ਝੂਠ ਬੋਲਣ ਦੇ ਦੋਸ਼ ਵਿੱਚ ਉਸ ਵਿਰੁੱਧ ਵੀ ਕਾਰਵਾਈ ਕੀਤੀ ਜਾਵੇ। ਇਹਨਾਂ ਲੀਡਰਾਂ ਨੂੰ ਵੀ ਬੱਜਰ ਗੁਨਾਹ ਕਰਨ ਦੇ ਦੋਸ਼ ਵਿੱਚ ਸਜ਼ਾ ਸੁਣਾਈ ਜਾਵੇ ਤੇ ਇਹਨਾਂ ਕੋਲੋਂ ਵੀ ਇਸ਼ਤਿਹਾਰਾਂ ਦੀ ਮਾਇਆ ਵਸੂਲੀ ਜਾਵੇ।

ਪੰਚਾਇਤੀ ਰਾਜ ਸੰਸਥਾਵਾਂ ਦੀ ਕਾਰਜ-ਪ੍ਰਣਾਲੀ ਸਬੰਧੀ ਲਗਾਇਆ ਟ੍ਰੇਨਿੰਗ ਕੈਂਪ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬਲਾਕ ਦਫਤਰ ਘਰ ਦੀਆਂ ਵਿਖੇ ਬੀਡੀਪੀਓ ਦੀ ਅਗਵਾਈ ਵਿੱਚ ਪੰਚਾਇਤੀ ਰਾਜ ਸੰਸਥਾਵਾਂ ਦੇ ਚੁਣੇ ਨੁਮਾਇੰਦਿਆਂ ਸਰਪੰਚਾਂ ਪੰਚਾਂ ਨੂੰ ਪੰਚਾਇਤੀ ਰਾਜ ਸੰਸਥਾਵਾਂ ਦੀ ਕਾਰਜ ਪ੍ਰਣਾਲੀ ਸਬੰਧੀ ਟ੍ਰੇਨਿੰਗ ਕੈਂਪ ਲਗਾਇਆ ਗਿਆ ਜਿਸ ਵਿੱਚ ਆਏ ਹੋਏ ਸਰਪੰਚਾਂ ਪੰਚਾਂ ਦੇ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਇਸ ਕੈਂਪ ਦੇ ਵਿੱਚ ਸਰਪੰਚ ਅਤੇ ਪੰਚ ਵਿਸ਼ੇ ਦੇ ਸਬੰਧੀ ਟ੍ਰੇਨਿੰਗ ਦਿੱਤੀ ਗਈ ।ਇਸ ਮੌਕੇ ਬੀਡੀਪੀਓ ਦਫਤਰ ਕਾਦੀਆਂ ਦਾ ਸਮੁੱਚਾ ਸਟਾਫ ਹਾਜ਼ਰ ਸੀ।ਇਸ ਮੌਕੇ ਪਿੰਡ ਧੰਨੇ ਤੋਂ ਸਰਪੰਚ ਬਲਵਿੰਦਰ ਸਿੰਘ, ਪਿੰਡ ਡੱਲਾ ਤੋਂ ਸਰਪੰਚ ਮੇਜਰ ਸਿੰਘ , ਪਿੰਡ ਕੋਟਲਾ ਮੂਸਾ ਤੋਂ ਸਰਪੰਚ ਬਲਜੀਤ ਸਿੰਘ, ਪਿੰਡ ਦੁਨੀਆਂ ਸੰਧੂ ਤੋਂ ਸਰਪੰਚ ਜਸਬੀਰ ਸਿੰਘ ਫੌਜੀ, ਪਿੰਡ ਦੌਲਤਪੁਰ ਤੋਂ ਸਰਪੰਚ ਮਿੱਤਰਪਾਲ ਸਿੰਘ, ਸਰਪੰਚ ਕੋਟਲਾ ਹਵੇਲੀਆਂ ਤੋਂ ਬਲਬੀਰ ਸਿੰਘ ਆਦਿ ਸਰਪੰਚ ਪੰਚ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

1 ਲੱਖ ਡਰੱਗ ਮਨੀ,700 ਗ੍ਰਾਮ ਅਫ਼ੀਮ ਤੇ ਕਾਰ ਸਮੇਤ ਤਿੰਨ ਜਣੇ ਕਾਬੂ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਿੱਖੀਵਿੰਡ ਪੁਲਸ ਨੇ ਤਿੰਨ ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 700 ਗ੍ਰਾਮ ਅਫ਼ੀਮ, ਨਸ਼ਾ ਵੇਚ ਕੇ ਕਮਾਏ ਇੱਕ ਲੱਖ ਰੁਪਏ ਤੇ ਇੱਕ ਟੋਇਟਾ ਗਲੈਂਜਾ ਕਾਰ ਬਰਾਮਦ ਕੀਤੀ ਹੈ।ਮੁਲਜ਼ਮਾਂ ਦੀ ਪਛਾਣ ਸਾਜਨ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਪੱਟੀ, ਰਾਹੁਲ ਗਿੱਲ ਪੁੱਤਰ ਭਰਤ ਗਿੱਲ ਵਾਸੀ ਦਰਾਜਕੇ ਅਤੇ ਇੰਦਰਜੀਤ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਵਾੜਾ ਤੇਲੀਆਂ ਵਜੋਂ ਹੋਈ ਹੈ।ਇਸ ਮਾਮਲੇ ਸੰਬੰਧੀ ਪੱਤਰਕਾਰਾਂ ਨਾਲ ਸਾਂਝੀ ਕੀਤੀ ਜਾਣਕਾਰੀ ਵਿੱਚ ਡੀਐੱਸਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਐੱਸਐੱਸਪੀ ਤਰਨ ਤਾਰਨ ਅਭੀਮੰਨਿਊ ਰਾਣਾ ਤੇ ਐੱਸਪੀ (ਇਨਵੈਸਟੀਗੇਸ਼ਨ) ਅਜੈ ਰਾਜ ਸਿੰਘ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਥਾਣਾ ਭਿੱਖੀਵਿੰਡ ਤੋਂ ਸਬ-ਇੰਸਪੈਕਟਰ ਗੁਰਦੀਪ ਸਿੰਘ ਸਮੇਤ ਪੁਲਸ ਪਾਰਟੀ ਭੈੜੇ ਅਨਸਰਾਂ ਦੀ ਭਾਲ 'ਚ ਪਿੰਡ ਪਹਿਲਵਾਨਕੇ 'ਚ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ।ਚੈਕਿੰਗ ਦੌਰਾਨ ਜਦੋਂ ਟੋਇਟਾ ਗਲੈਂਜਾ ਕਾਰ ਨਾਕਾਬੰਦੀ ਵੇਖ ਕੇ ਪਿੱਛੇ ਵੱਲ ਨੂੰ ਮੁੜਨ ਲੱਗੀ ਤਾਂ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਮੁਸਤੈਦੀ ਨਾਲ ਕਾਰ ਸਵਾਰਾਂ ਨੂੰ ਦਬੋਚ ਲਿਆ।ਜਦੋਂ ਪੁਲਸ ਪਾਰਟੀ ਨੇ ਕਾਰ ਸਵਾਰ ਵਿਅਕਤੀਆਂ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 700 ਗ੍ਰਾਮ ਅਫ਼ੀਮ ਤੇ ਇੱਕ ਲੱਖ ਰੁਪਏ ਡਰੱਗ ਮਨੀ ਬਰਾਮਦ ਹੋਈ।ਡੀਐੱਸਪੀ ਨੇ ਦੱਸਿਆ ਕਿ ਮੁਲਜ਼ਮਾਂ ਦੀ ਟੋਇਟਾ ਗਲੈਂਜਾ ਕਾਰ ਜਿਸਦਾ ਨੰਬਰ ਪੀਬੀ02ਈਡਬਲਿਊ 8893 ਹੈ, ਨੂੰ ਵੀ ਕਬਜ਼ੇ ਵਿੱਚ ਲੈ ਕੇ ਥਾਣਾ ਭਿੱਖੀਵਿੰਡ 'ਚ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਸਰਕਾਰ ਦੇ ਅੜੀਅਲ ਰਵੱਈਏ ਕਰਕੇ ਹਜ਼ਾਰਾਂ ਕਿਸਾਨ ਰੇਲਵੇ ਟਰੈਕਾਂ 'ਤੇ ਆਏ: ਕਿਸਾਨ ਆਗੂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)

ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਅਤੇ ਦੂਸਰੇ ਮੋਰਚੇ ਦੇ ਸੱਦੇ 'ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁਢਾ ਵੱਲੋਂ ਵੱਡੀ ਗਿਣਤੀ ਵਿੱਚ ਹਜ਼ਾਰਾਂ ਕਿਸਾਨ ਅਤੇ ਬੀਬੀਆਂ ਸਮੇਤ ਮਾਨਾ ਵਾਲੇ ਰੇਲਵੇ ਸਟੇਸ਼ਨ 'ਤੇ 12 ਤੋਂ 3 ਵਜੇ ਤੱਕ ਮੁਕੰਮਲ ਬੰਦ ਰੱਖਿਆ ਜਿਸ ਦੀ ਪ੍ਰਧਾਨਗੀ ਸੂਬਾ ਆਗੂ ਕਾਰਜ ਸਿੰਘ ਰਾਮਪੁਰਾ, ਹਰਜੀਤ ਸਿੰਘ ਜੌਹਲ, ਰਾਜਪਾਲ ਸਿੰਘ ਸੁਲਤਾਨਵਿੰਡ, ਦਵਿੰਦਰ ਸਿੰਘ ਚਾਟੀਵਿੰਡ, ਦਿਲਬਾਗ ਸਿੰਘ ਵਾਈਸ ਪ੍ਰਧਾਨ ਨੇ ਕੀਤੀ। ਇਸ ਮੌਕੇ ਜਥੇਬੰਦੀ ਦੇ ਸੂਬਾ ਆਗੂ ਪਰਮਜੀਤ ਸਿੰਘ ਚਾਟੀਵਿੰਡ, ਸਾਹਿਬ ਸਿੰਘ ਸਭਰਾ, ਗੁਰਭੇਜ ਸਿੰਘ ਸੋਨੂ ਮਾਹਲ, ਬਾਬਾ ਸਤਨਾਮ ਸਿੰਘ ਅਕਾਲੀ ਨੇ ਭਾਵੁਕ ਸਪੀਚ ਵਿੱਚ ਕਿਹਾ ਕਿ 12 ਫਰਵਰੀ ਤੋਂ ਲੈ ਕੇ ਕਿਸਾਨੀ ਅੰਦੋਲਨ ਖਨੌਰੀ ਬਾਰਡਰ ਸ਼ੰਭੂ ਬਾਰਡਰ ਰਤਨਪੁਰਾ ਬਾਰਡਰ ਤੇ ਅੰਦੋਲਨ ਚੱਲ ਰਿਹਾ ਹੈ ਜਿਸ ਵਿੱਚ ਅੰਦੋਲਨ ਦੌਰਾਨ ਸ਼ੁਭ ਕਰਨ ਸਿੰਘ ਦੀ ਸ਼ਹੀਦੀ ਤਕਰੀਬਨ 40 ਕਿਸਾਨ ਸ਼ਹੀਦ ਸੈਂਕੜੇ ਕਿਸਾਨ ਮੋਦੀ ਸਰਕਾਰ ਦਾ ਜਬਰ ਸਹਿੰਦੇ ਹੋਏ ਫੱਟੜ ਹੋਏ। ਕਿਸਾਨੀ ਮਸਲਿਆਂ ਨੂੰ ਲੈ ਕੇ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 23ਵੇਂ ਦਿਨ ਵਿੱਚ ਪਹੁੰਚ ਚੁੱਕਾ ਪਰ ਸਰਕਾਰ ਦਾ ਅੜੀਅਲ ਰਵਈਆ ਹੋਣ ਕਰਕੇ ਕਿਸਾਨਾਂ ਨਾਲ ਗੱਲਬਾਤ ਦਾ ਅੱਜ ਤੱਕ ਕੋਈ ਵੀ ਰਾਹ ਨਹੀਂ ਖੋਲ੍ਹਿਆ। ਇਥੋਂ ਸਿੱਧ ਹੁੰਦਾ ਹੈ ਕੀ ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਦੀ ਪਰਵਾਹ ਕੀਤੇ ਬਿਨਾਂ ਉਹਨਾਂ ਕਾਰਪੋਰੇਟ ਘਰਾਣਿਆ ਨੂੰ ਖੁਸ਼ ਕਰਨ ਵਿੱਚ ਰੁੱਝੀ ਹੋਈ ਹੈ। ਇਸ ਸਮੇਂ ਸੂਬਾ ਆਗੂ ਅੰਗਰੇਜ਼ ਸਿੰਘ ਚਾਟੀਵਿੰਡ, ਕਵਲਜੀਤ ਸਿੰਘ ਸ਼ੰਮੀ, ਸਤਨਾਮ ਸਿੰਘ, ਨਰਿੰਦਰ ਸਿੰਘ, ਰੁਪਿੰਦਰਜੀਤ ਸਿੰਘ ਸੁਲਤਾਨਵਿੰਡ, ਸਰਬਜੀਤ ਸਿੰਘ ਰਾਮਪੁਰਾ, ਸਰਪੰਚ ਸੰਦੀਪ ਸਿੰਘ ਮਿੱਠਾ, ਸੁਖਦੇਵ ਸਿੰਘ ਬੁੱਤ ਨੇ ਕਿਹਾ ਕਿ ਹਜ਼ਾਰਾਂ ਕਿਸਾਨ ਅਤ

19-Dec-PAGE-12.qxd 12/18/2024 11:08 PM Page 1

13-13 ਸੇਵਾ ਕੇਂਦਰ 'ਚ ਵੱਧ ਤੋਂ ਵੱਧ ਯੋਗਦਾਨ ਪਾਉਣ ਜ਼ਿਲ੍ਹਾ ਵਾਸੀ : ਡਿਪਟੀ ਕਮਿਸ਼ਨਰ

ਨਵਾਂਸ਼ਹਿਰ, (ਮਨੋਜ ਲਾਡੀ)

ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਨਵਾਂਸ਼ਹਿਰ ਇਲਾਕੇ ਦੀ ਨਾਮੀ ਸਮਾਜ ਸੇਵੀ ਸੰਸਥਾ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ (ਰਜਿ.) ਨਵਾਂਸ਼ਹਿਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਥਾਂਦੀ ਅਤੇ ਸਕੱਤਰ ਅਮਰਜੀਤ ਸਿੰਘ ਖਾਲਸਾ ਨਾਲ ਮੁਲਾਕਾਤ ਕਰਕੇ ਸੁਸਾਇਟੀ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਾ) ਰਾਜੀਵ ਵਰਮਾ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਸੁਸਾਇਟੀ ਵੱਲੋਂ ਮਨੁੱਖਤਾ ਦੀ ਭਲਾਈ ਲਈ ਕੀਤੀ ਜਾ ਰਹੀ ਨਿਸ਼ਕਾਮ ਸੇਵਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਜਿਹੀਆਂ ਸੰਸਥਾਵਾਂ ਦੇ ਸਹਿਯੋਗ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਜਿਥੇ ਮਨੁੱਖਤਾ ਦੀ ਭਲਾਈ ਅਤੇ ਲੋੜਵੰਦਾਂ ਦੀ ਮਦਦ ਲਈ ਨਿਸ਼ਕਾਮ ਕਾਰਜ ਕਰ ਰਹੀ ਹੈ, ਉਥੇ ਵਾਤਾਵਰਨ ਨੂੰ ਬਚਾਉਣ, ਸ਼ਹਿਰ ਨੂੰ ਹਰਿਆ-ਭਰਿਆ ਰੱਖਣ ਅਤੇ ਲੋੜਵੰਦਾਂ ਨੂੰ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣ ਵਿਚ ਵੀ ਇਸ ਦਾ ਵਡਮੁੱਲਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਕੋਵਿਡ ਮਹਾਮਾਰੀ ਦੌਰਾਨ ਸੁਸਾਇਟੀ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਲਾਮਿਸਾਲ ਹਨ। ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ ਬਾਰਾਦਰੀ ਗਾਰਡਨ, ਨਵਾਂਸ਼ਹਿਰ ਨੇੜੇ ਖੋਲ੍ਹਿਆ ਗਿਆ 13-13 ਸੇਵਾ ਕੇਂਦਰ ਆਪਣੇ ਆਪ ਵਿਚ ਇਕ ਮਿਸਾਲ ਹੈ, ਜਿਥੇ ਲੋੜਵੰਦਾਂ ਨੂੰ ਹਰੇਕ ਸਾਮਾਨ ਕੇਵਲ 13 ਰੁਪਏ ਵਿਚ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਕੋਲ ਘਰ ਵਿਚ ਕੋਈ ਵਾਧੂ ਸਾਮਾਨ ਵਧੀਆ ਹਾਲਤ ਵਿਚ ਹੋਵੇ, ਜਿਵੇਂ ਕੱਪੜੇ, ਜੁੱਤੇ, ਕੰਬਲ, ਰਜਾਈਆਂ, ਖਿਡੌਣੇ, ਪਲਾਸਟਿਕ ਦਾ ਸਾਮਾਨ, ਭਾਂਡੇ, ਫਰਨੀਚਰ ਜਾਂ ਘਰੇਲੂ ਵਰਤੋਂ ਦਾ ਕੋਈ ਵੀ ਸਾਮਾਨ, ਜੋ ਵਰਤੋਂ ਵਿਚ ਨਹੀਂ ਹੈ, ਸੰਸਥਾ ਨੂੰ ਦੇ ਕੇ ਮਨੁੱਖਤਾ ਦੀ ਭਲਾਈ ਵਿਚ ਹਿੱਸਾ ਪਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਜ਼ਿਲ੍ਹਾ ਵਾਸੀਆਂ ਵੱਲੋਂ ਦਿੱਤਾ ਗਿਆ ਸਾਮਾਨ ਕਿਸੇ ਲੋੜਵੰਦ ਦੀ ਲੋੜ ਪੂਰੀ ਕਰੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਮਨੁੱਖਤਾ ਦੀ ਭਲਾਈ ਲਈ ਵੱਧ ਤੋਂ ਵੱਧ ਯੋਗਦਾਨ ਦੇ ਕੇ ਪੁੰਨ ਖੱਟਣ ਦਾ ਕਾਰਜ ਕਰਨ। ਉਨ੍ਹਾਂ ਲੋੜਵੰਦਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਜ਼ਰੂਰਤ ਦਾ ਸਾਮਾਨ 13-13 ਸਟੋਰ ਤੋਂ ਹਾਸਲ ਕਰਨ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਥਾਂਦੀ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹਰੇਕ ਸਾਮਾਨ ਘਰ ਤੋਂ ਲਿਆਉਣ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ 99884-36519 ਅਤੇ 98551- 87122 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੁਸਾਇਟੀ ਵੱਲੋਂ ਪਿਛਲੇ ਅੱਠ ਸਾਲਾਂ ਤੋਂ ਗੁਰਦੁਆਰਾ ਸਿੰਘ ਸਭਾ, ਚੰਡੀਗੜ੍ਹ ਚੌਕ, ਨਵਾਂਸ਼ਹਿਰ ਵਿਖੇ ਡਿਸਪੈਂਸਰੀ ਵੀ ਚਲਾਈ ਜਾ ਰਹੀ ਹੈ ਜਿਥੇ ਪਰਚੀ ਨਾਲ ਮੈਡੀਕਲ ਚੈਕਅੱਪ ਕੀਤਾ ਜਾਂਦਾ ਹੈ ਅਤੇ ਦਵਾਈ ਮੁਫਤ ਦਿੱਤੀ ਜਾਂਦੀ ਹੈ। ਇਸੇ ਤਰ੍ਹਾਂ ਉਥੇ ਡੈਂਟਲ ਅਤੇ ਚੈਰੀਟੇਬਲ ਲੈਬ ਵੀ ਲਾਈਫ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ, ਜਿਥੇ ਕਿਡਨੀ ਅਤੇ ਕੈਂਸਰ ਦੇ ਮਰੀਜ਼ਾਂ ਦੇ ਟੈਸਟ ਬਿਲਕੁਲ ਮੁਫਤ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸੁਸਾਇਟੀ ਦੇ ਸਮੂਹ ਮੈਂਬਰ ਸਮਰਪਣ ਅਤੇ ਸੇਵਾ ਭਾਵਨਾ ਨਾਲ ਮਨੁੱਖਤਾ ਦੀ ਭਲਾਈ ਦੇ ਕਾਰਜ ਵਿਚ ਆਪਣਾ ਯੋਗਦਾਨ ਦੇ ਰਹੇ ਹਨ।

ਪੈਨਸ਼ਨ ਡੇ ਮਨਾਇਆ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਸਿਟੀ ਮੰਡਲ ਹੁਸ਼ਿਆਰਪੁਰ ਪੈਨਸ਼ਨਰ ਐਸੋਸੀਏਸ਼ਨ ਪੀਐਸਪੀਸੀਐਲ ਦੇ ਦਫਤਰ ਵਿੱਚ ਪੈਨਸ਼ਨ ਡੇ ਮਨਾਇਆ ਗਿਆ। ਇਸ ਮੌਕੇ ਤੇ ਪਹਿਲਾਂ ਝੰਡਾ ਲਹਿਰਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਖੁਸ਼ੀ ਰਾਮ ਧੀਮਾਨ ਪ੍ਰਧਾਨ ਸ਼ਹਿਰੀ ਮੰਡਲ ਹੁਸ਼ਿਆਰਪੁਰ ਨੇ ਕੀਤੀ। ਇਸ ਸਮਾਗਮ ਵਿੱਚ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ਅਤੇ ਸਮਾਗਮ ਦੇ ਮੁਖ ਮਹਿਮਾਨ ਐਡੀਸ਼ਨਲ ਐਸ.ਸੀ. ਕੁਲਦੀਪ ਸਿੰਘ ਠਾਕਰ ਸਨ। ਸਾਰੇ ਬੁਲਾਰਿਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਵੱਲੋਂ ਮੁਲਾਜ਼ਮ ਯੂਨੀਅਨ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਉਹਨਾਂ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਪੂਰਾ ਕੀਤਾ ਜਾਏ।ਇਸ ਮੌਕੇ ਰਾਮ ਜੱਗੀ ਵਾਇਸ ਪ੍ਰੈਜੀਡੈਂਟ ਪੰਜਾਬ, ਡੀ ਕੇ ਮਹਿਤਾ ਕੈਸ਼ੀਅਰ ਪੰਜਾਬ, ਪ੍ਰਵੇਸ਼ ਕੁਮਾਰ ਸਰਕਲ ਸਕੱਤਰ ਤੋਂ ਇਲਾਵਾ ਗੁਰਮੇਲ ਸਿੰਘ ਸਰਕਲ ਸਕੱਤਰ, ਠਾਕਰ ਅਵਤਾਰ ਸਿੰਘ, ਰਾਮ ਗੋਪਾਲ ਸ਼ਰਮਾ ਅਤੇ ਸਰਕਲ ਦੇ ਅਧੀਨ ਸਾਰੇ ਮੰਡਲਾਂ ਦੇ ਪ੍ਰਧਾਨ ਆਪਣੀਆਂ ਕਮੇਟੀਆਂ ਸਹਿਤ ਹਾਜ਼ਰ ਸਨ।

ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ 'ਚ ਸਲਾਨਾ ਸਮਾਗਮ 'ਸ਼ੁਕਰਾਨਾ 2024' ਮਨਾਇਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)

ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਵਿੱਚ ਚੇਅਰਮੈਨ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਤੀਸਰਾ ਸਲਾਨਾ ਸਮਾਗਮ 'ਸ਼ੁਕਰਾਨਾ 2024' +2 ਜਮਾਤ ਨੂੰ ਆਰਟਸ, ਕਮਰਸ ਅਤੇ ਨਾਨ ਮੈਡੀਕਲ ਦੀ ਮਾਨਤਾ ਅਤੇ ਮੁਕਤਸਰ ਦਾ ਸਭ ਤੋਂ ਵਧੀਆ ਸਕੂਲ ਚੁਣੇ ਜਾਣ ਦੀ ਖੁਸ਼ੀ ਵਿੱਚ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਸ਼ੁੱਭ ਆਰੰਭ ਸੁਖਮਨੀ ਸਾਹਿਬ ਦਾ ਪਾਠ ਕਰਵਾ ਕੇ ਕੀਤਾ ਗਿਆ। ਇਸ ਪਿੱਛੋਂ ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ, ਡਾ.ਦਲਜੀਤ ਸਿੰਘ, ਮਾਤਾ ਜਸਪਾਲ ਕੌਰ, ਮੈਡਮ ਮਨਦੀਪ ਕੌਰ, ਪ੍ਰਿੰਸੀਪਲ ਸੁਮਨ ਛਾਬੜਾ, ਮੁੱਖ ਮਹਿਮਾਨ ਡਾ. ਆਸ਼ਾ ਗਰਗ (ਦਿੱਲੀ ਹਸਪਤਾਲ) ਅਤੇ ਮੁਨੀਸ਼ ਗੁਪਤਾ (ਐਮ.ਸੀ) ਨੇ ਸ਼ਮ੍ਹਾ ਰੌਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਨਾਲ ਕੀਤੀ । ਹੈੱਡ ਲੜਕੇ ਮੀਤਪਾਲ ਨੇ ਸਭ ਦਾ ਨਿੱਘਾ ਸਵਾਗਤ ਕੀਤਾ ਅਤੇ ਹੈੱਡ ਲੜਕੀ ਰਮਨੀਤ ਕੌਰ ਨੇ ਸਕੂਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਇਹ ਸਭ ਦੇ ਚਲਦਿਆਂ ਮੁੱਖ ਮਹਿਮਾਨਾਂ ਨੇ ਸੈਸ਼ਨ 2023-24 ਦੇ ਅਕੈਡਮਿਕ ਟੋਪਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।ਇਸ ਪ੍ਰੋਗਰਾਮ ਵਿੱਚ ਸਕੂਲ ਦੇ ਪ੍ਰੀ-ਪ੍ਰਾਇਮਰੀ ਵਿੰਗ ਦੇ ਬੱਚਿਆਂ ਨੇ ਹਰਿਆਣਵੀ ਅਤੇ ਪੰਜਾਬੀ ਕਲਚਰ ,ਪ੍ਰਾਇਮਰੀ ਅਤੇ ਹਾਈ ਵਿੰਗ ਦੇ ਬੱਚਿਆ ਨੇ ਭੰਗੜਾ, ਗਿੱਧਾ, ਕਲਾਸੀਕਲ ਡਾਂਸ, ਰੋਬੋਟ ਡਾਂਸ, ਵਿਦਿਆਰਥੀ ਜੀਵਨ 'ਤੇ ਅਧਾਰਿਤ ਐਕਟ, ਕਠਪੁਤਲੀ ਡਾਂਸ, ਤਾਈਕਵਾਂਡੋ ਅਤੇ ਸਕਿਟ ਪੇਸ਼ ਕੀਤੀ ।ਇਹ ਸਾਰੇ ਪ੍ਰੋਗਰਾਮ ਦੀ ਤਿਆਰੀ ਵੱਖ-ਵੱਖ ਸਟਾਫ ਮੈਂਬਰ ਮੈਡਮ ਸ਼ਿਫਾਲੀ, ਨਿਕਿਤਾ, ਨਿਸ਼ਠਾ, ਏਕਤਾ, ਪੂਨਮ ਤਨੇਜਾ, ਪੂਜਾ ਸ਼ਰਮਾ, ਰਣਦੀਪ ਅਤੇ ਮੈਡਮ ਪਰਮਪਾਲ ਵੱਲੋਂ ਕਰਵਾਈ ਗਈ। ਪੂਰੇ ਪ੍ਰੋਗਰਾਮ ਦੌਰਾਨ ਵਾਈਸ ਪ੍ਰਿੰਸੀਪਲ ਸੋਨੀਆ ਰਾਣੀ, ਕੋਆਰਡੀਨੇਟਰ ਪੂਨਮ ਸ਼ਰਮਾ, ਅਮਨਦੀਪ ਕੌਰ, ਸਟੈਫੀ, ਮੋਨਿਕਾ ਅਤੇ ਕੁਲਦੀਪ ਸਰ ਨੇ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸ੍ਰੀਮਤੀ ਪੁਪਿੰਦਰ ਕੌਰ, ਰਜਨੀ, ਪਰਵੀਨ ਕੌਰ, ਸੁਖਵੀਰ ਕੌਰ , ਰਵਿੰਦਰਪਾਲ ਕੌਰ, ਮਨਪ੍ਰੀਤ ਕੌਰ, ਜੋਤੀ ਕੌਰ, ਨਿਸ਼ੂ, ਸੁਨੀਤਾ, ਮਨਜੀਤ ਕੌਰ ,ਅੰਕਿਤ ਸਰ, ਜੋਤੀ ਕੌਰ, ਜੋਤੀ, ਰਜਨੀ ਖਾਨ ਅਤੇ ਅਰਮਨ ਕੌਰ ਅਧਿਆਪਕਾਂ ਨੇ ਖਾਸ ਭੂਮਿਕਾ ਨਿਭਾਈ।

ਚੋਰੀ ਕੀਤੇ ਗਹਿਣਿਆਂ ਤੇ ਵਿਦੇਸ਼ੀ ਕਰੰਸੀ ਸਮੇਤ 1 ਵਿਅਕਤੀ ਕਾਬੂ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਗੌਰਵ ਤੂਰਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਵਲੋ ਮਾੜੇ ਅਨਸਰਾਂ 'ਤੇ ਇੰਸਪੈਕਟਰ ਬਲਵਿੰਦਰ ਸਿੰਘ ਭੁੱਲਰ ਮੁੱਖ ਅਫਸਰ ਥਾਣਾ ਸਦਰ ਫਗਵਾੜਾ ਵੱਲੋਂ ਬੀਐਨਐਸ ਥਾਣਾ ਸਦਰ ਫਗਵਾੜਾ ਵਿੱਚ ਦਰਜ ਇੱਕ ਮਾਮਲੇ ਦੇ ਕਥਿਤ ਦੋਸ਼ੀ ਲਖਵੀਰ ਉਰਫ ਲੱਖਾ ਪੁੱਤਰ ਦਰਸ਼ਨ ਵਾਸੀ ਪਲਾਹੀ ਥਾਣਾ ਸਦਰ ਫਗਵਾੜਾ ਨੂੰ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ, ਜਿਸ ਨੇ ਮੁਦਈ ਮੁੱਕਦਮਾ ਪਿਆਰਾ ਸਿੰਘ ਵਾਸੀ ਪਲਾਹੀ ਦੇ ਘਰੋਂ ਮਿਤੀ 12-12-24 ਰਾਤ ਚੋਰੀ ਕੀਤੇ ਕੀਤੇ ਸੋਨੇ ਦੇ ਗਹਿਣੇ ਤੇ ਡਾਲਰ ਆਪਣੇ ਘਰੋਂ ਰਸੋਈ ਵਿੱਚੋਂ ਬ੍ਰਾਮਦ ਕਰਵਾਏ ਹਨ। ਮਜੀਦ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਹੋਰ ਖੁਲਾਸੇ ਹੋਣ ਦੀ ਉਮਰੀਦ ਹੈ।

ਨੂੰ ਗ੍ਰਿਫਤਾਰ ਕਰਨ ਲਈ ਚਲਾਈ ਮੁਹਿਮ ਤਹਿਤ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਸ ਕਪਤਾਨ ਸਬ-ਡਵੀਜ਼ਨ ਫਗਵਾੜਾ ਅਤੇ ਭਰਤ ਭੂਸ਼ਣ ਉਪ-ਪੁਲਸ ਕਪਤਾਨ ਸਬ ਡਵੀਜ਼ਨ ਫਗਵਾੜਾ ਦੇ ਦਿਸ਼ਾ ਨਿਰਦੇਸ਼ਾਂ

ਮਾਤਾ ਸ਼ਾਂਤਾ ਰਾਣੀ ਨੂੰ ਭਰਪੂਰ ਸ਼ਰਧਾਂਜਲੀਆਂ

ਸ਼ਾਹਕੋਟ (ਗਿਆਨ ਸੈਦਪੁਰੀ)

ਅਰੋੜਾ ਮਹਾਂ ਸਭਾ ਦੇ ਪ੍ਰਧਾਨ ਤੇ ਕਾਂਗਰਸੀ ਆਗੂ ਬੰਟੀ ਬੱਠਲਾ ਅਤੇ ਸਤੀਸ਼ ਬੱਠਲਾ ਦੀ ਮਾਤਾ ਸ਼ਾਂਤਾਰਾਣੀ ਨੂੰ ਭਰਪੂਰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਉਹ ਪਿਛਲੇ ਦਿਨੀਂ ਵਿਛੋੜਾ ਦੇ ਗਏ ਸਨ। ਸ਼ਰਧਾਂਜਲੀ ਭੇਂਟ ਕਰਦਿਆਂ ਵੱਖ-ਵੱਖ ਆਗੂਆਂ ਨੇ ਜਿੱਥੇ ਮਾਂ ਦੀ ਮਮਤਾ ਬਾਰੇ ਭਾਵ ਪੂਰਤ ਸ਼ਬਦਾਂ ਵਿੱਚ ਵਰਣਨ ਕੀਤਾ ਉੱਥੇ ਬੱਠਲਾ ਪਰਵਾਰ ਦੀ ਸਿਆਸੀ ਤੇ ਸਮਾਜੀ ਪ੍ਰਤਿਸ਼ਠਾ ਦਾ ਵੀ ਜ਼ਿਕਰ ਕੀਤਾ। ਸਾਬਕਾ ਕੈਬਨਟ ਮੰਤਰੀ ਰਾਣਾ ਗੁਰਜੀਤ ਸਿੰਘ ਨੇ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਮਾਤਾ ਜੀ ਨੇ ਆਪਣੇ ਪੁੱਤਰਾਂ ਧੀਆਂ ਨੂੰ ਚੰਗੇ ਸੰਸਕਾਰ ਦਿੱਤੇ। ਇਹੀ ਕਾਰਨ ਹੈ ਕਿ ਉਨਾਂ ਨੇ ਸਮਾਜਿਕ ਸਰੋਕਾਰਾਂ ਨੂੰ ਕਦੇ ਨਹੀਂ ਵਿਸਾਰਿਆ।ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਨੇ ਸ਼ੋਕ ਸਮਾਗਮ ਵਿੱਚ ਸ਼ਾਮਿਲ ਸੰਗਤਾਂ ਦਾ ਧੰਨਵਾਦ ਕਰਦਿਆਂ ਬੱਠਲਾ ਪਰਵਾਰ ਨਾਲ ਆਪਣੀਆਂ ਮੋਹ ਭਿੱਜੀਆਂ ਸਾਂਝਾਂ ਨੂੰ ਚੇਤੇ ਕੀਤਾ। ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਨੇ ਸਟੇਜ ਸੰਚਾਲਨ ਕਰਦਿਆਂ ਮਾਂ ਦੇ ਰਿਸ਼ਤੇ ਦੀ ਉਤਸਤਾ ਦੀਆਂ ਮਿਸਾਲਾਂ ਦੇ ਕੇ ਦੱਸਿਆ ਕਿ ਇਹ ਰਿਸ਼ਤਾ ਪਾਕੀਜ਼ਗੀ ਦੇ ਅਰਥਾਂ ਨੂੰ ਪਰਿਭਾਸ਼ਿਤ ਕਰਦਾ ਹੈ। ਇਸ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਸ਼ਵਿੰਦਰ ਪਾਲ ਸਿੰਘ ਖੈਹਿਰਾ ਚੇਅਰਮੈਨ ਸ਼ੂਗਰ ਮਿੱਲ ਨਕੋਦਰ, ਜਥੇਦਾਰ ਸੁਲੱਖਣ ਸਿੰਘ ਨਿਮਾਜੀਪੁਰ, ਸੁਰਿੰਦਰਜੀਤ ਸਿੰਘ ਚੱਠਾ ਤੇ ਗੁਲਜਾਰ ਸਿੰਘ ਥਿੰਦ (ਦੋਵੇਂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ), ਡਾਕਟਰ ਜਗਤਾਰ ਸਿੰਘ ਚੰਦੀ ਸਾਬਕਾ ਮੈਂਬਰ ਸਟੀਲ ਅਥਾਰਟੀ ਆਫ ਇੰਡੀਆ, ਸੁਖਦੀਪ ਸਿੰਘ ਕੰਗ ਪੀ. ਏ, ਹਰਦੇਵ ਸਿੰਘ ਪੀਟਾ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਤਰਲੋਕ ਸਿੰਘ ਰੂਪਰਾ ਪ੍ਰਧਾਨ ਰਾਮਗੜ੍ਹੀਆ ਪਬਲਿਕ ਸਕੂਲ, ਸੁਖਪਾਲ ਸਿੰਘ ਦੇਵਗੁਣ, ਵਰਿੰਦਰ ਕੁਮਾਰ ਚੌਧਰੀ,ਪਵਨ ਕੁਮਾਰ ਅੱਗਰਵਾਲ ਸਾਬਕਾ ਮੈਂਬਰ ਨਗਰ ਪੰਚਾਇਤ, ਬਿੱਲੂ ਨਾਹਰ, ਭੀਮਾ ਪਹਿਲਵਾਨ, ਰਾਕੇਸ਼ ਕੁਮਾਰ, ਸੇਵਾ ਮੁਕਤ ਬੀ. ਪੀ. ਏ ਓ, ਮਾਸਟਰ ਜਤਿੰਦਰ ਪਾਲ ਸਿੰਘ ਬੱਲ੍ਹਾ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਭਾਰਤ ਭੂਸ਼ਣ ਸਚਦੇਵਾ, ਨਰੇਸ਼ ਅਰੋੜਾ (ਜਲੰਧਰ), ਮਦਨ ਲਾਲ ਅਰੋੜਾ ਸਮਾਜ ਸੇਵਕ, ਸੇਵਾ ਸਿੰਘ ਚੱਠਾ ਯੂਕੇ, ਟਿੰਪੀ ਕੁਮਾਰ, ਗਗਨ ਜਿੰਦਲ, ਸੈਂਟੀ ਚਾਵਲਾ, ਸੋਨੀ ਬਜਾਜ ਆਦਿ ਮੌਜੂਦ ਸਨ।

ਸ਼ਰਧਾਂਜਲੀ ਭੇਟ ਕਰਦੇ ਹੋਏ ਰਾਣਾ ਗੁਰਜੀਤ ਸਿੰਘ ਤੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ।

ਰਵਿੰਦਰ ਕੌਰ ਮੀਡੀਆ ਸਲਾਹਕਾਰ ਨਿਯੁਕਤ

ਜਲੰਧਰ (ਰਾਜੇਸ਼ ਥਾਪਾ)-ਸੀਨੀਅਰ ਪੱਤਰਕਾਰ ਰਵਿੰਦਰ ਕੌਰ ਨੂੰ ਅਖਿਲ ਭਾਰਤੀ ਖਪਤਕਾਰ ਭਲਾਈ ਕੌਂਸਲ ਦੀ ਮਹਿਲਾ ਵਿੰਗ (ਚੰਡੀਗੜ੍ਹ) ਦੀ ਮੀਡੀਆ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ।ਚੰਡੀਗੜ੍ਹ/ਪੰਜਾਬ ਇਕਾਈ ਦੇ ਪ੍ਰਧਾਨ ਇਕਬਾਲ ਸਿੰਘ ਬੱਲ, ਕੌਮੀ ਸੰਗਠਨ ਸਕੱਤਰ AICWC ਮਹਿਲਾ ਸਾਧਨਾ, ਜੀ.ਬਰਮਨ (ਹਿਮਾਚਲ), ਜ਼ੋਨਲ ਇੰਚਾਰਜ ਪ੍ਰਧਾਨ ਗੁਰਵੇਜ਼ ਸਿੰਘ ਢਿੱਲੋਂ (ਹਰਿਆਣਾ), ਜ਼ੋਨਲ ਇੰਚਾਰਜ ਸਕੱਤਰ ਰਿਤੂ ਭਾਰਤੀ (ਹਿਮਾਚਲ), ਰਾਸ਼ਟਰੀ ਇਨਵਾਈਟੀ ਪ੍ਰਧਾਨ ਸੂਰਜ ਪ੍ਰਕਾਸ਼ (ਜੰਮੂ ਅਤੇ ਕਸ਼ਮੀਰ) ਚੰਡੀਗੜ੍ਹ, ਮਹਿਲਾ ਪ੍ਰਧਾਨ ਜੀ. ਸ਼ਰਮਾ, ਰਾਸ਼ਟਰੀ ਚੇਅਰਮੈਨ ਵਿਕਾਸ ਸਨਾਈ (ਮੁੰਬਈ), ਰਾਸ਼ਟਰੀ ਸੰਗਠਨ ਸਕੱਤਰ ਅਭਿਸ਼ੇਕ ਮਿਥਾਈ (ਕੇਰਲਾ), ਰਾਜਨ (ਮਦੁਰ